@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Qaumi Patrika NO.1

Punjabi National Daily

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Sunday, 22 September 2024

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਐਤਵਾਰ 22 ਸਤੰਬਰ 2024, 7 ਅੱਸੂ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 317, qpatrika@gmail.com ਫੋਨ : 9971359517 www.qaumipatrika.org

# ਦਿੱਲੀ ਦੀ ਮੁੱਖ ਮੰਤਰੀ ਬਣੀ ਆਤਿਸ਼ੀ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 21 ਸਤੰਬਰ। ਅਰਵਿੰਦ ਕੇਜਰੀਵਾਲ ਦੇ ਅਸਤੀਫੇ ਮਗਰੋਂ ਦਿੱਲੀ ਨੂੰ ਅੱਜ ਯਾਨੀ ਕਿ ਸ਼ਨੀਵਾਰ ਨੂੰ ਨਵਾਂ ਮੁੱਖ ਮੰਤਰੀ ਮਿਲ ਗਿਆ ਹੈ। ਉੱਪ ਰਾਜਪਾਲ ਸਕੱਤਰੇਤ ਵਿਚ ਆਯੋਜਿਤ ਸਹੁੰ ਚੁੱਕ ਸਮਾਰੋਹ ਵਿਚ ਆਤਿਸ਼ੀ ਦਿੱਲੀ ਦੇ ਮੁੱਖ ਮੰਤਰੀ ਅਹੁਦੇ ਦੀ ਸਹੁੰ ਚੁੱਕੀ। ਆਤਿਸ਼ੀ ਨਾਲ 4 ਪੁਰਾਣੇ ਮੰਤਰੀਆਂ ਨੇ ਵੀ ਮੰਤਰੀ ਅਹੁਦੇ ਦੀ ਸਹੁੰ ਚੁੱਕੀ। ਇਨ੍ਹਾਂ ਵਿਚ ਗੋਪਾਲ ਰਾਏ, ਕੈਲਾਸ਼ ਗਹਿਲੋਤ, ਸੌਰਭ ਭਾਰਦਵਾਜ, ਇਮਰਾਨ ਹੁਸੈਨ ਅਤੇ ਨਵੇਂ ਮੈਂਬਰ ਮੁਕੇਸ਼ ਅਹਲਾਵਤ ਨੇ ਮੰਤਰੀ ਵਜੋਂ ਸਹੁੰ ਚੁੱਕੀ। ਆਤਿਸ਼ੀ ਦਿੱਲੀ ਦੀ ਤੀਜੀ ਮੁੱਖ ਮੰਤਰੀ ਬਣੀ ਹੈ। ਦੱਸਣਯੋਗ ਹੈ ਕਿ ਕੇਜਰੀਵਾਲ 13 ਸਤੰਬਰ ਨੂੰ ਆਬਕਾਰੀ ਨੀਤੀ ਮਾਮਲੇ 'ਚ 5 ਮਹੀਨੇ ਤੋਂ ਵੱਧ ਸਮੇਂ ਤੱਕ ਤਿਹਾੜ ਜੇਲ੍ਹ 'ਚ ਰਹਿਣ ਤੋਂ ਬਾਅਦ ਬਾਹਰ ਆਏ। ਜਿਸ ਤੋਂ ਬਾਅਦ ਉਨ੍ਹਾਂ ਨੇ ਮੁੱਖ ਮੰਤਰੀ ਅਹੁਦੇ ਤੋਂ ਅਸਤੀਫਾ ਦੇ ਦਿੱਤਾ ਸੀ। ਅਰਵਿੰਦ ਕੇਜਰੀਵਾਲ ਦਾ ਅਸਤੀਫਾ ਮਨਜ਼ੂਰ ਕਰਦੇ ਹੋਏ ਰਾਸ਼ਟਰਪਤੀ ਨੇ ਆਮ ਆਦਮੀ ਪਾਰਟੀ ਦੀ ਨੇਤਾ ਆਤਿਸ਼ੀ ਨੂੰ ਦਿੱਲੀ ਦੀ ਮੁੱਖ ਮੰਤਰੀ ਨਿਯੁਕਤ ਕਰ ਦਿੱਤਾ ਹੈ। ਇਸ ਦੇ ਨਾਲ ਹੀ ਰਾਸ਼ਟਰਪਤੀ ਨੇ 5 ਮੰਤਰੀਆਂ ਦੀ ਨਿਯੁਕਤੀ ਨੂੰ ਵੀ ਮਨਜ਼ੂਰੀ ਦੇ ਦਿੱਤੀ ਹੈ। ਸਾਰਿਆਂ ਨੂੰ ਸਹੁੰ ਚੁੱਕ ਸਮਾਰੋਹ ਨੂੰ ਰਾਜ ਭਵਨ ਬੁਲਾਇਆ ਗਿਆ ਹੈ। ਦਰਅਸਲ ਕੇਜਰੀਵਾਲ ਵਲੋਂ ਉੱਪ ਰਾਜਪਾਲ ਵੀ.ਕੇ. ਸਕਸੈਨਾ ਨੂੰ ਦਿੱਲੀ ਦੇ ਮੁੱਖ ਮੰਤਰੀ ਅਹੁਦੇ ਤੋਂ ਅਸਤੀਫਾ ਦੇਣ ਤੋਂ ਬਾਅਦ ਸਰਕਾਰ ਗਠਨ ਦੀਆਂ ਫਾਈਲਾਂ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੂੰ ਉਨ੍ਹਾਂ ਦੀ ਮਨਜ਼ੂਰੀ ਲਈ ਭੇਜੀਆਂ ਸਨ।



## ਰਾਹੁਲ ਗਾਂਧੀ ਦੀ ਜਾਨ ਨੂੰ ਖਤਰਾ : ਸੰਜੇ ਰਾਊਤ

ਮੁੰਬਈ, 21 ਸਤੰਬਰ। ਸਿਵ ਸੈਨਾ (ਊਧਵ ਬਾਲਾ ਸਾਹਿਬ ਠਾਕਰੇ) ਦੇ ਸੀਨੀਅਰ ਨੇਤਾ ਸੰਜੇ ਰਾਊਤ ਨੇ ਕਿਹਾ ਹੈ ਕਿ ਲੋਕ ਸਭਾ 'ਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਜਾਨ ਨੂੰ ਖਤਰਾ ਹੈ। ਉਨ੍ਹਾਂ ਵਿਰੁੱਧ ਸਾਜਿ?ਸਾਂ ਰਚੀਆਂ ਜਾ ਰਹੀਆਂ ਹਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਸੂਬੇ ਦੀ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਅਤੇ ਸਿ?ਵ ਸੈਨਾ ਦੇ ਆਗੂਆਂ ਵੱਲੋਂ ਕੀਤੀਆਂ ਗਈਆਂ ਟਿੱਪਣੀਆਂ ਦੀ ਨਿੰਦਾ ਕੀਤੀ । ਉਨ੍ਹਾਂ ਅਜਿਹੀਆਂ ਟਿੱਪਣੀਆਂ ਪਿੱਛੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ



ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਦੀ 'ਚੁੱਪ' 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਦਿੱਲੀ, ਲਖਨਊ ਤੇ ਮਹਾਰਾਸਟਰ ਦੇ ਆਗੂ ਇੱਕੋ ਜਿਹੀ ਭਾਸਾ ਬੋਲ ਰਹੇ ਹਨ ਜਿਵੇਂ ਰਾਹੁਲ ਗਾਂਧੀ ਦਾ ਹਸ਼ਰ ਉਨ੍ਹਾਂ ਦੀ ਦਾਦੀ ਇੰਦਰਾ ਗਾਂਧੀ ਤੇ ਪਿਤਾ ਰਾਜੀਵ ਗਾਂਧੀ ਵਰਗਾ ਹੋਵੇਗਾ। ਗ੍ਰਹਿ ਮੰਤਰੀ ਤੇ ਪ੍ਰਧਾਨ ਮੰਤਰੀ ਕੋਈ ਕਾਰਵਾਈ ਨਹੀਂ ਕਰ ਰਹੇ। ਇਸ ਦਾ ਮਤਲਬ ਹੈ ਕਿ ਉਹ ਅਜਿਹੀਆਂ ਟਿੱਪਣੀਆਂ ਕਰਨ ਵਾਲੇ ਲੋਕਾਂ ਦੇ ਨਾਲ ਹਨ। ਉਨ੍ਹਾਂ ਕਿਹਾ ਕਿ ਅਸੀਂ ਅਜਿਹੀਆਂ ਟਿੱਪਣੀਆਂ ਕਰਨ ਵਾਲਿਆਂ ਦੇ ਨਾਲ ਹੀ ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਦੀ ਚੁੱਪ ਦੀ ਵੀ ਨਿੰਦਾ ਕਰਦੇ ਹਾਂ। ਰਾਹੁਲ ਵਿਰੋਧੀ ਧਿਰ ਦੇ ਨੇਤਾ ਹਨ ਅਤੇ ਉਨ੍ਹਾਂ ਕੋਲ ਕੈਬਨਿਟ ਮੰਤਰੀ ਦਾ ਰੈਂਕ ਹੈ। ਸਿ?ਵ ਸੈਨਾ ਦੇ ਰਾਜ ਸਭਾ ਦੇ ਮੈਂਬਰ ਨੇ ਕਿਹਾ ਕਿ ਜਦੋਂ ਭਾਜਪਾ ਦੇ ਆਗੂ ਰਾਹੁਲ 'ਤੇ ਹਮਲਾ ਕਰਨ ਦੀ ਗੱਲ ਕਰਦੇ ਹਨ ਤਾਂ ਪ੍ਰਧਾਨ ਮੰਤਰੀ ਅਤੇ ਗ੍ਰਹਿ ਮੰਤਰੀ ਚੁੱਪ ਰਹਿੰਦੇ ਹਨ। ਇਸ ਨੂੰ ਬਰਦਾਸਤ ਨਹੀਂ ਕੀਤਾ ਜਾ ਸਕਦਾ।

## ਆਂਧਰਾ ਪ੍ਰਦੇਸ਼ ਕੈਬਨਿਟ ਨੇ ਨਵੀਂ ਆਬਕਾਰੀ ਨੀਤੀ ਨੂੰ ਦਿੱਤੀ ਮਨਜ਼ੂਰੀ

ਅਮਰਾਵਤੀ 21 ਸਤੰਬਰ। ਆਂਧਰਾ ਪ੍ਰਦੇਸ ਦੇ ਮੁੱਖ ਮੰਤਰੀ ਐਨ ਚੰਦਰਬਾਬੂ ਨਾਇਡੂ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਨੇ ਬੁੱਧਵਾਰ ਨੂੰ ਨਵੀਂ ਆਬਕਾਰੀ ਨੀਤੀ ਅਤੇ ਵਿਧਾਨ ਸਭਾਵਾਂ ਵਿੱਚ ਪੱਛੜੀਆਂ ਸ੍ਰੇਣੀਆਂ ਲਈ 33 ਫੀਸਦੀ ਰਾਖਵੇਂਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸਕੱਤਰੇਤ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੂਚਨਾ ਤੇ ਲੋਕ ਸੰਪਰਕ ਮੰਤਰੀ ਕੇ ਪਾਰਥਸਾਰਥੀ ਨੇ ਕਿਹਾ ਕਿ ਨਵੀਂ ਆਬਕਾਰੀ ਨੀਤੀ 1 ਅਕਤੂਬਰ ਤੋਂ ਲਾਗੂ ਹੋਵੇਗੀ। ਪਾਰਥਸਾਰਥੀ ਨੇ ਕਿਹਾ, "ਪ੍ਰਬੰਧਨ ਕੁਸਲਤਾ ਵਧਾਉਣ ਦੀ ਕੋਸਿ?ਸ ਵਿੱਚ, ਕੈਬਨਿਟ ਨੇ ਸਰਾਬ ਦੀ ਵਿਕਰੀ ਲਈ ਨਿੱਜੀ ਪ੍ਰਚੂਨ ਪ੍ਰਣਾਲੀ ਨੂੰ ਅਪਣਾਉਣ ਦਾ ਫੈਸਲਾ ਕੀਤਾ ਹੈ। ਸੂਬੇ ਦੇ 3,736 ਰਿਟੇਲ ਆਊਟਲੇਟਾਂ ਵਿੱਚੋਂ 10 ਫੀਸਦੀ ਟੌਡੀ ਟੈਪਿੰਗ ਕਮਿਊਨਿਟੀ ਨੂੰ ਅਲਾਟ ਕੀਤੇ ਜਾਣਗੇ। ਮੰਤਰੀ ਮੰਡਲ ਨੇ ਪੱਛੜੀਆਂ ਸ੍ਰੇਣੀਆਂ ਨੂੰ ਵਿਧਾਨਕ ਸੰਸਥਾਵਾਂ ਵਿੱਚ 33 ਫੀਸਦੀ ਰਾਖਵਾਂਕਰਨ ਦੇਣ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦੇ ਦਿੱਤੀ ਹੈ ਅਤੇ ਸੂਬੇ ਵਿੱਚ 'ਆਰਟੀਫੀਸ਼ੀਅਲ ਇੰਟੈਲੀਜੈਂਸ ਯੂਨੀਵਰਸਿਟੀ' ਅਤੇ ਹੁਨਰ ਅਕੈਡਮੀ ਸਥਾਪਤ ਕਰਨ ਦਾ ਵੀ ਫੈਸਲਾ ਕੀਤਾ ਹੈ।

## ਮਹਿਲਾ ਵਕੀਲ ਵਿਰੁੱਧ ਜੱਜ ਦੀ ਇਤਰਾਜਯੋਗ ਟਿੱਪਣੀ, ਸੁਪਰੀਮ ਕੋਰਟ ਨੇ ਹਾਈ ਕੋਰਟ ਤੋਂ ਮੰਗੀ ਰਿਪੋਰਟ

ਨਵੀਂ ਦਿੱਲੀ, 21 ਸਤੰਬਰ। ਸੁਪਰੀਮ ਕੋਰਟ ਨੇ ਅਦਾਲਤੀ ਕਾਰਵਾਈ ਦੌਰਾਨ ਇਕ ਮਹਿਲਾ ਵਕੀਲ ਵਿਰੁੱਧ ਕਰਨਾਟਕ ਹਾਈ ਕੋਰਟ ਦੇ ਜੱਜ ਦੀਆਂ ਕਥਿਤ ਵਿਵਾਦਪੂਰਨ ਅਤੇ ਇਤਰਾਜਯੋਗ ਟਿੱਪਣੀਆਂ ਦਾ ਖੁਦ ਨੋਟਿਸ ਲਿਆ। ਅਦਾਲਤੀ ਕਾਰਵਾਈ ਦੌਰਾਨ ਹਾਈ ਕੋਰਟ ਦੇ ਜੱਜ ਵੇਦਵਿਆਸਾਚਾਰੀਆ ਸ੍ਰੀਸਾਨੰਦ ਦੀਆਂ ਟਿੱਪਣੀਆਂ ਦਾ ਨੋਟਿਸ ਲੈਂਦਿਆਂ ਚੀਫ



ਜਸਟਿਸ ਡੀ. ਵਾਈ. ਚੰਦਰਚੂੜ ਅਤੇ ਸੀਨੀਅਰ ਜੱਜਾਂ ਦੀ 5 ਮੈਂਬਰੀ ਬੈਂਚ ਬੈਠੀ। ਬੈਂਚ ਨੇ ਜੱਜ ਦੀ ਟਿੱਪਣੀ 'ਤੇ ਹਾਈ ਕੋਰਟ ਤੋਂ ਰਿਪੋਰਟ ਮੰਗੀ ਹੈ। ਚੀਫ ਜਸਟਿਸ ਨੇ ਕਿਹਾ ਕਿ ਅਦਾਲਤ ਦੀ ਕਾਰਵਾਈ ਦੌਰਾਨ ਕਰਨਾਟਕ ਹਾਈ ਕੋਰਟ ਦੇ ਜੱਜ ਦੀ ਟਿੱਪਣੀ ਬਾਰੇ ਮੀਡੀਆ ਰਿਪੋਰਟਾਂ ਦਾ ਨੋਟਿਸ ਲਿਆ ਗਿਆ ਹੈ। ਅਸੀਂ ਕਰਨਾਟਕ ਹਾਈ ਕੋਰਟ ਨੂੰ ਅਪੀਲ ਕਰਦੇ ਹਾਂ ਕਿ ਹਾਈ ਕੋਰਟ ਦੇ ਚੀਫ ਜਸਟਿਸ ਤੋਂ ਹਦਾਇਤਾਂ ਲੈ ਕੇ ਰਿਪੋਰਟ ਪੇਸ ਕੀਤੀ ਜਾਵੇ। ਬੈਂਚ ਵਿਚ ਜਸਟਿਸ ਸੰਜੀਵ ਖੰਨਾ, ਜਸਟਿਸ ਬੀ. ਆਰ. ਗਵਈ, ਜਸਟਿਸ ਸੂਰਿਆ ਕਾਂਤ ਅਤੇ ਜਸਟਿਸ ਰਿਸੀਕੇਸ ਰਾਏ ਸਾਮਲ ਸਨ।

## ਬਿਹਾਰ 'ਚ ਘਰਾਂ ਨੂੰ ਸਾੜਨ ਦੇ ਮਾਮਲੇ ਦੀ ਸਖਤ ਹੋਵੇ ਕਾਨੂੰਨੀ ਕਾਰਵਾਈ: ਮਾਇਆਵਤੀ

ਲਖਨਊ 21 ਸਤੰਬਰ। ਬਹੁਜਨ ਸਮਾਜ ਪਾਰਟੀ ਦੀ ਪ੍ਰਧਾਨ ਮਾਇਆਵਤੀ ਨੇ ਬਿਹਾਰ ਦੇ ਨਵਾਦਾ ਜਿ?ਲ੍ਹੇ ਵਿੱਚ ਦਲਿਤਾਂ ਦੇ ਕਈ ਘਰਾਂ ਨੂੰ ਸਾੜਨ ਦੇ ਮਾਮਲੇ ਵਿੱਚ ਸੂਬਾ ਸਰਕਾਰ ਤੋਂ ਸਖਤ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ। ਉੱਤਰ ਪ੍ਰਦੇਸ ਦੇ ਸਾਬਕਾ ਮੁੱਖ ਮੰਤਰੀ ਨੇ



ਗਰੀਬ ਪੀੜਤਾਂ ਦੇ ਮੁੜ ਵਸੇਬੇ ਲਈ ਸਰਕਾਰ ਤੋਂ ਪੂਰੀ ਵਿੱਤੀ ਮਦਦ ਦੀ ਮੰਗ ਵੀ ਕੀਤੀ। ਮਾਇਆਵਤੀ ਨੇ ਐਕਸ 'ਤੇ ਪੋਸਟ ਕੀਤਾ, "ਬਿਹਾਰ ਦੇ ਨਵਾਦਾ ਵਿੱਚ ਗੁੰਡਿਆਂ ਵੱਲੋਂ ਗਰੀਬ ਦਲਿਤਾਂ ਦੇ ਕਈ ਘਰਾਂ ਨੂੰ ਸਾੜ ਕੇ ਸੁਆਹ ਕਰਨ ਦੀ ਘਟਨਾ ਬਹੁਤ ਹੀ ਦੁਖਦਾਈ ਅਤੇ ਗੰਭੀਰ ਹੈ। ਸਰਕਾਰ ਦੋਸੀਆਂ ਖਿ?ਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੇ ਨਾਲ-ਨਾਲ ਪੀੜਤਾਂ ਦੇ ਮੁੜ ਵਸੇਬੇ ਲਈ ਵੀ ਪੂਰੀ ਆਰਥਿਕ ਮਦਦ ਕਰਨੀ ਚਾਹੀਦੀ ਹੈ।" ਸਥਾਨਕ ਪੁਲਸ ਮੁਤਾਬਕ ਬਿਹਾਰ ਦੇ ਨਵਾਦਾ ਜਿ?ਲ੍ਹੇ ਦੇ ਮੁਫਾਸਿਲ ਥਾਣਾ ਖੇਤਰ ਦੇ ਮਾਂਝੀ ਟੋਲਾ 'ਚ ਬੁੱਧਵਾਰ ਸਾਮ ਨੂੰ ਲੋਕਾਂ ਦੇ ਇਕ ਸਮੂਹ ਨੇ 21 ਘਰਾਂ ਨੂੰ ਅੱਗ ਲਗਾ ਦਿੱਤੀ। ਹਾਲਾਂਕਿ ਇਸ ਘਟਨਾ 'ਚ ਕੋਈ ਜਾਨੀ ਨੁਕਸਾਨ ਨਹੀਂ ਹੋਇਆ।

## ਔਰਤ ਨੇ ਅਚਾਨਕ ਮੈਟਰੋ ਟਰੇਨ ਦੇ ਅੱਗੇ ਮਾਰ'ਤੀ ਛਾਲ ਤੇ ਫਿਰ

ਨੈਸ਼ਨਲ ਡੈਸਕ 21 ਸਤੰਬਰ। ਦੇਸ ਦੀ ਰਾਜਧਾਨੀ ਦਿੱਲੀ ਦੇ ਪੀਤਮਪੁਰਾ ਮੈਟਰੋ ਸਟੇਸਨ 'ਤੇ ਇਕ ਔਰਤ ਨੇ ਖੁਦਕੁਸੀ ਕਰਨ ਦੇ ਇਰਾਦੇ ਨਾਲ ਚੱਲਦੀ ਮੈਟਰੋ ਦੇ ਅੱਗੇ ਛਾਲ ਮਾਰ ਦਿੱਤੀ। ਅਧਿਕਾਰੀਆਂ ਨੇ ਦੱਸਿਆ ਕਿ ਸੁੱਕਰਵਾਰ ਦੁਪਹਿਰ ਨੂੰ ਚੱਲਦੀ ਮੈਟਰੋ ਟਰੇਨ ਦੇ ਸਾਹਮਣੇ ਛਾਲ ਮਾਰਨ ਤੋਂ ਬਾਅਦ 53 ਸਾਲਾ ਔਰਤ ਗੰਭੀਰ ਰੂਪ ਨਾਲ ਜਖਮੀ ਹੋ ਗਈ। ਘਟਨਾ ਕਾਰਨ ਦਿੱਲੀ ਮੈਟਰੋ ਦੀ ਰੈੱਡ ਲਾਈਨ 'ਤੇ ਸੇਵਾ ਵੀ ਕੁਝ ਸਮੇਂ ਲਈ ਠੱਪ ਰਹੀ। ਤੁਹਾਨੂੰ ਦੱਸ ਦੇਈਏ ਕਿ ਰੈੱਡ ਲਾਈਨ ਮੈਟਰੋ ਦਿੱਲੀ ਦੇ ਰਿਠਾਲਾ ਤੋਂ ਉੱਤਰ ਪ੍ਰਦੇਸ ਦੇ ਗਾਜੀਆਬਾਦ (ਨਵਾਂ ਬੱਸ ਸਟੈਂਡ) ਤੱਕ ਚੱਲਦੀ ਹੈ। ਨਿਊਜ਼ ਏਜੰਸੀ ਮੁਤਾਬਕ ਇਕ ਅਧਿਕਾਰੀ ਨੇ ਦੱਸਿਆ ਕਿ ਮੈਟਰੋ ਪੁਲਸ ਨੂੰ ਦੁਪਹਿਰ 2.23 'ਤੇ ਪੀਤਮਪੁਰਾ ਮੈਟਰੋ ਸਟੇਸਨ 'ਤੇ ਇਕ ਔਰਤ ਦੇ ਟਰੇਨ ਅੱਗੇ ਛਾਲ ਮਾਰਨ ਦੀ ਸੂਚਨਾ ਮਿਲੀ ਸੀ। ਗੰਭੀਰ ਰੂਪ 'ਚ ਜਖਮੀ ਔਰਤ ਨੂੰ ਮੈਟਰੋ ਸਟਾਫ ਨੇ ਰੋਹਿਣੀ ਦੇ ਬੀ.ਐੱਸ.ਏ. ਹਸਪਤਾਲ 'ਚ ਭਰਤੀ ਕਰਵਾਇਆ ਹੈ। ਅਧਿਕਾਰੀ ਨੇ ਦੱਸਿਆ ਕਿ ਪੁਲਸ ਕਰਮਚਾਰੀਆਂ ਦੀ ਇਕ ਟੀਮ ਮਹਿਲਾ ਨੂੰ ਹਸਪਤਾਲ ਲੈ ਗਈ। ਇਸ ਹਾਦਸੇ 'ਚ ਔਰਤ ਦਾ ਸੱਜਾ ਹੱਥ ਕੱਟਿਆ ਗਿਆ। ਅਧਿਕਾਰੀ ਨੇ ਦੱਸਿਆ ਕਿ ਔਰਤ ਦਾ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ ਅਤੇ ਉਸ ਦੇ ਪਰਿਵਾਰਕ ਮੈਂਬਰਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ। ਪੁਲਸ ਇਸ ਮਾਮਲੇ ਵਿੱਚ ਹੋਰ ਜਾਂਚ ਕਰ ਰਹੀ ਹੈ। ਡੀ.ਐਮ.ਆਰ.ਸੀ. ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਦੁਪਹਿਰ ਕਰੀਬ 2.30 ਵਜੇ ਰੈੱਡ ਲਾਈਨ 'ਤੇ ਪੀਤਮਪੁਰਾ ਮੈਟਰੋ ਸਟੇਸਨ 'ਤੇ ਪਟੜੀ 'ਤੇ ਔਰਤ ਵੱਲੋਂ ਛਾਲ ਮਾਰਨ ਕਾਰਨ 15 ਤੋਂ 20 ਮਿੰਟ ਦੀ ਦੇਰੀ ਹੋਈ, ਜਿਸ ਤੋਂ ਬਾਅਦ ਮੈਟਰੋ ਸੇਵਾ ਨੂੰ ਇਕ ਵਾਰ ਫਿਰ ਤੋਂ ਬਹਾਲ ਕਰ ਦਿੱਤਾ ਗਿਆ।

## ਸੰਦੀਪ ਘੋਸ਼ ਦਾ ਗੁਜਰਾਤ 'ਚ ਨਾਰਕੋ ਟੈਸਟ ਕਰਵਾਉਣਾ ਚਾਹੁੰਦੀ ਹੈ ਸੀਬੀਆਈ, ਕੋਰਟ 'ਚ ਕੀਤਾ ਦਾਅਵਾ

**ਏਜੰਸੀਆਂ**

ਕੋਲਕਾਤਾ 21 ਸਤੰਬਰ। ਸੀਬੀਆਈ ਆਰ. ਜੀ. ਕਰ ਮੈਡੀਕਲ ਕਾਲਜ, ਕੋਲਕਾਤਾ ਦੇ ਸਾਬਕਾ ਪ੍ਰਿੰਸੀਪਲ ਡਾ. ਸੰਦੀਪ ਘੋਸ ਨੂੰ ਨਾਰਕੋ ਵਿਸਲੇਸਣ ਟੈਸਟ ਲਈ ਗੁਜਰਾਤ ਲਿਜਾਣਾ ਚਾਹੁੰਦੀ ਹੈ। ਸੂਤਰਾਂ ਮੁਤਾਬਕ ਜਾਂਚ ਏਜੰਸੀ ਇਸ ਟੈਸਟ ਨੂੰ ਗਾਂਧੀਨਗਰ ਸਥਿਤ ਡਾਇਰੈਕਟੋਰੇਟ ਆਫ ਫੋਰੈਂਸਿਕ ਸਾਇੰਸ 'ਚ ਹੀ ਕਰਵਾਉਣਾ ਚਾਹੁੰਦੀ ਹੈ। ਸੀਬੀਆਈ ਨੇ ਅੱਜ ਅਦਾਲਤ ਵਿਚ ਦਾਅਵਾ ਕੀਤਾ ਕਿ ਜਬਰ-ਜਨਾਹ ਅਤੇ ਕਤਲ ਕੇਸ ਦੀ ਜਾਂਚ ਦੌਰਾਨ ਸੰਦੀਪ ਘੋਸ ਦਾ ਪੌਲੀਗ੍ਰਾਫ ਟੈਸਟ ਪਹਿਲਾਂ ਹੀ ਕਰਵਾਇਆ ਜਾ ਚੁੱਕਾ ਹੈ। ਦੀ ਰਿਪੋਰਟ ਮੁਤਾਬਕ ਕੁਝ ਅਹਿਮ ਮੁੱਦਿਆਂ 'ਤੇ ਉਸ ਦੇ ਬਿਆਨ ਗੁੰਮਰਾਹਕੁੰਨ ਪਾਏ ਗਏ ਹਨ। ਸੀਬੀਆਈ ਦਾ ਦਾਅਵਾ ਹੈ ਕਿ ਇਸ ਅਪਰਾਧ ਪਿੱਛੇ ਵੱਡੀ ਸਾਜਿ?ਸ ਦਾ ਪਤਾ ਲਗਾਉਣ ਅਤੇ ਮੁਲਜਮ ਦੇ ਬਿਆਨ ਦੀ ਪੁਸਟੀ ਕਰਨ ਲਈ ਮੁਲਜਮ ਸੰਦੀਪ ਘੋਸ ਦਾ ਨਾਰਕੋ ਵਿਸਲੇਸਣ ਟੈਸਟ ਜਰੂਰੀ ਹੈ ਤਾਂ ਜੋ ਘਟਨਾ ਬਾਰੇ ਕੁਝ ਸੁਰਾਗ ਮਿਲ ਸਕਣ। ਦੱਸਣਯੋਗ ਹੈ ਕਿ ਨਾਰਕੋ ਟੈਸਟ ਲਈ ਗ੍ਰਿਫਤਾਰ ਮੁਲਜਮ ਦੀ ਸਹਿਮਤੀ ਜਰੂਰੀ ਸੀ ਪਰ ਉਸ ਨੇ ਆਪਣੀ ਸਹਿਮਤੀ ਦੇਣ ਤੋਂ ਇਨਕਾਰ ਕਰ ਦਿੱਤਾ ਹੈ। ਸੰਦੀਪ ਘੋਸ ਤੋਂ ਇਲਾਵਾ ਕੇਂਦਰੀ ਜਾਂਚ ਏਜੰਸੀ ਕੋਲਕਾਤਾ ਦੇ ਪੁਲਸ ਇੰਸਪੈਕਟਰ ਅਭਿਜੀਤ ਮੰਡਲ ਦਾ ਵੀ ਪੌਲੀਗ੍ਰਾਫ ਟੈਸਟ ਕਰਵਾਉਣਾ ਚਾਹੁੰਦੀ ਹੈ। ਸੀਬੀਆਈ ਨੇ



ਅਦਾਲਤ ਵਿਚ ਦਾਅਵਾ ਕੀਤਾ ਕਿ ਹਿਰਾਸਤ ਵਿਚ ਪੁੱਛ-ਪੜਤਾਲ ਦੌਰਾਨ ਮੁਲਜਮ ਅਭਿਜੀਤ ਮੰਡਲ ਨੂੰ ਕੁਝ ਰਿਕਾਰਡ ਅਤੇ ਗਵਾਹਾਂ ਨਾਲ ਰੂਬਰੂ ਕੀਤਾ ਗਿਆ ਅਤੇ ਉਸ ਨੇ ਕੁਝ ਅਹਿਮ ਮੁੱਦਿਆਂ 'ਤੇ ਟਾਲ-ਮਟੋਲ 'ਚ ਜਵਾਬ ਦਿੱਤੇ। ਉਸ ਦੇ ਬਿਆਨ ਦੀ ਪੁਸਟੀ ਲਈ ਮੁਲਜਮ ਅਭਿਜੀਤ ਮੰਡਲ ਦਾ ਪੌਲੀਗ੍ਰਾਫ ਟੈਸਟ ਜਰੂਰੀ ਹੈ। ਸਿਆਲਦਾਹ ਅਦਾਲਤ ਵਿਚ ਸੁਣਵਾਈ ਦੌਰਾਨ ਸੀਬੀਆਈ ਨੇ 2 ਅਰਜੀਆਂ ਦਿੱਤੀਆਂ। ਪਹਿਲੀ ਅਰਜੀ ਗੁਜਰਾਤ ਦੇ ਗਾਂਧੀਨਗਰ ਵਿਚ ਨਾਰਕੋ ਵਿਸਲੇਸਣ ਟੈਸਟ ਲਈ ਮੁਲਜਮ ਸੰਦੀਪ ਘੋਸ ਦੀ ਸਹਿਮਤੀ ਦਰਜ ਕਰਨ ਲਈ ਸੀ, ਜਦੋਂਕਿ ਦੂਜੀ ਅਰਜੀ ਕੋਲਕਾਤਾ ਵਿਚ ਪੌਲੀਗ੍ਰਾਫ ਟੈਸਟ ਕਰਵਾਉਣ ਲਈ ਤਾਲਾ ਥਾਣੇ ਦੇ ਸਾਬਕਾ ਓਸੀ ਅਭਿਜੀਤ ਮੰਡਲ ਦੀ ਸਹਿਮਤੀ ਲਈ ਆਦੇਸ ਪਾਸ ਕਰਨ ਦੀ ਮੰਗ ਕੀਤੀ ਗਈ ਸੀ। ਹੈ। ਸੁਣਵਾਈ ਤੋਂ ਬਾਅਦ ਅਦਾਲਤ ਨੇ ਸੀਬੀਆਈ ਨੂੰ ਹਦਾਇਤ ਕੀਤੀ ਕਿ ਗ੍ਰਿਫਤਾਰ ਕੀਤੇ ਗਏ ਦੋਵੇਂ ਮੁਲਜਮਾਂ ਨੂੰ 23 ਸਤੰਬਰ ਨੂੰ ਅਦਾਲਤ ਵਿਚ ਪੇਸ ਕੀਤਾ ਜਾਵੇ। ਉਸ ਦਿਨ ਸਿਆਲਦਾਹ ਅਦਾਲਤ ਵਿਚ ਮੈਜਿਸਟਰੇਟ ਦੇ ਸਾਹਮਣੇ ਉਨ੍ਹਾਂ ਦੀ ਸਹਿਮਤੀ ਦਰਜ ਕੀਤੀ ਜਾਵੇਗੀ ਜਿਸ ਤੋਂ ਬਾਅਦ ਅਦਾਲਤ ਆਪਣਾ ਹੁਕਮ ਜਾਰੀ ਕਰੇਗੀ।

## ਹਰ ਲੋੜਵੰਦ ਸਹੂਲਤ ਨਾਲ ਲੈਸ ਆਮ ਆਦਮੀ ਕਲੀਨਿਕ

**ਨਵਦੀਪ ਸਿੰਘ ਸਾਹਨੀ**

ਜਲੰਧਰ 21 ਸਤੰਬਰ। ਪੰਜਾਬ ਅੰਦਰ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਿਹਤ ਕ੍ਰਾਂਤੀ ਦੇ ਵੱਧਦੇ ਕਦਮ 842 ਆਮ ਆਦਮੀ ਕਲੀਨਿਕ ਪੰਜਾਬ ਵਾਸੀਆਂ ਨੂੰ ਸਮਰਪਿਤ ਕੀਤੇ ਜਾ ਚੁੱਕੇ ਹਨ। ਇਹ ਆਮ ਆਦਮੀ ਕਲੀਨਿਕ ਜਿੱਥੇ ਹਰ ਲੋੜਵੰਤ ਸਹੂਲਤ ਨਾਲ ਲੈਸ ਹਨ, ਉਥੇ ਹੀ ਇਨ੍ਹਾਂ ਸਦਕਾ ਪੰਜਾਬ ਦੇ ਲੋਕਾਂ ਦੀਆਂ ਸਿਹਤ ਸਹੂਲਤਾਂ ਦਾ ਖਿਆਲ ਰੱਖਣ ਦਾ ਵੱਡਾ ਉਪਰਾਲਾ ਕੀਤਾ ਗਿਆ ਹੈ। ਸਿਹਤ ਕ੍ਰਾਂਤੀ ਦੇ ਵੱਧਦੇ ਕਦਮਾਂ ਦੇ ਚੱਲਦੇ ਪੰਜਾਬ ਦੇ ਕਰੋੜਾਂ ਲੋਕ ਹੁਣ ਤਕ ਇਨ੍ਹਾਂ ਮੁਹੱਲਾ ਕਲੀਨਿਕਾਂ ਵਿਚ ਇਲਾਜ ਕਰਵਾ ਚੁੱਕੇ ਹਨ। ਮੁਹੱਲਾ ਕਲੀਨਿਕਾਂ ਰਾਹੀਂ ਲੋਕਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਸਿਹਤ ਸਹੂਲਤਾਂ ਦੇਣ ਦਾ ਉਪਰਾਲਾ ਕੀਤਾ ਗਿਆ ਹੈ। ਪੰਜਾਬ ਸਰਕਾਰ ਮੁੱਖ ਉਦੇਸ਼ ਸਿੱਖਿਆ ਅਤੇ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨਾ ਹੈ। ਸੂਬੇ 'ਚ ਕੁੱਲ 842 ਆਮ ਆਦਮੀ ਕਲੀਨਿਕਾਂ 'ਚੋਂ 312 ਸ਼ਹਿਰੀ ਖੇਤਰਾਂ 'ਚ ਅਤੇ 530 ਦਿਹਾਤੀ ਖੇਤਰਾਂ 'ਚ ਕਾਰਜਸ਼ੀਲ ਹਨ। ਇਨ੍ਹਾਂ ਕਲੀਨਿਕਾਂ 'ਚ ਮੁਫਤ ਇਲਾਜ ਤੋਂ ਇਲਾਵਾ ਮੁਫਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਹਰ ਕਲੀਨਿਕ ਆਈ.ਟੀ. ਬੁਨਿਆਦੀ ਢਾਂਚੇ ਨਾਲ ਲੈਸ ਹੈ। ਸੂਬੇ 'ਚ ਆਮ ਆਦਮੀ ਕਲੀਨਿਕ ਸ਼ੁਰੂ ਹੋਣ ਤੋਂ ਬਾਅਦ ਸਿਵਲ ਹਸਪਤਾਲਾਂ 'ਤੇ ਵੀ ਬੋਝ ਘੱਟ ਹੋਇਆ ਹੈ। ਇਹ ਕਲੀਨਿਕ ਵਿਸੇਸ ਤੌਰ 'ਤੇ ਓ.ਪੀ.ਡੀ. ਸੇਵਾਵਾਂ ਦੀ ਲੋੜ ਵਾਲੇ ਮਰੀਜਾਂ ਲਈ ਵਰਦਾਨ ਸਾਬਿਤ ਹੋਏ ਹਨ, ਜੋ ਹੁਣ ਤੱਕ ਲੰਬੀ ਲਾਈਨ ਵਿਚ ਖੜ੍ਹੇ ਹੋਣ ਦੇ ਡਰ ਕਾਰਨ ਸਰਕਾਰੀ ਸਿਹਤ ਸੇਵਾਵਾਂ ਦਾ ਲਾਭ ਨਹੀਂ ਲੈ ਰਹੇ ਸਨ। ਉਨ੍ਹਾਂ ਲੋਕਾਂ ਦਾ ਭਰੋਸਾ ਨਿੱਜੀ ਹਸਪਤਾਲਾਂ ਦੀ ਬਜਾਏ ਆਮ ਆਦਮੀ ਕਲੀਨਿਕਾਂ 'ਤੇ ਵੱਧ ਰਿਹਾ ਹੈ। ਆਮ ਲੋਕਾਂ ਦਾ ਕਹਿਣਾ ਹੈ ਕਿ ਸਧਾਰਨ ਬੀਮਾਰੀਆਂ ਲਈ ਇੱਥੇ ਹਰ ਤਰ੍ਹਾਂ ਦੀਆਂ ਦਵਾਈਆਂ ਮਿਲ ਜਾਂਦੀਆਂ ਹਨ ਅਤੇ ਕਲੀਨਿਕਾਂ 'ਚ ਡਾਕਟਰ ਵੀ ਬਹੁਤ ਵਧੀਆ ਹਨ। ਆਮ ਲੋਕਾਂ ਨੂੰ ਮਾਨ ਸਰਕਾਰ ਨੇ ਮੁਹੱਲਾ ਕਲੀਨਿਕਾਂ ਦੇ ਰੂਪ ਵਿਚ ਵੱਡੀ ਸਹੂਲਤ ਦਿੱਤੀ ਹੈ ਕਿਉਂਕਿ ਗਰੀਬ ਲੋਕ ਮਹਿੰਗੇ ਹਸਪਤਾਲਾਂ 'ਚ ਆਪਣਾ ਇਲਾਜ ਨਹੀਂ ਕਰਵਾ ਸਕਦੇ। ਇਨ੍ਹਾਂ ਕਲੀਨਿਕਾਂ 'ਚ ਸਰਦੀ, ਜੁਕਾਮ, ਬੁਖਾਰ, ਬੀ. ਪੀ., ਸ਼ੂਗਰ, ਸਕਿੱਨ ਨਾਲ ਸਬੰਧਿਤ ਅਤੇ ਹੋਰ ਬੀਮਾਰੀਆਂ ਦੇ ਬਹੁਤ ਜਿ?ਆਦਾ ਮਰੀਜ ਆਉਂਦੇ ਹਨ। ਇਨ੍ਹਾਂ ਸਹੂਲਤਾਂ ਕਾਰਨ ਲੋਕਾਂ ਵਲੋਂ ਪੰਜਾਬ ਸਰਕਾ ਦਾ ਧੰਨਵਾਦ ਕੀਤਾ ਜਾ ਰਿਹਾ ਹੈ।



## 'ਸਾਈਬਰ ਅਪਰਾਧ ਇਕ ਵੱਡਾ ਖਤਰਾ ਬਣ ਕੇ ਉੱਭਰ ਰਿਹੈ'

ਹੈਦਰਾਬਾਦ 21 ਸਤੰਬਰ। ਕੇਂਦਰੀ ਗ੍ਰਹਿ ਰਾਜ ਮੰਤਰੀ ਨਿਤਿਆਨੰਦ ਰਾਏ ਨੇ ਸਾਈਬਰ ਅਪਰਾਧ ਨੂੰ ਇਕ ਉੱਭਰਦਾ ਹੋਇਆ ਵੱਡਾ ਖਤਰਾ ਦੱਸਦਿਆਂ ਸ਼ੁੱਕਰਵਾਰ ਨੂੰ ਭਾਰਤੀ ਪੁਲਸ ਸੇਵਾ () ਦੇ ਸਿਖਿਆਰਥੀ ਅਧਿਕਾਰੀਆਂ ਨੂੰ ਤਕਨੀਕੀ ਮੁਹਾਰਤ ਰਾਹੀਂ ਇਸ ਚੁਣੌਤੀ ਨਾਲ ਨਜਿੱਠਣ ਲਈ ਉਪਰਾਲੇ ਕਰਨ ਦੀ ਤਾਕੀਦ ਕੀਤੀ ਗਈ। ਉਨ੍ਹਾਂ ਕਿਹਾ ਕਿ ਕੇਂਦਰੀ ਗ੍ਰਹਿ ਮੰਤਰਾਲੇ ਨੇ ਇਸ ਸਬੰਧ ਵਿਚ ਕਈ ਪਹਿਲਕਦਮੀਆਂ ਕੀਤੀਆਂ ਹਨ, ਜਿਨ੍ਹਾਂ ਵਿਚ 'ਸਾਈਬਰ ਫੋਰੈਂਸਿਕ ਲੈਬ' ਦੀ ਸਥਾਪਨਾ ਵੀ ਸਾਮਲ ਹੈ। ਰਾਏ ਨੇ ਹੈਦਰਾਬਾਦ ਦੇ ਸਰਦਾਰ ਵੱਲਭ ਭਾਈ ਪਟੇਲ ਨੈਸਨਲ ਪੁਲਸ ਅਕੈਡਮੀ () ਵਿਚ ਰੈਗੂਲਰ ਭਰਤੀਆਂ ਦੇ 76ਵੇਂ ਬੈਚ ਦੀ ਕਨਵੋਕੇਸਨ ਪਰੇਡ ਨੂੰ ਸੰਬੋਧਨ ਕੀਤਾ। ਪਰੇਡ ਵਿਚ 207 ਸਿਖਿਆਰਥੀ ਅਫਸਰਾਂ ਦੇ ਮੁੱਢਲੇ ਕੋਰਸ ਦੀ ਸਿਖਲਾਈ ਦੀ ਸਮਾਪਤੀ ਹੋਈ। ਇਨ੍ਹਾਂ ਵਿਚ ਨੇਪਾਲ, ਭੂਟਾਨ ਅਤੇ ਹੋਰ ਦੇਸਾਂ ਦੇ 188 ਅਧਿਕਾਰੀ ਅਤੇ 19 ਵਿਦੇਸੀ ਅਧਿਕਾਰੀ ਸਾਮਲ ਸਨ। ਸਿਖਿਆਰਥੀਆਂ ਵਿਚ ਕੁੱਲ 58 ਮਹਿਲਾ ਅਧਿਕਾਰੀ ਵੀ ਸਾਮਲ ਸਨ।

## ਸਿੱਖਾਂ ਦਾ ਕਤਲੇਆਮ ਕਰਨ ਵਾਲੀ ਕਾਂਗਰਸ ਕਰ ਰਹੀ ਹੈ ਸਿੱਖ ਹਿਤੈਸ਼ੀ ਹੋਣ ਦਾ ਢੌਂਗ : ਚੁੱਘ

**ਤੇਜਿੰਦਰ ਕੌਰ ਬੱਬਰ**

ਚੰਡੀਗੜ੍ਹ/ਜਲੰਧਰ, 21 ਸਤੰਬਰ। ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਕਾਂਗਰਸ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਵਿਰੋਧ ਕਾਂਗਰਸ ਸਿੱਖਾਂ ਨਾਲ ਕੀਤੇ ਗਏ ਆਪਣੇ ਘਿਨੌਣੇ ਗੁਨਾਹਾਂ ਨੂੰ ਲੁਕਾਉਣ ਲਈ ਕਰ ਰਹੀ ਹੈ। ਉਨ੍ਹਾਂ ਨੇ ਪੰਜਾਬ ਕਾਂਗਰਸ ਨੂੰ ਸਵਾਲ ਕੀਤਾ ਕਿ ਕੀ ਇਹ ਸੱਚ ਨਹੀਂ ਹੈ ਕਿ ਰਾਹੁਲ ਗਾਂਧੀ ਦੇ ਵਿਦੇਸ਼ਾਂ 'ਚ ਦਿੱਤੇ ਗਏ ਸਿੱਖਾਂ ਪ੍ਰਤੀ ਬਿਆਨ ਦੀ ਦੁਰਵਰਤੋਂ ਕੁਝ ਸਾਜ਼ਿਸ਼ੀ ਅਨਸਰ ਭਾਰਤ ਵਿਰੋਧੀ ਪ੍ਰਚਾਰ ਕਰਨ ਲਈ ਕਰ ਰਹੇ ਹਨ, ਜਿਨ੍ਹਾਂ ਦਾ ਸਾਥ ਪੰਜਾਬ ਦੇ ਆਗੂ ਦੇ ਰਹੇ ਹਨ। ਇਸ ਘਿਨੌਣੇ ਕੰਮ 'ਤੇ ਪੂਰੀ ਕਾਂਗਰਸ ਜਨਤਕ ਤੌਰ 'ਤੇ ਮੁਆਫੀ ਮੰਗਣ ਦੀ ਬਜਾਏ ਸਿਆਸੀ ਲਾਹਾ ਲੈ ਰਹੀ ਹੈ। ਸਿੱਖਾਂ ਦਾ ਕਤਲੇਆਮ ਕਰਨ ਵਾਲੀ ਕਾਂਗਰਸ ਸਿੱਖ ਹਿਤੈਸ਼ੀ ਹੋਣ ਦਾ ਢੌਂਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਵੇਂ 1984 ਹੋਵੇ ਜਾਂ 2024, ਕਾਂਗਰਸ ਤੇ ਗਾਂਧੀ ਪਰਿਵਾਰ ਨੇ ਹਮੇਸ਼ਾ ਹੀ ਸਿੱਖ ਕੌਮ ਸਮੇਤ ਪੂਰੇ ਦੇਸ਼ ਨੂੰ ਆਪਸ 'ਚ ਲੜਾਉਣ ਦਾ ਕੰਮ ਕੀਤਾ ਹੈ। 1984 ਦੇ ਸਿੱਖ ਵਿਰੋਧੀ ਕਤਲੇਆਮ 'ਚ ਸਿੱਖਾਂ ਦੀ ਹੱਤਿਆ ਕਰਨ ਵਾਲੀ ਭੀੜ ਦੀ ਅਗਵਾਈ ਕਾਂਗਰਸ ਦੇ ਹੀ ਜਗਦੀਸ਼ ਟਾਈਟਲਰ, ਸੱਜਣ ਕੁਮਾਰ, ਐੱਚ. ਕੇ. ਐੱਲ. ਭਗਤ ਅਤੇ ਕਮਲਨਾਥ ਵਰਗੇ ਆਗੂਆਂ ਨੇ ਕੀਤੀ ਸੀ। ਗੁਰਦੁਆਰੇ ਸਾੜੇ ਗਏ, ਦਿੱਲੀ ਤੇ ਦੇਸ਼ ਦੇ ਦੋ ਦਰਜਨ ਤੋਂ ਵੱਧ ਹੋਰ ਸ਼ਹਿਰਾਂ 'ਚ ਹਫੜਾ-ਦਫੜੀ ਮਚ ਗਈ, ਮੌਤ ਦਾ ਤਾਂਡਵ ਕੀਤਾ ਗਿਆ। ਇਨ੍ਹਾਂ ਹੱਤਿਆਵਾਂ 'ਚ ਸ਼ਾਮਲ ਕਾਂਗਰਸੀ ਆਗੂਆਂ ਦੀ ਕਾਂਗਰਸ ਨੇ ਹਮੇਸ਼ਾ ਵਡਿਆਈ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ 'ਚ ਸਿਰਫ ਕਾਂਗਰਸ ਦੇ ਹੀ ਸ਼ਾਸਨਕਾਲ 'ਚ ਇਕ ਅਜਿਹਾ



ਕਾਲਾ ਅਧਿਆਇ ਆਇਆ ਸੀ, ਜਦੋਂ ਸਿੱਖਾਂ ਦਾ ਕਤਲੇਆਮ ਹੋਇਆ ਸੀ। ਉਸ ਸਮੇਂ ਸ਼ਾਇਦ ਰਾਹੁਲ ਗਾਂਧੀ ਛੋਟੇ ਸਨ, ਉਨ੍ਹਾਂ ਨੂੰ ਯਾਦ ਨਹੀਂ ਹੋਵੇਗਾ ਪਰ ਉਸ ਸਮੇਂ ਉਨ੍ਹਾਂ ਦੇ ਪਿਤਾ ਤੇ ਤਤਕਾਲੀ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੇ ਹਜ਼ਾਰਾਂ ਸਿੱਖਾਂ ਦੀ ਹੱਤਿਆ ਤੇ ਕਤਲੇਆਮ ਨੂੰ ਸਿਰਫ਼ ਇਕ ਦਰੱਖਤ ਦੇ ਡਿੱਗਣ ਵਾਂਗ ਦੱਸਿਆ ਸੀ, ਅੱਜ ਤੱਕ ਨਾ ਤਾਂ ਕਾਂਗਰਸ ਤੇ ਨਾ ਹੀ ਗਾਂਧੀ ਪਰਿਵਾਰ ਨੇ ਇਸ ਅਪਰਾਧ ਲਈ ਮੁਆਫ਼ੀ ਮੰਗੀ ਹੈ। ਚੁੱਘ ਨੇ ਕਿਹਾ ਕਿ ਇਹ ਤਾਂ ਸਾਡੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਹੀ ਦੇਣ ਹੈ ਕਿ ਸਿੱਖ ਸਮਾਜ ਨੂੰ ਇਨਸਾਫ਼ ਦਿਵਾਉਣ ਤੇ 1984 ਦੇ ਦੰਗਿਆਂ ਦੀ ਸੱਚਾਈ ਸਾਹਮਣੇ ਲਿਆਉਣ ਲਈ ਐੱਸ. ਆਈ. ਟੀ. ਦਾ ਗਠਨ ਕੀਤਾ ਗਿਆ, ਸਿੱਖ ਦੰਗਿਆਂ ਨਾਲ ਸਬੰਧਤ 300 ਫਾਈਲਾਂ ਨੂੰ ਮੁੜ ਖੋਲ੍ਹਿਆ ਗਿਆ ਅਤੇ ਮੁਲਜ਼ਮਾਂ ਨੂੰ ਸਜ਼ਾ ਹੋਈ। ਕੇਂਦਰ ਸਰਕਾਰ ਪੂਰੀ ਤਰ੍ਹਾਂ ਸਿੱਖਾਂ ਦੇ ਹਿੱਤਾਂ 'ਚ ਕੰਮ ਕਰਨ 'ਚ ਲੱਗੀ ਹੋਈ ਹੈ ਚਾਹੇ ਉਹ 84 ਦੇ ਦੰਗਾ ਪੀੜਤਾਂ ਦੇ ਪਰਿਵਾਰਾਂ ਨੂੰ 5-5 ਲੱਖ ਰੁਪਏ ਦੀ ਮਾਲੀ ਸਹਾਇਤਾ ਦੇਣੀ ਹੋਵੇ, ਨਾਗਰਿਕਤਾ ਸੋਧ ਕਾਨੂੰਨ ਜਰੀਏ ਪਾਕਿਸਤਾਨ ਅਤੇ ਅਫਗਾਨਿਸਤਾਨ ਤੋਂ ਆਏ ਸ਼ਰਨਾਰਥੀ ਸਿੱਖ ਭੈਣਾਂ-ਭਰਾਵਾਂ ਨੂੰ ਨਾਗਰਿਕਤਾ ਦੇਣੀ ਹੋਵੇ ਜਾਂ ਫਿਰ ਸ੍ਰੀ ਕਰਤਾਰਪੁਰ ਸਾਹਿਬ ਲਈ ਲਾਂਘਾ ਬਣਾਉਣਾ ਹੋਵੇ। ਚੁੱਘ ਨੇ ਵਿਧਾਨ ਸਭਾ 'ਚ ਕਾਂਗਰਸ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਸਮੇਤ ਕਾਂਗਰਸੀ ਆਗੂਆਂ ਨੂੰ ਖੁੱਲ੍ਹੀ ਚੁਣੌਤੀ ਦਿੱਤੀ ਕਿ ਉਹ ਦਿੱਲੀ ਦੀਆਂ ਵਿਧਵਾ ਬਸਤੀਆਂ 'ਚ ਜਾ ਕੇ ਇਕ ਵਾਰ ਉਨ੍ਹਾਂ ਪੀੜਤ ਮਾਵਾਂ-ਭੈਣਾਂ ਤੋਂ ਪੁੱਛਣ ਕਿ ਉਨ੍ਹਾਂ ਦੀ ਇਸ ਹਾਲਤ ਲਈ ਕੌਣ ਜ਼ਿੰਮੇਵਾਰ ਹੈ।

## ਮਮਤਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖੀ ਚਿੱਠੀ

ਕੋਲਕਾਤਾ 21 ਸਤੰਬਰ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚਿੱਠੀ ਲਿਖ ਕੇ ਸੂਬਾ ਸਰਕਾਰ ਦਾਮੋਦਰ ਵੈਲੀ ਕਾਰਪੋਰੇਸ਼ਨ (ਡੀਵੀਸੀ) ਨਾਲ ਸਾਰੇ ਸਮਝੌਤੇ ਰੱਦ ਕਰ ਦੇਵੇਗੀ, ਕਿਉਂਕਿ ਉਸ ਦੇ ਇਕ ਪਾਸੜ ਪਾਣੀ ਛੱਡਣ ਦੇ ਨਤੀਜੇ ਵਜੋਂ ਦੱਖਣ ਬੰਗਾਲ ਦੇ ਜਿ?ਲ੍ਹਿਆਂ 'ਚ ਹੜ੍ਹ ਦੀ ਸਥਿਤੀ ਪੈਦਾ ਹੋ ਗਈ ਹੈ। ਪੀ.ਐੱਮ. ਮੋਦੀ ਨੂੰ ਲਿਖੀ ਚਿੱਠੀ 'ਚ ਉਨ੍ਹਾਂ ਨੇ ਹੜ੍ਹ ਕਾਰਨ ਹੋਈ ਵਿਆਪਕ ਤਬਾਹੀ ਨਾਲ ਨਜਿੱਠਣ ਲਈ ਕੇਂਦਰੀ ਫੰਡ ਨੂੰ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਲਿਖਿਆ,"ਰਾਜ ਫਿਲਹਾਲ ਦਾਮੋਦਰ ਨਦੀ ਦੇ ਹੇਠਲੇ ਇਲਾਕਿਆਂ ਸਮੇਤ ਨੇੜੇ-ਤੇੜੇ ਦੇ ਖੇਤਰਾਂ 'ਚ ਸਾਲ 2009 ਦੇ ਬਾਅਦ ਤੋਂ ਸਭ ਤੋਂ ਭਿਆਨਕ ਹੜ੍ਹ ਦਾ ਸਾਹਮਣਾ ਕਰ ਰਿਹਾ ਹੈ। ਮੈਂ ਅਪੀਲ ਕਰਦੀ ਹਾਂ ਕਿ ਤੁਸੀਂ ਇਸ ਮਾਮਲੇ 'ਚ ਗੰਭੀਰਤਾ ਨਾਲ ਵਿਚਾਰ ਕਰੋ ਅਤੇ ਸੰਬੰਧਤ ਮੰਤਰਾਲਿਆਂ ਨੂੰ ਨਿਰਦੇਸ਼ ਦਿਓ ਕਿ ਉਹ ਇਨ੍ਹਾਂ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ, ਜਿਨ੍ਹਾਂ 'ਚ ਪੂਰੇ ਕੇਂਦਰੀ ਫੰਡ ਨੂੰ ਮਨਜ਼ੂਰੀ ਦੇਣਾ ਅਤੇ ਉਸ ਨੂੰ ਜਾਰੀ ਕਰਨਾ ਸ਼ਾਮਲ ਹੈ ਤਾਂ ਕਿ ਸਭ ਤੋਂ ਪੀੜਤ ਲੋਕਾਂ ਦੇ ਹਿੱਤ 'ਚ ਹੜ੍ਹ ਪ੍ਰਬੰਧਨ ਕੰਮ ਕੀਤੇ ਜਾ ਸਕਣ।" ਉਨ੍ਹਾਂ ਦਾਅਵਾ ਕੀਤਾ ਕਿ ਡੀਵੀਸੀ ਦੇ ਮਲਕੀਅਤ ਅਤੇ ਸਾਂਭ-ਸੰਭਾਲ ਵਾਲੇ ਮੈਥਨ ਅਤੇ ਪੰਚੇਤ ਬੰਨ੍ਹਾਂ ਦੀ ਸੰਯੁਕਤ ਪ੍ਰਣਾਲੀ ਨਾਲ ਇਕ ਪਾਸੜ ਤਰੀਕੇ ਨਾਲ ਭਾਰੀ ਮਾਤਰਾ (ਲਗਭਗ 5 ਲੱਖ ਕਿਊਸੇਕ) 'ਚ ਪਾਣੀ ਛੱਡਣ ਕਾਰਨ ਵਿਆਪਕ ਤਬਾਹੀ ਹੋਈ ਹੈ।"



# 50 ਕਰੋੜ ਦੀ ਹੈਰੋਇਨ ਬਰਾਮਦਗੀ ਮਾਮਲੇ 'ਚ ਵੱਡਾ ਖੁਲਾਸਾ ; ਡਰੋਨ ਰਾਹੀਂ ਪਾਕਿ ਤੋਂ ਆਉਂਦੀ ਸੀ 25 ਕਿੱਲੋ ਦੀ ਖੇਪ

ਜਲੰਧਰ 21 ਸਤੰਬਰ। 50 ਕਰੋੜ ਰੁਪਏ ਦੀ ਹੈਰੋਇਨ ਮਿਲਣ ਦੇ ਮਾਮਲੇ ਵਿਚ ਰਿਮਾਂਡ 'ਤੇ ਲਏ ਮਾਸਟਰਮਾਈਂਡ ਜਿੰਦਰ ਨੇ ਵੱਡਾ ਖੁਲਾਸਾ ਕੀਤਾ ਹੈ। ਜਿੰਦਰ ਨੇ ਪੁਲਸ ਦੀ ਪੁੱਛਗਿੱਛ ਵਿਚ ਦੱਸਿਆ ਕਿ ਪਾਕਿਸਤਾਨ ਦਾ ਮੇਨ ਸਮੱਗਲਰ ਰਿਆਸਤ ਡੋਗਰ ਇਕ ਵਾਰ ਵਿਚ ਕਿਲੋ-ਕਿਲੋ ਦੀ ਡ੍ਰੋਨ ਜਰੀਏ 4 ਵਾਰ ਹੈਰੋਇਨ ਦੀ ਸਪਲਾਈ ਭੇਜਦਾ ਸੀ। ਮਹੀਨੇ ਦੀ ਗੱਲ ਕਰੀਏ ਤਾਂ ਪਾਕਿਸਤਾਨ ਤੋਂ ਡ੍ਰੋਨ ਜਰੀਏ 4-4 ਕਿਲੋ ਕਰ ਕੇ 20 ਤੋਂ 25 ਕਿਲੋ ਹੈਰੋਇਨ ਆ ਹੀ ਜਾਂਦੀ ਸੀ। ਕੁਝ ਹੈਰੋਇਨ ਉਹ ਵੇਚਣ ਲਈ ਰੱਖ ਲੈਂਦੇ ਸਨ ਪਰ ਪੰਜਾਬ ਵਿਚ ਹੈਰੋਇਨ ਸਪਲਾਈ ਕਰਨ ਲਈ ਡੋਗਰ ਹੀ ਆਪਣੇ ਲਿੰਕ ਦੇ ਭਾਰਤੀ ਮੂਲ ਨੂੰ ਭੇਜਦਾ ਸੀ। ਡੋਗਰ ਜਿਹੜੇ ਲੋਕਾਂ ਨੂੰ ਉਨ੍ਹਾਂ ਕੋਲ ਭੇਜਦਾ ਸੀ, ਉਹ ਉਨ੍ਹਾਂ ਦੇ ਜਾਣਕਾਰ ਨਹੀਂ ਹੁੰਦੇ ਸਨ ਪਰ ਇੰਟਰਨੈੱਟ ਜਰੀਏ ਉਸਦੀ ਡੋਗਰ ਨਾਲ ਗੱਲ ਕਰਵਾਈ ਜਾਂਦੀ ਸੀ, ਜਿਸ ਤੋਂ ਬਾਅਦ ਉਹ ਬਾਰਡਰ ਏਰੀਆ ਤੋਂ ਚੁੱਕੀ ਹੈਰੋਇਨ ਦੀ ਵੱਡੀ ਖੇਪ ਉਨ੍ਹਾਂ ਲੋਕਾਂ ਨੂੰ ਦੇ ਦਿੰਦਾ ਸੀ। ਜਿੰਦਰ ਨੇ ਇਹ ਵੀ ਦੱਸਿਆ ਕਿ ਡੋਗਰ ਦੇ ਲਿੰਕ ਤੋਂ ਹੈਰੋਇਨ ਲੈਣ ਆਉਣ ਵਾਲੇ ਲੋਕਾਂ ਨਾਲ ਉਨ੍ਹਾਂ ਦਾ ਪੈਸਿਆਂ ਦਾ ਲੈਣ-ਦੇਣ ਨਹੀਂ ਹੁੰਦਾ ਸੀ। ਉਹੀ ਲੋਕ ਹਵਾਲਾ ਜਰੀਏ ਡੋਗਰ ਦਾ ਭੁਗਤਾਨ ਕਰ ਦਿੰਦੇ ਸਨ। ਸੂਤਰਾਂ ਦੀ ਮੰਨੀਏ ਤਾਂ ਜਦੋਂ ਵੱਡੀ ਖੇਪ ਸਪਲਾਈ ਲਈ ਜਿੰਦਰ ਦੇ ਡਰੱਗ ਨੈੱਟਵਰਕ ਜਰੀਏ ਇਥੋਂ ਅੱਗੇ ਚਲੀ ਜਾਂਦੀ ਸੀ ਤਾਂ ਡੋਗਰ ਹੈਰੋਇਨ ਦੇ ਕੁਝ ਪੈਕੇਟ ਜਿੰਦਰ ਨੂੰ ਵੀ ਵੇਚਣ ਲਈ ਦੇ ਦਿੰਦਾ



ਸੀ, ਜਿਸ ਦੀ ਸਾਰੀ ਕਮਾਈ ਜਿੰਦਰ ਤੇ ਉਸਦੇ ਸਾਥੀ ਖਾਂਦੇ ਸਨ ਤੇ ਉਸਦਾ ਕੰਮ ਸਿਰਫ ਬਾਰਡਰ ਏਰੀਆ ਤੋਂ ਹੈਰੋਇਨ ਦੇ ਪੈਕੇਟ ਚੁੱਕਣਾ ਅਤੇ ਫਿਰ ਪਾਕਿਸਤਾਨੀ ਸਮੱਗਲਰ ਡੋਗਰ ਵੱਲੋਂ ਭੇਜੇ ਲੋਕਾਂ ਨੂੰ ਪੈਕੇਟ ਦੇਣ ਦਾ ਰਹਿੰਦਾ ਸੀ। ਰਿਮਾਂਡ ਦੌਰਾਨ ਜਿੰਦਰ ਨਾਲ ਜੁੜੇ ਕੁਝ ਹੋਰ ਲੋਕਾਂ ਦੇ ਨਾਂ ਵੀ ਸਾਹਮਣੇ ਆਏ ਹਨ, ਜਿਨ੍ਹਾਂ ਨੂੰ ਪੁਲਸ ਜਨਤਕ ਨਹੀਂ ਕਰ ਰਹੀ। ਜਲੰਧਰ ਕਮਿਸ਼ਨਰੇਟ ਪੁਲਸ ਨੇ ਇੰਨੀ ਵੱਡੀ ਹੈਰੋਇਨ ਦੀ ਖੇਪ ਫੜ ਕੇ ਮੇਨ ਸਮੱਗਲਰਾਂ ਨੂੰ ਅੰਡਰਗਰਾਊਂਡ ਹੋਣ 'ਤੇ ਮਜਬੂਰ ਕਰ ਦਿੱਤਾ ਹੈ। ਸੂਤਰਾਂ ਦੀ ਮੰਨੀਏ ਤਾਂ ਜਿੰਦਰ ਜਰੀਏ ਪੁਲਸ ਡੋਗਰ ਦੇ ਕਹਿਣ 'ਤੇ ਆਉਣ ਵਾਲੇ ਲੋਕਾਂ ਨੂੰ ਸਕੈਚ ਵੀ ਬਣਾ ਸਕਦੀ ਹੈ ਤਾਂ ਕਿ ਉਨ੍ਹਾਂ ਦੀ ਪਛਾਣ ਹੋ ਸਕੇ। ਦੱਸ ਦੇਈਏ ਕਿ ਕੁਝ ਦਿਨ ਪਹਿਲਾਂ ਸੀ. ਆਈ. ਏ. ਸਟਾਫ ਦੇ ਇੰਚਾਰਜ ਸੁਰਿੰਦਰ ਕੁਮਾਰ ਕੰਬੋਜ ਨੇ ਬੱਸ ਸਟੈਂਡ ਦੇ ਨੇੜਿਓਂ ਫਿਰੋਜਪੁਰ ਦੇ ਰਹਿਣ ਵਾਲੇ ਛਿੰਦਾ ਸਿੰਘ ਨੂੰ ਇਕ ਕਿਲੋ ਹੈਰੋਇਨ ਅਤੇ 4 ਲੱਖ ਰੁਪਏ ਦੀ ਡਰੱਗ ਮਨੀ ਨਾਲ ਫੜਿਆ ਸੀ। ਮੁਲਜਮ ਨੇ ਰਿਮਾਂਡ ਦੌਰਾਨ ਮੰਨਿਆ ਕਿ ਉਸਦੇ ਡਰੱਗ ਨੈੱਟਵਰਕ ਦਾ ਕਿੰਗਪਿਨ ਹਰਜਿੰਦਰ ਸਿੰਘ ਉਰਫ ਜਿੰਦਰ ਪੁੱਤਰ ਬਲਵੰਤ ਸਿੰਘ ਨਿਵਾਸੀ ਪਿੰਡ ਗੰਡੂ ਕਿੱਲੇ ਫਿਰੋਜਪੁਰ ਹੈ। ਇਸਦੇ ਇਲਾਵਾ ਵੀਰ ਸਿੰਘ ਉਰਫ ਵੀਰੂ ਪੁੱਤਰ ਕਾਕਾ ਸਿੰਘ ਨਿਵਾਸੀ ਕਿਲਚੇ ਫਿਰੋਜਪੁਰ, ਸੁਰਮੁੱਖ ਸਿੰਘ ਉਰਫ ਸੇਮਾ ਪੁੱਤਰ ਮੰਗਲ ਸਿੰਘ ਨਿਵਾਸੀ ਪਿੰਡ ਲੰਗੇਆਣਾ ਫਿਰੋਜਪੁਰ ਅਤੇ ਮਲੂਕ ਸਿੰਘ ਪੁੱਤਰ ਮੋਹਨ ਸਿੰਘ ਨਿਵਾਸੀ ਪਿੰਡ ਗੰਡੂ ਕਿਲਚੇ ਫਿਰੋਜਪੁਰ ਦੇ ਨਾਂ ਵੀ ਸਾਹਮਣੇ ਆਏ ਸਨ, ਜਿਨ੍ਹਾਂ ਨੂੰ ਪੁਲਸ ਨੇ ਨਾਮਜਦ ਕਰ ਕੇ ਚਾਰਾਂ ਨੂੰ ਗ੍ਰਿਫਤਾਰ ਕਰ ਲਿਆ ਸੀ। ਮੁਲਜਮਾਂ ਦੀ ਨਿਸ਼ਾਨਦੇਹੀ 'ਤੇ 10 ਕਿਲੋ ਹੈਰੋਇਨ ਬਰਾਮਦ ਹੋਈ ਸੀ ਅਤੇ ਸਾਰੀ ਖੇਪ ਪਾਕਿਸਤਾਨੀ ਸੀ, ਜੋ ਡ੍ਰੋਨ ਜਰੀਏ ਭਾਰਤ ਆਈ ਸੀ। ਉਕਤ ਮੁਲਜਮ ਪੁਲਸ ਰਿਮਾਂਡ 'ਤੇ ਹਨ, ਜਿਨ੍ਹਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

## ਨੌਜਵਾਨ ਨੂੰ ਦਾਤਰ ਮਾਰ ਕੇ ਜਖਮੀ ਕਰਨ ਵਾਲੇ 2 ਭਰਾ ਗ੍ਰਿਫਤਾਰ, 4 ਅਜੇ ਵੀ ਫਰਾਰ

ਲੋਹੀਆਂ 21 ਸਤੰਬਰ। ਬੀਤੇ ਦਿਨੀਂ ਸਥਾਨਕ ਸੁਲਤਾਨਪੁਰ ਲੋਧੀ ਰੇਲਵੇ ਫਾਟਕ 'ਤੇ ਇਕ ਨੌਜਵਾਨ ਨੂੰ 5-6 ਨੌਜਵਾਨਾਂ ਵੱਲੋਂ ਦਾਤਰਾਂ ਮਾਰ ਕੇ ਸਖਤ ਜਖਮੀ ਕਰਨ ਵਾਲਿਆਂ 'ਚੋਂ ਲੋਹੀਆਂ ਪੁਲਸ ਵੱਲੋਂ 2 ਨੌਜਵਾਨਾਂ ਨੂੰ, ਜੋ ਰਿਸਤੇ 'ਚੋਂ ਲੜਕੀ ਦੇ ਭਰਾ ਲੱਗਦੇ ਹਨ, ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕੀਤੀ ਹੈ, ਜਦਕਿ ਬਾਕੀ ਦੇ ਨੌਜਵਾਨ ਅਜੇ ਤੱਕ ਫਰਾਰ ਚੱਲ ਰਹੇ ਹਨ। ਪੁਲਸ ਦੋਹਾਂ ਦਾ 2 ਰੋਜਾ ਰਿਮਾਂਡ ਲੈਣ ਤੋਂ ਬਾਅਦ ਜਾਂਚ ਕਰ ਰਹੀ ਹੈ। ਐੱਸ. ਐੱਚ. ਓ. ਲਾਭ ਸਿੰਘ ਸਹੋਤਾ ਨੇ ਦੱਸਿਆ ਕਿ 14




ਸਤੰਬਰ ਨੂੰ ਬੱਸ 'ਚ ਲੜਕੀ ਅਤੇ ਲੜਕੇ ਦੀ ਹੋਈ ਬਹਿਸਬਾਜੀ ਤੋਂ ਬਾਅਦ ਲੜਕੀ ਦੇ ਭਰਾਵਾਂ ਗੁਰਵਿੰਦਰ ਸਿੰਘ ਪੁੱਤਰ ਲਖਵਿੰਦਰ ਸਿੰਘ ਤੇ ਨਿਸਾਲ ਸਿੰਘ ਪੁੱਤਰ ਬਲਕਾਰ ਸਿੰਘ ਨੂੰ ਕਾਬੂ ਕਰ ਲਿਆ ਸੀ।ਜ਼ਿਕਰਯੋਗ ਹੈ ਕਿ ਉਕਤ ਨੌਜਵਾਨਾਂ ਨੇ ਆਪਣੇ ਸਾਥੀਆਂ ਸਮੇਤ ਗੁਰਪ੍ਰੀਤ ਸਿੰਘ ਪੁੱਤਰ ਗੁਰਦੀਪ ਸਿੰਘ ਨੂੰ ਦਾਤਰ ਮਾਰ ਕੇ ਗੰਭੀਰ ਰੂਪ 'ਚ ਜਖਮੀ ਕਰ ਦਿੱਤਾ ਸੀ, ਜੋ ਹੁਣ ਅੰਮ੍ਰਿਤਸਰ ਮੈਡੀਕਲ ਕਾਲਜ 'ਚ ਜੇਰੇ ਇਲਾਜ ਹੈ।

## ਪੰਜਾਬ ਦੇ ਨੌਜਵਾਨਾਂ ਨੇ ਉੱਤਰਾਖੰਡ 'ਚ ਕਰ 'ਤਾ ਵੱਡਾ ਕਾਂਡ ! ਸਾਥੀ ਦੇ ਐਨਕਾਊਂਟਰ ਮਗਰੋਂ ਗ੍ਰਿਫਤਾਰ

ਦੇਹਰਾਦੂਨ 21 ਸਤੰਬਰ। ਹਰਿਦੁਆਰ ਸਥਿਤ ਬਾਲਾਜੀ ਜਵੈਲਰਜ ਦੇ ਸ਼ੋਅਰੂਮ 'ਚ ਲੁੱਟ ਦੇ ਮਾਮਲੇ 'ਚ ਪੁਲਸ ਨੇ ਦੋ ਬਦਮਾਸ਼ਾਂ ਨੂੰ ਗ੍ਰਿਫਤਾਰ ਕੀਤਾ ਹੈ। ਇਨ੍ਹਾਂ ਬਦਮਾਸਾਂ ਕੋਲੋਂ ਲਗਭਗ 50 ਲੱਖ ਰੁਪਏ ਦੇ ਗਹਿਣੇ ਅਤੇ ਹਥਿਆਰ ਬਰਾਮਦ ਕੀਤੇ ਗਏ ਹਨ। ਉਨ੍ਹਾਂ ਦਾ ਸਾਥੀ ਬਦਮਾਸ ਐਤਵਾਰ ਦੇਰ ਰਾਤ ਪੁਲਸ ਨਾਲ ਹੋਏ ਮੁਕਾਬਲੇ ਵਿਚ ਮਾਰਿਆ ਗਿਆ ਸੀ। ਫਰਾਰ ਬਦਮਾਸ਼ਾਂ ਦੀ ਭਾਲ ਜਾਰੀ ਹੈ। ਡੀ.ਜੀ.ਪੀ. ਨੇ ਸਪੱਸ਼ਟ ਕਿਹਾ ਕਿ ਉੱਤਰਾਖੰਡ 'ਚ ਬੰਦੂਕ ਦੇ ਜੋਰ 'ਤੇ ਜੋ ਵੀ ਅਪਰਾਧ ਕਰੇਗਾ, ਉਸ ਦਾ



ਜਵਾਬ ਗੋਲੀ ਨਾਲ ਦਿੱਤਾ ਜਾਵੇਗਾ। ਉਨ੍ਹਾਂ ਇਸ ਮਾਮਲੇ ਦਾ ਪਰਦਾਫਾਸ ਕਰਨ ਵਾਲੀ ਟੀਮ ਨੂੰ 1 ਲੱਖ ਰੁਪਏ ਦਾ ਇਨਾਮ ਦੇਣ ਦਾ ਵੀ ਐਲਾਨ ਕੀਤਾ। ਸੋਮਵਾਰ ਨੂੰ ਪੁਲਸ ਹੈੱਡਕੁਆਰਟਰ 'ਚ ਹੋਈ ਪ੍ਰੈੱਸ ਕਾਨਫਰੰਸ ਦੌਰਾਨ ਡੀ.ਪੀ.ਜੀ. ਅਭਿਨਵ ਕੁਮਾਰ ਨੇ ਦੱਸਿਆ ਕਿ ਹਾਲ ਹੀ 'ਚ ਹਰਿਦੁਆਰ ਸਥਿਤ ਬਾਲਾਜੀ ਜਵੈਲਰਜ ਦੇ ਸ਼ੋਅਰੂਮ 'ਚ ਲੁੱਟ ਦੀ ਵਾਰਦਾਤ ਹੋਈ ਸੀ। ਇਸ ਮਾਮਲੇ 'ਚ ਪੁਲਸ ਨੇ ਬਦਮਾਸ਼ਾਂ ਨੂੰ ਫੜਨ ਲਈ ਛਾਪੇਮਾਰੀ ਸੁਰੂ ਕਰ ਦਿੱਤੀ। ਪੁਲਸ ਨੇ ਐਤਵਾਰ ਰਾਤ ਨੂੰ ਇਕ ਮੁਕਾਬਲੇ ਵਿਚ ਇਕ ਬਦਮਾਸ਼ ਨੂੰ ਮਾਰ ਮੁਕਾਇਆ। ਇਸ ਤੋਂ ਬਾਅਦ ਸੋਮਵਾਰ ਬਾਅਦ ਦੁਪਹਿਰ ਚਲਾਈ ਗਈ ਤਲਾਸ਼ੀ ਮੁਹਿੰਮ ਦੌਰਾਨ ਦੋ ਬਦਮਾਸ਼ਾਂ ਗੁਰਦੀਪ ਸਿੰਘ ਉਰਫ ਮੋਨੀ ਪੁੱਤਰ ਬੂਟਾ ਸਿੰਘ ਅਤੇ ਜੈਦੀਪ ਸਿੰਘ ਉਰਫ ਮਾਨਾ ਪੁੱਤਰ ਧਰਮਿੰਦਰ ਸਿੰਘ ਉਰਫ ਰਾਜੂ ਦੋਵੇਂ ਵਾਸੀ ਮੂਸਾ ਸਾਹਿਬ, ਬੂੜਾ ਗੁੱਜਰ ਰੋਡ, ਮਹਿਮਾ ਸਿੰਘ ਬਸਤੀ, ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ (ਪੰਜਾਬ) ਨੂੰ ਗ੍ਰਿਫਤਾਰ ਕੀਤਾ ਹੈ।

## ਸਹੁਰਿਆਂ ਦੇ ਤਸ਼ੱਦਦ ਅੱਗੇ ਹਾਰੀ ਵਿਆਹੁਤਾ, ਕੁੱਖੋਂ ਜੰਮਿਆਂ ਬੱਚਿਆਂ ਨੂੰ ਭੁੱਲ ਗਲ ਲਾ ਲਈ ਮੌਤ

ਤਪਾ ਮੰਡੀ 21 ਸਤੰਬਰ। ਸਥਾਨਕ ਆਨੰਦਪੁਰ ਬਸਤੀ 'ਚ ਦੋ ਬੱਚਿਆਂ ਦੀ ਮਾਂ ਨੇ ਅਪਣੇ ਸਹੁਰੇ ਪਰਿਵਾਰ ਤੋਂ ਦੁਖੀ ਹੋ ਕੇ ਪੱਖੇ ਨਾਲ ਲਟਕ ਕੇ ਆਤਮਹੱਤਿਆਂ ਕਰ ਲਈ। ਪੁਲਸ ਨੇ ਮ੍ਰਿਤਕਾ ਦੀ ਸੱਸ, ਜੇਠ, ਜਿਠਾਣੀ, ਨਨਾਣ ਅਤੇ ਭਤੀਜੀ ਖ਼ਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਸੰਬੰਧੀ ਮ੍ਰਿਤਕ ਕਿਰਨਾ ਦੇ ਭਰਾ ਸਿਕੰਦਰ ਸਿੰਘ ਪੁੱਤਰ ਫਕੀਰ ਚੰਦ ਵਾਸੀ ਚਕੇਰੀਆਂ (ਮਾਨਸਾ) ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਮੇਰੀ ਭੈਣ ਦਾ 12 ਸਾਲ ਪਹਿਲਾਂ ਆਨੰਦਪੁਰ ਬਸਤੀ ਦੇ ਵਸਨੀਕ ਗੁਰਦਿਆਲ ਸਿੰਘ ਦੇ ਲੜਕੇ ਬਲਵਿੰਦਰ ਸਿੰਘ ਨਾਲ ਰੀਤੀ ਰਿਵਾਜਾਂ ਨਾਲ ਵਿਆਹ ਹੋਇਆ, ਜਿਸ ਦੀ ਕੁੱਖੋਂ ਇਕ ਲੜਕਾ (9) ਸਾਲ ਅਤੇ ਇਕ ਲੜਕੀ (11) ਸਾਲ ਪੈਦਾ ਹੋਏ। ਸਹੁਰੇ ਪਰਿਵਾਰ ਦੇ ਸਰਬਜੀਤ ਕੌਰ (ਸੱਸ), ਟੀਨੂ ਸਿੰਘ (ਜੇਠ), ਚਰਨਜੀਤ ਕੌਰ (ਜਿਠਾਣੀ), ਪਰਮਜੀਤ ਕੌਰ (ਨਨਾਣ) ਅਤੇ ਅੰਕੂ ਨੇ ਮੇਰੀ ਭੈਣ ਨਾਲ ਕਲੇਸ਼ ਅਤੇ ਟਾਰਚਰ ਕਰਦੇ ਰਹਿੰਦੇ ਹਨ। ਸਿਕੰਦਰ ਸਿੰਘ ਨੇ ਇਹ ਵੀ ਦੱਸਿਆ ਕਿ ਮੇਰੀ ਭੈਣ ਨੇ ਫਾਹਾ ਲੈਣ ਤੋਂ ਪਹਿਲਾਂ ਮੇਰੀ ਵੱਡੀ ਭੈਣ ਸ਼ਿੰਦਰ ਕੌਰ ਜੋ ਪਿੰਡ ਰਾਈਆ ਵਿਖੇ ਵਿਆਹੀ ਹੋਈ ਹੈ ਨੂੰ ਮੋਬਾਇਲ ਤੇ ਦੱਸਿਆ ਕਿ ਉਕਤ ਸਹੁਰਾ ਪਰਿਵਾਰ ਮੇਰੇ



ਨਾਲ ਕਲੇਸ਼ ਅਤੇ ਕੁੱਟਮਾਰ ਕਰ ਰਿਹਾ ਜਿਸ ਦੀਆਂ ਆਵਾਜਾਂ ਮੇਰੀ ਭੈਣ ਨੂੰ ਫੋਨ ਰਾਹੀਂ ਸੁਣਾਈ ਦਿੱਤੀਆਂ। ਇਸ ਫੋਨ ਤੋਂ ਬਾਅਦ ਮ੍ਰਿਤਕਾ ਦੇ ਪਤੀ ਬਲਵਿੰਦਰ ਸਿੰਘ ਨੇ ਸਹੁਰੇ ਘਰ ਫੋਨ ਕਰਕੇ ਦੱਸਿਆ ਕਿ ਕਿਰਨਾ ਰਾਣੀ ਨੇ ਫਾਹਾ ਲੈ ਲਿਆ ਹੈ, ਤੁਸੀਂ ਜਲਦੀ ਆਉ। ਇਸ ਦੌਰਾਨ ਜਦੋਂ ਮੈਂ ਪਿੰਡ ਦੇ ਪਤਵੰਤਿਆਂ, ਮਾਂ, ਮਾਸੀ ਦੇ ਲੜਕੇ ਅਤੇ ਹੋਰਾਂ ਨੂੰ ਨਾਲ ਲੈ ਕੇ ਪੁੱਜਾ ਤਾਂ ਦੇਖਿਆ ਕਿ ਮੇਰੀ ਭੈਣ ਮੰਜੇ ਤੇ ਮ੍ਰਿਤਕ ਪਈ ਸੀ। ਮੈ ਜਦੋਂ ਆਸਪਾਸ ਤੋਂ ਜਾਂਚ ਕੀਤੀ ਤਾਂ ਪਤਾ ਲੱਗਿਆ ਕਿ ਮੇਰੀ ਭੈਣ ਨੇ ਉਕਤ ਸਹੁਰੇ ਪਰਿਵਾਰ ਤੋਂ ਤੰਗ ਪ੍ਰੇਸ਼ਾਨ ਹੋ ਕੇ ਆਪਣੀ ਜੀਵਨ ਲੀਲਾ ਸਮਾਪਤ ਕੀਤੀ ਹੈ। ਜਿਸ ਦੀ ਸੂਚਨਾ ਪੁਲਸ ਚੌਂਕੀ ਤਪਾ ਨੂੰ ਦਿੱਤੀ। ਥਾਣਾ ਮੁੱਖੀ ਸੰਦੀਪ ਸਿੰਘ, ਚੌਂਕੀ ਇੰਚਾਰਜ ਕਰਮਜੀਤ ਸਿੰਘ ਦੀ ਅਗਵਾਈ 'ਚ ਪੁੱਜੀ ਪੁਲਸ ਪਾਰਟੀ ਨੇ ਮੌਕਾ ਵਾਰਦਾਤ 'ਤੇ ਪਹੁੰਚ ਕੇ ਲਾਸ਼ ਨੂੰ ਕਬਜੇ 'ਚ ਲੈ ਕੇ ਮੋਰਚਰੀ ਰੂਮ ਬਰਨਾਲਾ ਵਿਖੇ ਭੇਜ ਦਿੱਤੀ। ਪੁਲਸ ਨੇ ਮ੍ਰਿਤਕਾ ਦੇ ਭਰਾ ਸਿਕੰਦਰ ਸਿੰਘ ਦੇ ਬਿਆਨਾਂ 'ਤੇ ਮ੍ਰਿਤਕਾ ਮਾਮਲਾ ਦਰਜ ਕਰਕੇ ਲਾਸ਼ ਦਾ ਪੋਸਟ ਮਾਰਟਮ ਕਰਵਾਕੇ ਪੇਕਾ ਪਰਿਵਾਰ ਨੂੰ ਸੌਂਪ ਦਿੱਤੀ ਹੈ। ਇਸ ਮੌਕੇ ਵੱਡੀ ਗਿਣਤੀ 'ਚ ਨਾਲ ਆਏ ਪਤਵੰਤਿਆਂ, ਰਿਸ਼ਤੇਦਾਰਾਂ ਅਤੇ ਪਿੰਡ ਨਿਵਾਸੀਆਂ ਨੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਵਾਰਦਾਤ 'ਚ ਸ਼ਾਮਲ ਸਾਰੇ ਪਰਿਵਾਰਿਕ ਮੈਂਬਰਾਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕੀਤਾ ਜਾਵੇ।

## ਨਗਰ ਨਿਗਮ ਕਮਿਸ਼ਨਰ ਨੇ ਸੁਵਿਧਾ ਕੇਂਦਰ ਦਾ ਕੀਤਾ ਨਿਰੀਖਣ

ਲੁਧਿਆਣਾ 21 ਸਤੰਬਰ। ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾਂ ਕਰਵਾਉਣ ਲਈ ਨਗਰ ਨਿਗਮ ਦੇ ਸੁਵਿਧਾ ਕੇਂਦਰਾਂ ਵਿਚ ਵੱਡੀ ਗਿਣਤੀ ਵਿਚ ਵਸਨੀਕਾਂ ਦੇ ਆਉਣ ਦੇ ਮੱਦੇਨਜ਼ਰ, ਨਗਰ ਨਿਗਮ ਕਮਿਸਨਰ ਆਦਿਤਿਆ ਡੇਚਲਵਾਲ ਨੇ ਨਗਰ ਨਿਗਮ ਜੋਨ ਡੀ ਦਫਤਰ ਦੇ ਸੁਵਿਧਾ ਕੇਂਦਰ ਦਾ ਨਿਰੀਖਣ ਕੀਤਾ। ਡੇਚਲਵਾਲ ਨੇ ਸੁਵਿਧਾ ਕੇਂਦਰ ਵਿਖੇ ਤਾਇਨਾਤ ਸਟਾਫ ਅਤੇ ਆਏ ਹੋਏ ਵਸਨੀਕਾਂ ਨਾਲ ਗੱਲਬਾਤ ਕੀਤੀ ਤਾਂ ਜੋ ਬਕਾਇਆ ਜਮ੍ਹਾਂ ਕਰਵਾਉਣ ਸਮੇਂ ਵਸਨੀਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕਿਉਂਕਿ ਚਾਲੂ ਵਿੱਤੀ ਸਾਲ



ਲਈ ਪ੍ਰਾਪਰਟੀ ਟੈਕਸ ਦੇ ਭੁਗਤਾਨ 'ਤੇ 10 ਫੀਸਦੀ ਛੋਟ ਪ੍ਰਾਪਤ ਕਰਨ ਲਈ 30 ਸਤੰਬਰ ਆਖਰੀ ਮਿਤੀ ਹੈ। ਲੰਬੀਆਂ ਕਤਾਰਾਂ ਤੋਂ ਬਚਣ ਲਈ ਆਨਲਾਈਨ ਟੈਕਸ ਦਾ ਭੁਗਤਾਨ ਵੀ ਕਰ ਸਕਦੇ ਹਨ।

### ਜਲੰਧਰ ਵਿਖੇ ਡੇਂਗੂ ਮਰੀਜਾਂ ਦੀ ਗਿਣਤੀ 'ਚ ਹੋਣ ਲੱਗਾ ਵਾਧਾ

ਜਲੰਧਰ 21 ਸਤੰਬਰ। ਸ਼ੁੱਕਰਵਾਰ ਨੂੰ ਡੇਂਗੂ ਦੇ 2 ਹੋਰ ਪਾਜੇਟਿਵ ਕੇਸ ਮਿਲਣ ਨਾਲ ਜਲੰਧਰ ਜ਼ਿਲ੍ਹੇ ਵਿਚ ਡੇਂਗੂ ਪਾਜੇਟਿਵ ਮਰੀਜਾਂ ਦੀ ਗਿਣਤੀ 40 'ਤੇ ਪਹੁੰਚ ਗਈ ਹੈ, ਜਿਸ ਵਿਚੋਂ 25 ਮਰੀਜ ਸ਼ਹਿਰੀ ਅਤੇ 15 ਦਿਹਾਤੀ ਇਲਾਕਿਆਂ ਦੇ ਰਹਿਣ ਵਾਲੇ ਹਨ। ਜ਼ਿਲ੍ਹਾ ਐਪੀਡੀਮਾਇਲੋਜਿਸਟ ਡਾ. ਸ਼ੋਭਨਾ ਬਾਂਸਲ ਨੇ ਦੱਸਿਆ ਕਿ ਸ਼ੁੱਕਰਵਾਰ ਨੂੰ ਡੇਂਗੂ ਦੇ ਸ਼ੱਕੀ 18 ਮਰੀਜਾਂ ਦੇ ਸੈਂਪਲ ਟੈਸਟ ਕੀਤੇ ਗਏ ਅਤੇ ਇਨ੍ਹਾਂ ਵਿਚੋਂ 3 ਦੀ ਰਿਪੋਰਟ ਪਾਜੇਟਿਵ ਆਈ। ਪਾਜੇਟਿਵ ਆਉਣ ਵਾਲੇ 3 ਮਰੀਜਾਂ ਵਿਚੋਂ ਪਹਿਲਾ 50 ਸਾਲਾ ਮਰਦ ਲੰਮਾ ਪਿੰਡ ਅਤੇ ਦੂਜਾ 40 ਸਾਲਾ ਮਰਦ ਕਾਲਾ ਬੱਕਰਾ ਦਾ ਰਹਿਣ ਵਾਲਾ ਹੈ, ਜਦੋਂ ਕਿ ਤੀਜਾ ਮਰੀਜ ਕਿਸੇ ਹੋਰ ਜ਼ਿਲ੍ਹੇ ਦਾ ਰਹਿਣ ਵਾਲਾ ਦੱਸਿਆ ਗਿਆ। ਡਾ. ਸ਼ੋਭਨਾ ਨੇ ਦੱਸਿਆ ਕਿ ਸਿਹਤ ਵਿਭਾਗ ਦੀਆਂ ਐਂਟੀ-ਲਾਰਵਾ ਟੀਮਾਂ ਨੇ ਸ਼ੁੱਕਰਵਾਰ ਨੂੰ 2493 ਘਰਾਂ ਦਾ ਸਰਵੇ ਕੀਤਾ ਅਤੇ ਉਨ੍ਹਾਂ ਨੂੰ 9 ਥਾਵਾਂ 'ਤੇ ਡੇਂਗੂ ਬੁਖਾਰ ਫੈਲਾਉਣ ਵਾਲੇ ਮੱਛਰਾਂ ਦਾ ਲਾਰਵਾ ਮਿਲਿਆ।

## ਕੁਵੈਤ ਤੇ ਇਰਾਕ ਦਾ ਵਰਕ ਵੀਜ਼ਾ ਲਗਵਾਉਣ ਦੇ ਨਾਂ 'ਤੇ ਧੋਖਾਧੜੀ

ਚੰਡੀਗੜ੍ਹ 21 ਸਤੰਬਰ। ਕੁਵੈਤ ਤੇ ਇਰਾਕ ਦਾ ਵਰਕ ਵੀਜ਼ਾ ਲਗਵਾਉਣ ਦੇ ਨਾਂ 'ਤੇ ਸੈਕਟਰ-22 ਸਥਿਤ ਗੋਲਡਨ ਓਵਰਸੀਜ਼ ਇਮੀਗ੍ਰੇਸ਼ਨ ਕੰਪਨੀ ਨੇ ਪੰਜਾਬ ਦੇ 2 ਨੌਜਵਾਨਾਂ ਨਾਲ ਲੱਖਾਂ ਦੀ ਧੋਖਾਧੜੀ ਕਰ ਲਈ। ਸੈਕਟਰ-17 ਥਾਣਾ ਪੁਲਸ ਨੇ ਜੈਕਰਨ ਜੋਸ਼ੀ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਮਲੇਰਕੋਟਲਾ ਦੇ ਪਿੰਡ ਭੱਟੀਆਂ ਖੁਰਦ ਦੇ ਬਘੇਲ ਸਿੰਘ ਨੇ ਸ਼ਿਕਾਇਤ 'ਚ ਦੱਸਿਆ ਕਿ ਨੌਕਰੀ ਲਈ ਕੁਵੈਤ ਜਾਣਾ ਸੀ। ਵਰਕ ਵੀਜ਼ਾ ਲਗਵਾਉਣ ਵਾਲੀ ਸੈਕਟਰ-22 ਸਥਿਤ ਗੋਲਡਨ ਓਵਰਸੀਜ਼ ਇਮੀਗ੍ਰੇਸ਼ਨ ਦੇ ਮਾਲਕ ਜੈਕਰਨ ਜੋਸ਼ੀ ਨੂੰ ਮਿਲਿਆ। 1 ਜੂਨ ਨੂੰ ਜੋਸ਼ੀ ਦੇ ਖਾਤੇ 'ਚ 80 ਹਜ਼ਾਰ ਰੁਪਏ ਜਮ੍ਹਾਂ ਕਰਵਾਏ। ਇਸ ਤੋਂ ਬਾਅਦ 15 ਹਜ਼ਾਰ ਰੁਪਏ ਇੰਸ਼ੋਰੈਂਸ ਲਈ ਦਿੱਤੇ। ਫਿਰ ਵੀ ਵੀਜ਼ਾ ਨਹੀਂ ਲਗਵਾਇਆ। ਇਸੇ ਤਰ੍ਹਾਂ ਹੁਸ਼ਿਆਰਪੁਰ ਦੇ ਮੁਕੇਰੀਆਂ ਵਾਸੀ ਜਸਵਿੰਦਰ ਸਿੰਘ ਨੇ ਦੱਸਿਆ ਕਿ ਵਰਕ ਵੀਜ਼ਾ ਲਗਵਾਉਣ ਲਈ 10 ਮਈ ਨੂੰ ਉਕਤ ਕੰਪਨੀ 'ਚ ਗਿਆ ਸੀ। ਉੱਥੇ ਜੈਕਰਨ ਜੋਸ਼ੀ ਨੂੰ ਇਕ ਲੱਖ ਸੱਤ ਹਜ਼ਾਰ ਰੁਪਏ ਦਿੱਤੇ। ਉਸ ਨੇ ਮਾਮਲੇ ਦੀ ਸ਼ਿਕਾਇਤ ਪੁਲਸ ਨੂੰ ਦਿੱਤੀ। ਸੈਕਟਰ 17 ਥਾਣਾ ਪੁਲਸ ਨੇ ਇਮੀਗ੍ਰੇਸ਼ਨ ਕੰਪਨੀ ਦੇ ਮਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ।

## ਵਾਹਨ ਚੋਰ ਗਿਰੋਹ ਦਾ ਭੰਡਾ ਭੰਨਿਆ, 5 ਚੋਰੀ ਦੇ ਮੋਟਰਸਾਈਕਲ ਬਰਾਮਦ

ਜਲੰਧਰ 21 ਸਤੰਬਰ। ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਵਿਚ ਜਲੰਧਰ ਪੁਲਸ ਕਮਿਸ਼ਨਰੇਟ ਨੇ 5 ਚੋਰੀ ਦੇ ਮੋਟਰਸਾਈਕਲਾਂ ਅਤੇ ਨਕਲੀ ਚਾਬੀਆਂ ਸਮੇਤ ਇਕ ਵਿਅਕਤੀ ਨੂੰ ਗ੍ਰਿਫਤਾਰ ਕਰਕੇ ਵਾਹਨ ਚੋਰ ਗਿਰੋਹ ਦਾ ਭੰਡਾ ਭੰਨਿਆ ਹੈ। ਏ. ਸੀ. ਪੀ. ਉੱਤਰੀ ਸ਼ੀਤਲ ਸਿੰਘ ਨੇ ਦੱਸਿਆ ਕਿ ਸੂਚਨਾ ਦੇ ਆਧਾਰ 'ਤੇ ਥਾਣਾ ਨੰਬਰ 3 ਦੀ ਪੁਲਸ ਨੇ ਪ੍ਰਤਾਪ ਬਾਗ ਜਲੰਧਰ ਨੇੜੇ ਇਕ ਹਸਪਤਾਲ ਦੇ ਬਾਹਰੋਂ ਮੋਟਰਸਾਈਕਲ ਚੋਰੀ ਕਰਨ ਵਾਲੇ ਇਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਕਿਹਾ ਕਿ ਧਰਮਿੰਦਰ ਕੁਮਾਰ ਪੁੱਤਰ ਬਜਰੰਗੀ ਨਿਵਾਸੀ ਮਕਾਨ ਨੰਬਰ 10, ਕਮਲ ਪਾਰਕ ਜਲੰਧਰ, ਜੋ ਹੁਣ ਸ਼ਿਵ ਨਗਰ ਜਲੰਧਰ ਨੇੜੇ ਰਹਿੰਦਾ ਹੈ, ਦੇ ਬਿਆਨਾਂ ਦੇ ਆਧਾਰ 'ਤੇ ਥਾਣਾ ਨੰਬਰ 3 ਵਿਚ ਮੁਕੱਦਮਾ ਦਰਜ ਕੀਤਾ ਗਿਆ ਸੀ। ਇਸ ਦੇ ਆਧਾਰ 'ਤੇ ਪੁਲਸ ਨੇ ਬਲਜੀਤ ਸਿੰਘ ਪੁੱਤਰ ਮੱਖਣ ਸਿੰਘ ਨਿਵਾਸੀ ਪਿੰਡ ਗਦਈ ਜ਼ਿਲਾ ਤਰਨਤਾਰਨ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਸ ਕੋਲੋਂ ਪੁਲਸ ਨੇ ਚੋਰੀ ਦੇ ਮੋਟਰਸਾਈਕਲ ਅਤੇ ਨਕਲੀ ਚਾਬੀਆਂ ਵੀ ਬਰਾਮਦ ਕੀਤੀਆਂ ਹਨ। ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਮੁਲਜਮ ਨੇ ਸਵੀਕਾਰ ਕੀਤਾ ਕਿ ਉਹ ਮੋਟਰਸਾਈਕਲ



ਚੋਰੀ ਦੀਆਂ ਘਟਨਾਵਾਂ ਵਿਚ ਸ਼ਾਮਲ ਹੈ ਅਤੇ ਪਹਿਲਾਂ ਵੀ ਇਸੇ ਤਰ੍ਹਾਂ ਕਈ ਮੋਟਰਸਾਈਕਲ ਚੋਰੀ ਕਰ ਚੁੱਕਾ ਹੈ। ਏ. ਸੀ. ਪੀ. ਸ਼ੀਤਲ ਸਿੰਘ ਨੇ ਦੱਸਿਆ ਕਿ ਮੁਲਜਮਾਂ ਦੇ ਬਿਆਨਾਂ ਦੇ ਆਧਾਰ 'ਤੇ ਦਾਣਾ ਮੰਡੀ ਭੰਗਾਲਾ ਜ਼ਿਲ੍ਹਾ ਤਰਨਤਾਰਨ ਨੇੜੇ ਝਾੜੀਆਂ ਅਤੇ ਦਰੱਖਤਾਂ ਹੇਠਾਂ ਲੁਕਾਏ ਬਿਨਾਂ ਨੰਬਰ ਪਲੇਟ ਵਾਲੇ 3 ਮੋਟਰਸਾਈਕਲ ਬਰਾਮਦ ਕੀਤੇ ਹਨ। ਗ੍ਰਿਫਤਾਰ ਵਿਅਕਤੀ ਦੇ ਕਬੂਲਨਾਮੇ ਤੋਂ ਬਾਅਦ ਸਿਟੀ ਰੇਲਵੇ ਸਟੇਸ਼ਨ ਜਲੰਧਰ ਨੇੜੇ ਪਾਰਕਿੰਗ ਵਿਚੋਂ ਬਿਨਾਂ ਨੰਬਰ ਪਲੇਟ ਇਕ ਹੋਰ ਮੋਟਰਸਾਈਕਲ ਬਰਾਮਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਬਲਜੀਤ ਸਿੰਘ ਖ਼ਿਲਾਫ ਜਲੰਧਰ, ਅੰਮ੍ਰਿਤਸਰ, ਮੋਗਾ, ਕਪੂਰਥਲਾ ਅਤੇ ਤਰਨਤਾਰਨ ਦੇ ਕਈ ਪੁਲਸ ਥਾਣਿਆਂ ਵਿਚ ਪਹਿਲਾਂ ਤੋਂ ਹੀ 5 ਮਾਮਲੇ ਪੈਂਡਿੰਗ ਹਨ। ਉਨ੍ਹਾਂ ਦੱਸਿਆ ਕਿ ਮਾਮਲੇ ਦੀ ਅੱਗੇ ਜਾਂਚ ਕੀਤੀ ਜਾ ਰਹੀ ਹੈ, ਜਿਸ ਤੋਂ ਬਾਅਦ ਹੋਰ ਖੁਲਾਸੇ ਹੋਣ ਦੀ ਸੰਭਾਵਨਾ ਹੈ।

## ਕਾਲਜ ਦੀ ਫੀਸ ਜਮ੍ਹਾ ਕਰਵਾਉਣ ਜਾ ਰਹੇ ਨੌਜਵਾਨ ਨਾਲ ਰਸਤੇ 'ਚ ਹੋ ਗਿਆ ਕਾਂਡ

ਜਲੰਧਰ 21 ਸਤੰਬਰ। ਮਕਸੂਦਾਂ ਸਬਜੀ ਮੰਡੀ ਨੇੜੇ 4 ਲੁਟੇਰਿਆਂ ਨੇ ਕਾਲਜ ਦੀ ਫੀਸ ਜਮ੍ਹਾ ਕਰਵਾਉਣ ਜਾ ਰਹੇ ਇਕ ਨੌਜਵਾਨ ਨਾਲ ਕੁੱਟਮਾਰ ਕਰ ਕੇ ਉਸ ਕੋਲੋਂ ਸਾਰੇ ਪੈਸੇ ਲੁੱਟ ਲਏ। ਪੁਲਸ ਨੂੰ ਇਸ ਸਬੰਧੀ ਸ਼ਿਕਾਇਤ ਦੇ ਦਿੱਤੀ ਗਈ ਹੈ। ਜਾਣਕਾਰੀ ਦਿੰਦਿਆਂ ਕੁਣਾਲ ਕੁਮਾਰ ਪੁੱਤਰ ਤਰੁਣ ਕੁਮਾਰ ਨਿਵਾਸੀ ਨੰਦਨਪੁਰ ਰੋਡ ਨਿਊ ਜਵਾਲਾ ਨਗਰ ਨੇ ਦੱਸਿਆ ਕਿ ਦੁਪਹਿਰ 2 ਵਜੇ ਉਹ ਫੀਸ ਜਮ੍ਹਾ ਕਰਵਾਉਣ ਲਈ ਕਾਲਜ ਵੱਲ ਜਾ ਰਿਹਾ ਸੀ। ਜਿਉਂ ਹੀ ਉਹ ਮਕਸੂਦਾਂ ਸਬਜੀ ਮੰਡੀ ਨੇੜੇ ਰਾਧਾ ਸੁਆਮੀ ਡੇਰੇ ਕੋਲ ਕੱਚੀ ਸੜਕ 'ਤੇ ਪੁੱਜਾ ਤਾਂ ਪਿੱਛਿਓਂ ਆਏ ਇਕ ਨੌਜਵਾਨ ਨੇ ਉਸ ਨੂੰ ਰੋਕਿਆ ਅਤੇ ਪੈਸਿਆਂ ਦੀ ਮੰਗ ਕਰਨ ਲੱਗਾ। ਵਿਰੋਧ ਕਰਨ 'ਤੇ ਉਸ ਦੇ 3 ਹੋਰ ਸਾਥੀ ਵੀ ਉਥੇ ਪਹੁੰਚ ਗਏ, ਜਿਨ੍ਹਾਂ ਨੇ ਕੁਣਾਲ ਨੂੰ ਬੁਰੀ ਤਰ੍ਹਾਂ ਕੁੱਟਿਆ ਅਤੇ ਉਸ ਦੀ ਜੇਬ ਵਿਚੋਂ ਫੀਸ ਦੇ 25 ਹਜਾਰ ਰੁਪਏ ਕੱਢ ਕੇ ਫਰਾਰ ਹੋ ਗਏ। ਪੁਲਸ ਨੂੰ ਸ਼ਿਕਾਇਤ ਮਿਲਣ ਤੋਂ ਬਾਅਦ ਉਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

## ਘਰ ਦੇ ਬਾਹਰ ਨੌਜਵਾਨ 'ਤੇ ਡੰਡਿਆਂ ਅਤੇ ਲੋਹੇ ਦੀਆਂ ਰਾਡਾਂ ਨਾਲ ਹਮਲਾ

ਚੰਡੀਗੜ੍ਹ 21 ਸਤੰਬਰ। ਡੰਡੇ ਅਤੇ ਤੇਜ਼ਧਾਰ ਚੀਜਾਂ ਨਾਲ ਲੈਸ ਅੱਧੀ ਦਰਜਨ ਨੌਜਵਾਨਾਂ ਨੇ ਸੈਕਟਰ-25 ਸਥਿਤ ਇਕ ਘਰ ਦੇ ਬਾਹਰ ਬਾਈਕ 'ਤੇ ਬੈਠੇ ਨੌਜਵਾਨ 'ਤੇ ਹਮਲਾ ਕੀਤਾ ਅਤੇ ਫ਼ਰਾਰ ਹੋ ਗਏ। ਪੁਲਸ ਨੇ ਨੌਜਵਾਨ ਨੂੰ ਗੰਭੀਰ ਹਾਲਤ 'ਚ ਸੈਕਟਰ-16 ਦੇ ਜਨਰਲ ਹਸਪਤਾਲ 'ਚ ਦਾਖ਼ਲ ਕਰਵਾਇਆ। ਜ਼ਖਮੀ ਦੀ ਪਛਾਣ ਰੁਪੇਸ਼ ਉਰਫ ਦੀਪਕ ਵਜੋਂ ਹੋਈ ਹੈ। ਪਰਿਵਾਰਕ ਮੈਂਬਰ ਮਾਮਲਾ ਦਰਜ ਕਰਵਾਉਣ ਲਈ ਥਾਣੇ ਦੇ ਗੇੜੇ ਮਾਰਦੇ ਰਹੇ, ਜਦੋਂ ਕਿ ਕੁੱਟਮਾਰ ਦੀ ਸਾਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ 'ਚ ਕੈਦ ਹੋ ਗਈ। ਉਨ੍ਹਾਂ ਐੱਸ. ਐੱਸ. ਪੀ. ਸਾਹਮਣੇ ਬੇਨਤੀ ਕੀਤੀਅ ਤੇ ਬਾਅਦ 'ਚ ਸੈਕਟਰ-11 ਥਾਣੇ ਦੀ ਪੁਲਸ ਨੇ ਹਮਲਾਵਰ ਰੋਹਨ ਤੇ ਹੋਰਨਾਂ ਖ਼ਿਲਾਫ਼ ਕੁੱਟਮਾਰ ਦਾ ਮਾਮਲਾ ਦਰਜ ਕੀਤਾ। ਰੁਪੇਸ਼ ਉਰਫ ਦੀਪਕ ਨੇ ਪੁਲਸ ਨੂੰ ਦਿੱਤੀ ਆਪਣੀ ਸ਼ਿਕਾਇਤ 'ਚ ਦੱਸਿਆ ਕਿ 8 ਸਤੰਬਰ ਨੂੰ ਉਹ ਆਪਣੇ ਘਰ ਦੇ ਬਾਹਰ ਬਾਈਕ 'ਤੇ ਬੈਠਾ ਸੀ ਅਤੇ ਰੋਹਨ ਆਪਣੇ ਦੋਸਤਾਂ ਨਾਲ ਉਸ ਕੋਲ ਆਇਆ। ਸਾਰਿਆਂ ਦੇ ਹੱਥਾਂ 'ਚ ਡੰਡੇ ਅਤੇ ਤਿੱਖੀ ਚੀਜ਼ ਸੀ। ਰੋਹਨ ਨੇ ਉਸ ਨਾਲ ਗਾਲੀ-ਗਲੋਚ ਕੀਤੀ ਤਾਂ ਸ਼ਿਕਾਇਤਕਰਤਾ ਨੇ ਉਸ ਦਾ ਵਿਰੋਧ ਕਰਨਾ ਸ਼ੁਰੂ ਕੀਤਾ ਤਾਂ ਰੋਹਨ ਅਤੇ ਉਸ ਦੇ ਸਾਥੀਆਂ ਨੇ ਉਸ 'ਤੇ ਹਮਲਾ ਕਰ ਦਿੱਤਾ। ਮੁਲਜ਼ਮ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਫਰਾਰ ਹੋ ਗਏ। ਪਰਿਵਾਰ ਨੇ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ। ਪੁਲਸ ਨੇ ਮੌਕੇ 'ਤੇ ਪਹੁੰਚ ਕੇ ਜ਼ਖਮੀ ਨੂੰ ਹਸਪਤਾਲ ਦਾਖਲ ਕਰਵਾਇਆ। ਸ਼ਿਕਾਇਤਕਰਤਾ ਦੇ ਪਰਿਵਾਰਕ ਮੈਂਬਰ ਸੈਕਟਰ-24 ਚੌਂਕੀ ਪੁਲਸ ਕੋਲ ਹਮਲਾਵਰਾਂ ਖ਼ਿਲਾਫ਼ ਮਾਮਲਾ ਦਰਜ ਕਰਵਾਉਣ ਲਈ ਗਏ ਤਾਂ ਐੱਮ. ਐੱਲ. ਸੀ. ਰਿਪੋਰਟ ਨਾ ਮਿਲਣ ਕਾਰਨ ਮਾਮਲਾ ਦਰਜ ਨਹੀਂ ਕੀਤਾ ਗਿਆ। ਅਖੀਰ 'ਚ ਜ਼ਖਮੀ ਅਤੇ ਉਸਦੇ ਪਰਿਵਾਰਕ ਮੈਂਬਰ ਐੱਸ. ਐੱਸ. ਪੀ. ਕੋਲ ਗਏ ਅਤੇ ਕੁੱਟਮਾਰ ਦੀ ਸੀ.ਸੀ.ਟੀ.ਵੀ. ਫੁਟੇਜ ਦਿਖਾਈ। ਐੱਸ.ਐੱਸ.ਪੀ. ਨੇ ਫੁਟੇਜ ਦੇਖਣ ਤੋਂ ਬਾਅਦ ਮਾਮਲਾ ਦਰਜ ਕਰਨ ਦੇ ਹੁਕਮ ਜਾਰੀ ਕੀਤੇ ਸਨ।

### ਰੰਜਿਸ਼ ਦੇ ਚਲਦਿਆਂ ਦੋ ਭਰਾਵਾਂ ਨਾਲ ਕੀਤੀ ਕੁੱਟਮਾਰ

ਟਾਂਡਾ ਉੜਮੁੜ 21 ਸਤੰਬਰ। ਅਨਾਜ ਮੰਡੀ ਖੋਖਰ ਵਿਚ ਕਿਸੇ ਰੰਜਿਸ਼ ਦੇ ਚਲਦਿਆਂ ਦੋ ਭਰਾਵਾਂ ਨਾਲ ਤੇਜਧਾਰ ਹਥਿਆਰਾਂ ਨਾਲ ਕੁੱਟਮਾਰ ਕਰਨ ਵਾਲਿਆਂ ਖ਼ਿਲਾਫ ਟਾਂਡਾ ਪੁਲਸ ਨੇ ਮਾਮਲਾ ਦਰਜ ਕੀਤਾ ਹੈ। ਪੁਲਸ ਨੇ ਇਹ ਮਾਮਲਾ ਕੁੱਟਮਾਰ ਦਾ ਸ਼ਿਕਾਰ ਹੋਏ ਮਨਜਿੰਦਰ ਸਿੰਘ ਪੁੱਤਰ ਕੁਲਦੀਪ ਸਿੰਘ ਵਾਸੀ ਰਾਏਪੁਰ ਦੇ ਬਿਆਨ ਦੇ ਆਧਾਰ 'ਤੇ ਕਮਲ ਪੁੱਤਰ ਦਵਿੰਦਰ ਸਿੰਘ ਵਾਸੀ ਦਾਤਾ, ਸੀਤੂ ਵਾਸੀ ਕੁਰਾਲਾ ਕਲਾ,ਘੁੱਦਾ, ਰਮਨ ਅਤੇ ਕਮਲ ਵਾਸੀ ਘੋੜੇਵਾਹਾ ਅਤੇ ਅਣਪਛਾਤੇ ਵਿਅਕਤੀਆਂ ਖ਼ਿਲਾਫ ਦਰਜ ਕੀਤਾ ਹੈ। ਆਪਣੇ ਬਿਆਨ ਵਿਚ ਮਨਜਿੰਦਰ ਸਿੰਘ ਨੇ ਦੱਸਿਆ ਕਿ ਇਨ੍ਹਾਂ ਮੁਲਜਮਾਂ ਨੇ 3 ਸਤੰਬਰ ਨੂੰ ਉਸ ਨੂੰ ਅਤੇ ਉਸ ਦੇ ਭਰਾ ਲਖਵਿੰਦਰ ਸਿੰਘ ਨਾਲ ਕੁੱਟਮਾਰ ਕਰਕੇ ਜਖਮੀ ਕਰ ਦਿੱਤਾ ਸੀ।

## ਪੰਜਾਬ ਵਿਚ ਵੱਡਾ ਧਮਾਕਾ, ਕੰਬ ਗਿਆ ਪੂਰਾ ਇਲਾਕਾ

ਪਟਿਆਲਾ 21 ਸਤੰਬਰ। ਪਟਿਆਲਾ ਦੇ ਜਗਤਾਰ ਨਗਰ ਵਿਚ ਉਸ ਵੇਲੇ ਹਾਲਾਤ ਭਿਆਨਕ ਬਣ ਗਏ ਜਦੋਂ ਇਕ ਘਰ ਵਿਚ ਜੋਰਦਾਰ ਧਮਾਕਾ ਹੋ ਗਿਆ। ਇਹ ਧਮਾਕਾ ਉਸ ਸਮੇਂ ਹੋਇਆ ਜਦੋਂ ਪੂਰਾ ਪਰਿਵਾਰ ਬੈਠ ਕੇ ਰੋਟੀ ਖਾ ਰਿਹਾ ਸੀ। ਜੋਰਦਾਰ ਧਮਾਕੇ ਨਾਲ ਪਰਿਵਾਰ ਅਤੇ ਆਂਢ ਗੁਆਂਢ ਦੇ ਲੋਕ ਸਹਿਮ ਗਏ। ਪਰਿਵਾਰ ਦੇ ਦੱਸਣ ਮੁਤਾਬਿਕ ਘਰ ਵਿਚ



ਗੈਸ ਪਾਈਪ ਲਾਈਨ ਪੈ ਰਹੀ ਸੀ ਜਿਸਦੀ ਅਜੇ ਸੁਰੂਆਤ ਨਹੀਂ ਹੋਈ ਪਰ ਗੈਸ ਪਾਈਪ ਲਾਈਨ ਵਾਲੀ ਟੀਮ ਪੂਰੇ ਮੁਹੱਲੇ ਵਿਚ ਇਸ ਗੈਸ ਪਾਈਪ ਲਾਈਨ ਦਾ ਜਾਇਜਾ ਲੈ ਰਹੇ ਸੀ ਤਾਂ ਉਸੇ ਵੇਲੇ ਇਹ ਬਲਾਸਟ ਹੋ ਗਿਆ। ਦੱਸ ਦਈਏ ਕਿ ਪਹਿਲਾਂ ਘਰ ਵਿਚ ਖਾਣਾ ਬਣਾਉਣ ਲਈ ਆਮ ਗੈਸ ਸਿਲੰਡਰ ਦੀ ਵਰਤੋਂ ਕੀਤੀ ਜਾਂਦੀ ਸੀ ਪਰ ਹੁਣ ਕੰਪਨੀ ਵੱਲੋਂ ਇਸ ਪ੍ਰੋਜੇਕਟ ਨੂੰ ਲਿਆਂਦਾ ਗਿਆ ਹੈ, ਜੋ ਇਕ ਨੈਚੁਰਲ ਗੈਸ ਹੈ ਪਰ ਇਸ ਗੈਸ ਪਾਈਪ ਲਾਈਨ ਨਾਲ ਘਰ ਵਿਚ ਵੱਡਾ ਹਾਦਸਾ ਹੋਣ ਤੋਂ ਬਚਾਅ ਹੋਇਆ ਹੈ। ਘਰ ਵਿਚ ਹੋਏ ਬਲਾਸਟ ਤੋਂ ਬਾਅਦ ਪਰਿਵਾਰ ਅਤੇ ਇਲਾਕੇ ਵਿਚ ਵਿਚ ਸਹਿਮ ਦਾ ਮਾਹੌਲ ਹੈ।

## ਪੰਜਾਬ ਵਿਚ ਔਰਤਾਂ ਅਤੇ ਸਕੂਲੀ ਬੱਚਿਆਂ ਨੂੰ ਲੈ ਕੇ ਜਾਰੀ ਹੋਈ ਚਿਤਾਵਨੀ

ਅੰਮ੍ਰਿਤਸਰ 21 ਸਤੰਬਰ। ਸਿਹਤ ਵਿਭਾਗ ਵੱਲੋਂ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀ ਮਾਵਾਂ ਨੂੰ ਐਨਰਜੀ ਡਰਿੰਕਸ ਨਾ ਲੈਣ ਦੀ ਹਦਾਇਤ ਕੀਤੀ ਗਈ ਹੈ। ਵਿਭਾਗ ਨੇ ਸਪੱਸ਼ਟ ਕੀਤਾ ਹੈ ਕਿ ਸਰੀਰਕ ਨੁਕਸਾਨ ਦੇ ਮੱਦੇਨਜਰ ਐਨਰਜੀ ਡਰਿੰਕ ਬੱਚਿਆਂ ਅਤੇ ਗਰਭਵਤੀ ਮਾਵਾਂ 'ਤੇ ਜ਼ਿਆਦਾ ਅਸਰ ਦਿਖਾ ਸਕਦੀ ਹੈ। ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਇਸ ਸਬੰਧੀ ਵਿਭਾਗ ਦੇ ਅਧਿਕਾਰੀਆਂ ਅਤੇ ਮੁਲਾਜਮਾਂ ਨੂੰ ਆਮ ਜਨਤਾ ਨੂੰ ਜਾਗਰੂਕ ਕਰਨ ਸਬੰਧੀ ਹੁਕਮ ਦਿੱਤੇ ਹਨ। ਉਨ੍ਹਾਂ ਦੱਸਿਆ ਲੋਕਾਂ ਦੀ ਸਿਹਤ ਨਾਲ ਹੋਣ ਵਾਲੇ ਖਿਲਵਾੜ ਨੂੰ ਰੋਕਣ ਦੇ ਮਕਸਦ



ਨਾਲ ਸਿਹਤ ਵਿਭਾਗ ਦੀਆਂ ਟੀਮ ਵੱਲੋਂ ਵੱਖ-ਵੱਖ ਫੂਡ ਬਿਜ਼ਨੈੱਸ ਆਪ੍ਰੇਟਰਾਂ ਪਾਸੋਂ ਖਾਣ ਪੀਣ ਵਾਲੀਆਂ ਵਸਤੂਆਂ ਦੇ ਸੈਂਪਲ ਲਏ ਜਾ ਰਹੇ ਹਨ। ਉਨ੍ਹਾਂ ਮਿਲਾਵਟਖੋਰਾਂ ਨੂੰ ਸਖਤ ਚਿਤਾਵਨੀ ਦਿੰਦਿਆਂ ਕਿਹਾ ਕਿ ਉਹ ਆਪਣੀਆਂ ਹਰਕਤਾਂ ਤੋਂ ਬਾਜ ਆ ਜਾਣ ਨਹੀਂ ਤਾਂ ਉਨ੍ਹਾਂ ਵਿਰੁੱਧ ਸਖਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਸਕੂਲਾਂ ਦੇ ਅਧਿਕਾਰੀਆਂ ਨੂੰ ਵੀ ਖਾਸ ਅਪੀਲ ਕੀਤੀ ਗਈ ਹੈ ਕਿ ਉਹ ਸਕੂਲਾਂ ਵਿਚ ਵੀ ਇਨ੍ਹਾਂ ਐਨਰਜੀ ਡ੍ਰਿੰਕਸ ਤੋਂ ਹੋਣ ਵਾਲੇ ਨੁਕਸਾਨ ਬਾਰੇ ਬੱਚਿਆਂ ਨੂੰ ਵਾਰ-ਵਾਰ ਜਾਗਰੂਕ ਕਰਵਾਉਂਦੇ ਰਹਿਣ। ਇਸ ਸਬੰਧੀ ਪਹਿਲਾਂ ਵੀ ਫੂਡ ਬਿਜ਼ਨੇਸ ਅਪਰੇਟਰਾਂ ਦੇ ਜਾਗਰੂਕ ਕੈਂਪ ਲਗਾਏ ਜਾ ਚੁੱਕੇ ਹਨ। ਦੂਸਰੇ ਪਾਸੇ ਸਹਾਇਕ ਦੀ ਫੂਡ ਕਮਿਸਨਰ ਰਜਿੰਦਰ ਪਾਲ ਸਿੰਘ ਨੇ ਦੱਸਿਆ ਤਿਉਹਾਰਾਂ ਦੇ ਮੱਦੇਨਜ਼ਰ ਫੂਡ ਸੇਫਟੀ ਟੀਮਾਂ ਵੱਲੋਂ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਅਤੇ ਵੱਖ-ਵੱਖ ਦੁਕਾਨਾਂ ਦੇ ਸੈਂਪਲ ਵੀ ਭਰੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਮਿਲਾਵਟਖੋਰਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਡੇਅਰੀਆਂ ਅਤੇ ਦੁਕਾਨਾਂ ਚੈੱਕ ਕੀਤੀਆਂ ਗਈਆਂ ਅਤੇ ਦੁਕਾਨਦਾਰਾਂ ਨੂੰ ਸਾਫ-ਸੁਥਰੀਆਂ ਅਤੇ ਚੰਗੇ ਮਟੀਰੀਅਲ ਨਾਲ ਤਿਆਰ ਕੀਤੀਆਂ ਗਈਆਂ ਵਸਤੂਆਂ ਵੇਚਣ ਸਬੰਧੀ ਅਪੀਲ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸਾਰੇ ਫੂਡ ਬਿਜ਼ਨੈੱਸ ਆਪ੍ਰੇਟਰਾਂ ਨੂੰ ਲਾਈਸੈਂਸ/ਰਜਿਸਟ੍ਰੇਸ਼ਨ ਲੈਣ ਸਬੰਧੀ ਕਿਹਾ ਗਿਆ ਹੈ ਅਤੇ ਇਸ ਦੇ ਨਾਲ ਹੀ ਉਨ੍ਹਾਂ ਨੇ ਸਾਰਿਆਂ ਨੂੰ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਅਤੇ ਗਰਭਵਤੀ ਮਾਵਾਂ ਨੂੰ ਐਨਰਜੀ ਡਰਿੰਕਸ ਨਾ ਵੇਚਣ ਦੀ ਸਖਤ ਹਦਾਇਤ ਕੀਤੀ ਨਾਲ ਹੀ ਸਥਾਨਕ ਲੋਕਾਂ ਨੂੰ ਜਾਗਰੂਕ ਕਰਦੇ ਹੋਏ ਅਪੀਲ ਕੀਤੀ ਕਿ ਕੋਈ ਵੀ ਸਾਮਾਨ ਖ਼ਰੀਦਣ ਤੋਂ ਪਹਿਲਾਂ ਉਸ ਦੀ ਐਕਸਪਾਇਰੀ 'ਤੇ ਵਾਰਨਿੰਗ ਚੰਗੀ ਤਰ੍ਹਾਂ ਪੜ੍ਹ ਲਈ ਜਾਵੇ ਤਾਂ ਜੋ ਕਿਸੇ ਖਾਸ ਉਮਰ ਵਿਚ ਖਾਣ-ਪੀਣ ਵਾਲੀਆਂ ਵਸਤੂਆਂ ਨਾਲ ਹੋਣ ਵਾਲੇ ਨੁਕਸਾਨ ਤੋਂ ਬਚਿਆ ਜਾ ਸਕੇ। ਉਨ੍ਹਾਂ ਦੱਸਿਆਂ ਕਿ 18 ਸਾਲ ਤੋਂ ਘੱਟ ਉਮਰ ਅਤੇ ਗਰਭਵਤੀ ਔਰਤਾਂ 'ਤੇ ਐਨਰਜੀ ਡ੍ਰਿੰਕਸ ਪੀਣ ਕਾਰਨ ਹੋਣ ਵਾਲੇ ਨੁਕਸਾਨ ਸਬੰਧੀ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਵੱਲੋਂ ਸਮੇਂ-ਸਮੇਂ 'ਤੇ ਹੋਣ ਵਾਲੀ ਸੇਫ਼ ਫੂਡ ਐਂਡ ਹੈਲਦੀ ਡਾਇਟ ਸੰਬੰਧੀ ਜ਼ਿਲਾ ਪੱਧਰੀ ਮੀਟਿੰਗ ਵਿਚ ਵੀ ਇਸ ਮੁੱਦੇ 'ਤੇ ਸਾਰਿਆਂ ਨੂੰ ਜਾਗਰੂਕ ਕੀਤਾ ਜਾ ਚੁੱਕਾ ਹੈ।

### ਕੱਥੂਨੰਗਲ 'ਚ ਬੈਂਕ ਲੁੱਟੇ ਜਾਣ ਦੀ ਘਟਨਾ ਦੇ ਮਾਮਲੇ ਵਿਚ ਨਵਾਂ ਮੋੜ

ਕੱਥੂਨੰਗਲ 21 ਸਤੰਬਰ। ਪਿਛਲੇ ਦਿਨੀਂ ਪੁਲਸ ਥਾਣਾ ਕੱਥੂਨੰਗਲ ਅਧੀਨ ਆਉਂਦੇ ਪਿੰਡ ਗੋਪਾਲਪੁਰ ਮੱਝ ਵਿੰਡ ਵਿਖੇ ਸਥਿਤ ਐੱਚ. ਡੀ. ਐੱਫ. ਸੀ. ਬੈਂਕ ਵਿਚ 5 ਹਥਿਆਰਬੰਦ ਲੁਟੇਰਿਆਂ ਵਲੋਂ ਹਥਿਆਰਾਂ ਦੀ ਨੋਕ 'ਤੇ 25 ਲੱਖ ਰੁਪਏ ਦੀ ਲੁੱਟ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ। ਇਨ੍ਹਾਂ 5 ਲੁਟੇਰਿਆਂ ਦੀਆਂ ਸੀ. ਸੀ. ਟੀ. ਵੀ. ਤਸਵੀਰਾ ਸਾਹਮਣੇ ਆਈਆਂ ਹਨ। ਸੀ. ਸੀ. ਟੀ. ਵੀ. ਕੈਮਰਿਆਂ 'ਚ ਕੈਦ ਹੋਈਆਂ ਤਸਵੀਰਾਂ ਵਿਚ ਇਹ ਵੇਖਣ 'ਚ ਆਇਆ ਹੈ ਕਿ 5 ਦੀ ਗਿਣਤੀ ਵਿਚ ਆਏ ਲੁਟੇਰੇ 2 ਮੋਟਰਸਾਈਕਲਾਂ 'ਤੇ ਸਵਾਰ ਸਨ ਤੇ ਉਨ੍ਹਾਂ ਨੇ ਆਪਣੇ ਮੂੰਹ ਕੱਪੜੇ ਨਾਲ ਢੱਕੇ ਹੋਏ ਸਨ। ਦੱਸਣਯੋਗ ਹੈ ਕਿ ਬੀਤੀ 18 ਤਰੀਕ ਨੂੰ 3 ਵਜੇ ਦੇ ਕਰੀਬ 15 ਲੁਟੇਰੇ ਐੱਚ. ਡੀ. ਐੱਫ. ਸੀ. ਬੈਂਕ ਵਿਚ ਹਥਿਆਰਾਂ ਸਮੇਤ ਦਾਖਲ ਹੋਏ ਸਨ, ਜਿਨ੍ਹਾਂ ਵਲੋਂ ਬੈਂਕ ਸਟਾਫ ਤੇ ਗਾਰਡ ਨੂੰ ਬੰਦੀ ਬਣਾ ਕੇ 25 ਲੱਖ ਦੀ ਲੁੱਟ ਨੂੰ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਕਈ ਦਿਨਾਂ ਤੋਂ ਲਾਪਤਾ ਸੀ ਵਿਅਕਤੀ, ਖੇਤਾਂ ਵਿਚ ਅਜਿਹੀ ਹਾਲਤ ‘ਚ ਮਿਲੀ ਲਾਸ਼ ਦੇਖ ਦਹਿਲ ਗਿਆ ਪਰਿਵਾਰ

ਸੁਨਾਮ ਊਧਮ ਸਿੰਘ ਵਾਲਾ 21 ਸਤੰਬਰ। ਨਜਦੀਕੀ ਪਿੰਡ ਮਹਿਲਾਂ ਦਾ ਇੱਕ ਵਿਅਕਤੀ ਜੋ ਕਈ ਦਿਨਾਂ ਤੋਂ ਘਰੋਂ ਲਾਪਤਾ ਸੀ ਉਸ ਦੀ ਲਾਪਤਾ ਦੀ ਰਿਪੋਰਟ ਘਰ ਵਾਲਿਆਂ ਵੱਲੋਂ ਥਾਣੇ ਵਿਚ ਵੀ ਲਿਖਵਾਈ ਗਈ ਸੀ ਦੀ ਅੱਜ ਲਾਸ ਉਨ੍ਹਾਂ ਦੇ ਖੇਤਾਂ ਵਿਚ ਸੜੀ ਹੋਈ ਮਿਲੀ। ਮੌਕੇ ‘ਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜੇ ਵਿਚ ਲੈ ਕੇ ਸਥਾਨਕ ਸਿਵਲ ਹਸਪਤਾਲ ਵਿਚ ਪੋਸਟਮਾਰਟਮ ਲਈ ਭਿਜਵਾ ਦਿੱਤਾ। ਇਸ ਸਬੰਧੀ ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਉਹ ਅੱਜ ਸਵੇਰੇ ਆਪਣੇ ਖੇਤਾਂ ਵਿਚ ਗਿਆ ਸੀ ਤਾਂ ਉੱਥੇ ਕੁੱਤੇ ਭੌਂਕ ਰਹੇ ਸੀ ਜਦੋਂ ਉਸ ਕੁੱਤਿਆਂ ਦੇ ਮਗਰ ਗਿਆ ਤਾਂ ਦੇਖਿਆ ਕਿ ਇਕ 95% ਸੜੀ ਹੋਈ ਲਾਸ ਉੱਥੇ ਪਈ ਹੈ ਅਤੇ ਉਸਦੀਆਂ ਚੱਪਲਾਂ ਵੀ ਥੋੜੀ ਦੂਰੀ ‘ਤੇ ਪਈਆਂ ਸਨ ਜਿਸ ਨੂੰ ਲੈ ਕੇ ਪੁਲਸ ਨੂੰ ਇਤਲਾਹ ਦਿੱਤੀ ਗਈ। ਮ੍ਰਿਤਕ ਦੇ ਰਿਸਤੇਦਾਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਇਸ ਦੀ ਲਾਪਤਾ ਹੋਣ ਦੀ ਸੂਚਨਾ ਪੁਲਸ ਨੂੰ ਪਹਿਲਾਂ ਹੀ ਦੇ ਦਿੱਤੀ ਸੀ। ਉਨ੍ਹਾਂ ਨੇ ਕਿਹਾ ਕਿ ਪੁਲਸ ਨੂੰ ਇਸ ਦੀ ਡੂੰਘਾਈ ਨਾਲ ਜਾਂਚ ਕਰਕੇ ਸੱਚ ਸਾਹਮਣੇ ਲਿਆਉਣਾ ਚਾਹੀਦਾ ਹੈ ਕਿ ਕਰਮਜੀਤ ਸਿੰਘ ਨਾਲ ਹੋਇਆ ਕੀ ਸੀ। ਇਸ ਸਬੰਧੀ ਥਾਣਾ ਮਹਿਲਾ ਚੌਂਕੀ ਦੇ ਇੰਚਾਰਜ ਕਰਮ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਲਾਸ ਨੂੰ ਕਬਜੇ ਵਿਚ ਲੈ ਕੇ ਸੁਨਾਮ ਸਿਵਲ ਹਸਪਤਾਲ ਵਿਚ ਪੋਸਟਮਾਰਟਮ ਲਈ ਲੈ ਜਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਖੇਤਾਂ ਵਿਚ ਗਰਚੇ ਵੀ ਸੜੇ ਹੋਏ ਸੀ ਅਤੇ ਇਹ ਲਾਸ ਵੀ ਕਾਫੀ ਸੜੀ ਹੋਈ ਸੀ। ਮ੍ਰਿਤਕ ਦੇ ਪਰਿਵਾਰਾਂ ਦੇ ਬਿਆਨਾਂ ਦੇ ਆਧਾਰ ‘ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

## ਕੰਮ ਨਾ ਮਿਲਣ ਕਾਰਨ ਪਰੇਸ਼ਾਨ ਚੱਲ ਰਿਹਾ ਸੀ ਨੌਜਵਾਨ

ਡੇਰਾਬੱਸੀ 21 ਸਤੰਬਰ। ਮੁਬਾਰਕਪੁਰ ਰਾਮਗੜ੍ਹ ਰੋਡ ’ਤੇ ਪਿੰਡ ਦਫਰਪੁਰ ਦੀ ਗੁਰੂ ਨਾਨਕ ਨਗਰ ਕਾਲੋਨੀ ’ਚ ਨੌਜਵਾਨ ਨੇ ਬੀਤੀ ਸਾਮ ਪਹਿਲੀ ਮੰਜ਼ਿਲ ਦੇ ਕਮਰੇ ’ਚ ਫਾਹਾ ਲੈ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਦੀ ਪਛਾਣ ਅਜੇ ਪਾਚਲ (33) ਪੁੱਤਰ ਬਲਵਾਨ ਪਾਚਲ ਵਜੋਂ ਹੋਈ ਹੈ। ਏ. ਐੱਸ. ਆਈ. ਲਖਵਿੰਦਰ ਸਿੰਘ ਨੇ ਦੱਸਿਆ ਕਿ ਅਜੇ ਪਾਚਲ ਮੂਲ ਰੂਪ ’ਚ ਹਰਿਆਣਾ ਦਾ ਰਹਿਣ ਵਾਲਾ ਸੀ। ਉਸ ਦਾ ਵਿਆਹ 2 ਸਾਲ ਪਹਿਲਾਂ ਹੋਇਆ ਸੀ ਪਰ ਉਸ ਦਾ ਕੋਈ ਬੱਚਾ ਨਹੀਂ ਸੀ। ਉਹ ਪੇਸੇ ਤੋਂ ਡਰਾਈਵਰ ਸੀ ਪਰ ਉਸ ਨੂੰ ਕਾਫੀ ਸਮੇਂ ਤੋਂ ਕੰਮ ਨਹੀਂ ਮਿਲ ਰਿਹਾ ਸੀ। ਇਸ ਕਾਰਨ ਉਹ ਪਰੇਸ਼ਾਨ ਰਹਿੰਦਾ ਸੀ। ਐਤਵਾਰ ਦੁਪਹਿਰ ਨੂੰ ਉਹ ਪਹਿਲੀ ਮੰਜ਼ਿਲ ’ਤੇ ਕਮਰੇ ’ਚ ਸੌਣ ਲਈ ਚਲਾ ਗਿਆ। ਉਸ ਦੀ ਕਰੀਬ 15 ਸਾਲ ਦੀ ਸਾਲੀ ਵੀ ਘਰ ’ਚ ਹੀ ਸੀ। ਸਾਮ ਸਾਢੇ 7 ਵਜੇ ਜਦੋਂ ਉਹ ਜੀਜੇ ਨੂੰ ਜਗਾਉਣ ਗਈ ਤਾਂ ਉਸ ਦੀ ਲਾਸ਼ ਦਰਵਾਜੇ ਉੱਪਰ ਗਰਿੱਲ ਨਾਲ ਬੰਨ੍ਹੇ ਫਾਹੇ ਨਾਲ ਲਟਕੀ ਸੀ।

# ਸਹੇਲੀ ਦੇ ਨਾਜਾਇਜ ਸਬੰਧਾਂ ਦੇ ਚੱਕਰ ‘ਚ ਖੁਦ ਫਸ ਗਈ ਨਾਬਾਲਗ ਕੁੜੀ, ਹੋਇਆ ਉਹ ਜੋ ਸੋਚਿਆ ਵੀ ਨਾ ਸੀ

ਤਰਨਤਾਰਨ 21 ਸਤੰਬਰ। ਨਾਬਾਲਿਗ ਕੁੜੀ ਨੂੰ ਵਿਆਹ ਦਾ ਝਾਂਸਾ ਦੇ ਕੇ ਨਾਜਾਇਜ਼ ਸਬੰਧ ਬਣਾਉਣ ਦੀ ਕੋਸ਼ਿਸ਼ ਕਰਨ, ਉਸ ਦੀਆਂ ਅਸ਼ਲੀਲ ਫੋਟੋਆਂ ਖਿੱਚਣ ਤੋਂ ਬਾਅਦ ਧਮਕੀਆਂ ਦੇਣ ਦੇ ਮਾਮਲੇ ’ਚ ਜ਼ਿਲ੍ਹੇ ਦੇ ਇਕ ਥਾਣੇ ਦੀ ਪੁਲਸ ਵੱਲੋਂ 3 ਮੁਲਜ਼ਮਾਂ ਨੂੰ ਨਾਮਜ਼ਦ ਕਰਦੇ ਹੋਏ ਉਨ੍ਹਾਂ ਦੀ ਗ੍ਰਿਫਤਾਰੀ ਸਬੰਧੀ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਅੰਮ੍ਰਿਤਸਰ ਨਿਵਾਸੀ ਇਕ ਔਰਤ ਨੇ ਥਾਣਾ ਕੰਟੋਨਮੈਂਟ ਸਿਟੀ ਅੰਮ੍ਰਿਤਸਰ ਵਿਖੇ ਦਿੱਤੀ ਸ਼ਿਕਾਇਤ ’ਚ ਦੱਸਿਆ ਕਿ ਉਸਦੀ ਧੀ 10ਵੀਂ ਜਮਾਤ ’ਚ ਪੜ੍ਹਦੀ ਫਰਹਾ (ਕਾਲਪਨਿਕ ਨਾਮ) ਦੀ ਸਹੇਲੀ ਜਸਪ੍ਰੀਤ ਕੌਰ (ਕਾਲਪਨਿਕ ਨਾਮ), ਪੜ੍ਹਨ ਲਈ ਅਕਸਰ ਉਸਦੇ ਘਰ ਅੰਮ੍ਰਿਤਸਰ ਵਿਖੇ ਆਉਂਦੀ ਸੀ। ਜਸਪ੍ਰੀਤ ਕੌਰ ਦੀ ਦੋਸਤੀ ਲਵ ਨਾਮਕ ਮੁੰਡੇ ਨਾਲ ਸੀ, ਜੋ ਉਸ ਨੂੰ ਅਕਸਰ ਮਿਲਣ ਦੌਰਾਨ ਉਸਦੀ ਧੀ ਫਰਹਾ ਨੂੰ ਵੀ ਨਾਲ ਲੈ ਜਾਂਦੀ ਸੀ ਜਿੱਥੇ ਲਵ ਦਾ ਦੋਸਤ ਜੱਗੀ ਵੀ ਆ ਜਾਂਦਾ ਸੀ। ਇਸ ਦੌਰਾਨ ਲਵ ਫਰਹਾ ਨੂੰ ਜੱਗੀ ਨਾਲ ਦੋਸਤੀ ਕਰਨ ਲਈ ਕਹਿੰਦਾ ਰਹਿੰਦਾ ਸੀ। ਬੀਤੀ 21 ਮਾਰਚ ਨੂੰ ਲਵ ਨੇ ਫਰਹਾ ਨੂੰ ਫੋਨ ਕਰਕੇ ਦੱਸਿਆ ਕਿ ਜੱਗੀ ਨੇ ਕੋਈ ਜ਼ਹਿਰੀਲੀ ਦਵਾਈ ਪੀ ਲਈ ਹੈ ਅਤੇ ਉਸਦਾ ਇਲਾਜ ਉਸ ਦੇ ਘਰ ਚੱਲ ਰਿਹਾ ਹੈ। ਜਿਸ ਤੋਂ ਬਾਅਦ ਫਰਹਾ ਜ਼ਿਲਾ ਤਰਨਤਾਰਨ ਵਿਖੇ ਮੌਜੂਦ ਇਕ ਪਿੰਡ ’ਚ ਲਵ ਦੇ ਘਰ ਚਲੀ ਗਈ ਜਿੱਥੇ ਲਵ ਬਾਹਰੋਂ ਦਰਵਾਜ਼ਾ ਬੰਦ ਕਰਕੇ ਚਲਾ ਗਿਆ। ਜਿਸ ਤੋਂ ਬਾਅਦ ਘਰ ’ਚ ਮੌਜੂਦ ਜੱਗੀ ਨੇ ਫਰਹਾ ਨੂੰ ਦੱਸਿਆ ਕਿ ਉਹ ਤਲਾਕਸ਼ੁਦਾ ਹੈ ਅਤੇ ਉਸ ਨਾਲ ਵਿਆਹ ਕਰਵਾਉਣਾ ਚਾਹੁੰਦਾ ਹੈ। ਜਿਸ ਤੋਂ ਬਾਅਦ ਜੱਗੀ ਨੇ ਉਸ ਨਾਲ ਸਰੀਰਕ ਸਬੰਧ ਬਣਾਉਣ ਦੀ ਕੋਸ਼ਿਸ਼ ਕੀਤੀ ਅਤੇ ਇਤਰਾਜ਼ਯੋਗ ਫੋਟੋਆਂ ਵੀ ਖਿੱਚ ਲਈਆਂ।



ਉਸੇ ਦਿਨ ਜੱਗੀ ਦੀ ਪਤਨੀ ਉਨ੍ਹਾਂ ਦੇ ਘਰ ਆਈ ਅਤੇ ਫਰਹਾ ਦੀ ਮਾਂ ਨੂੰ ਕਹਿਣ ਲੱਗੀ ਕਿ ਤੁਸੀਂ ਆਪਣੀ ਕੁੜੀ ਨੂੰ ਰੋਕ ਲਵੋ ਕਿਉਂਕਿ ਜੱਗੀ ਵਿਆਹਿਆ ਹੈ। ਫਰਹਾ ਦੀ ਮਾਂ ਨੇ ਦੱਸਿਆ ਕਿ ਇਸ ਉਪਰੰਤ ਸ਼ਾਮ 7 ਵਜੇ ਉਸਦੀ ਕੁੜੀ ਘਰ ਆ ਗਈ, ਜਿਸਨੇ ਦੱਸਿਆ ਕਿ ਉਸ ਨੂੰ ਜੱਗੀ ਛੱਡ ਕੇ ਗਿਆ ਹੈ। ਜਿਸ ਤੋਂ ਬਾਅਦ ਉਸਨੇ ਆਪਣੀ ਕੁੜੀ ਨੂੰ ਗੱਲਬਾਤ ਕਰਨ ਤੋਂ ਰੋਕ ਲਿਆ ਅਤੇ ਪੁਲਸ ਨੂੰ ਇਤਲਾਹ ਨਹੀਂ ਦਿੱਤੀ। ਇਸ ਦੌਰਾਨ ਜੱਗੀ ਦੇ ਜੀਜੇ ਗੁਰਮੀਤ ਸਿੰਘ ਨੇ ਉਸ ਦੀ ਧੀ ਨੂੰ ਕਿਹਾ ਕਿ ਤੂੰ ਜੱਗੀ ਦਾ ਸਾਥ ਨਾ ਛੱਡੀ, ਅਸੀਂ ਤੇਰੇ ਅਤੇ ਜੱਗੀ ਦੇ ਕਾਗਜ਼ ਬਣਾ ਕੇ ਤੇਰੀ ਉਮਰ ’ਚ ਵਾਧਾ ਕਰ ਦੇਵਾਂਗੇ, ਜਿਸ ਤੋਂ ਬਾਅਦ ਤੁਹਾਨੂੰ ਬਾਹਰ ਭੇਜ ਦਵਾਂਗੇ। ਪੀੜਤ ਔਰਤ ਨੇ ਦੱਸਿਆ ਕਿ ਹੁਣ ਜੱਗੀ ਉਸਦੇ ਬੇਟੇ ਨੂੰ ਧਮਕੀਆਂ ਦਿੰਦਾ ਹੈ ਕਿ ਅਸੀਂ ਤੇਰੀ ਭੈਣ ਨੂੰ ਚੁੱਕ ਕੇ ਲੈ ਜਾਣਾ ਹੈ। ਜਿਸ ਤੋਂ ਬਾਅਦ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਇਹ ਮਾਮਲਾ ਥਾਣਾ ਕੰਟੋਨਮੈਂਟ ਸਿਟੀ ਅੰਮ੍ਰਿਤਸਰ ਵਿਖੇ ਦਰਜ ਕੀਤਾ ਗਿਆ ਸੀ, ਜਿਸ ਨੂੰ ਬਾਅਦ ਵਿਚ ਜ਼ਿਲ੍ਹਾ ਤਰਨਤਾਰਨ ਵਿਖੇ ਟ੍ਰਾਂਸਫਰ ਕਰ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ’ਚ ਕੁੜੀ ਦਾ ਮੈਡੀਕਲ ਕਰਵਾਉਣ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਇਸ ਸਬੰਧੀ ਲਵ, ਜੱਗੀ ਅਤੇ ਗੁਰਮੀਤ ਸਿੰਘ ਸਾਰੇ ਨਿਵਾਸੀ ਜ਼ਿਲ੍ਹਾ ਤਰਨਤਾਰਨ ਖਿਲਾਫ ਵੱਖ-ਵੱਖ ਧਰਾਵਾਂ ਹੇਠ ਮਾਮਲਾ ਦਰਜ ਕਰ ਉਨ੍ਹਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਗਈ ਹੈ।

# ਪੁਲਸ ਨੇ ਟਰੱਕ ਚਾਲਕ ਕੋਲੋਂ ਬਰਾਮਦ ਕੀਤੀ 10 ਕੁਇੰਟਲ ਭੁੱਕੀ ਚੂਰਾ ਪੋਸਤ

ਖਮਾਣੋ 21 ਸਤੰਬਰ। ਜ਼ਿਲ੍ਹਾ ਪੁਲਸ ਮੁਖੀ ਡਾ: ਰਵਜੋਤ ਗਰੇਵਾਲ ਸੀਨੀਅਰ ਪੁਲਸ ਕਪਤਾਨ ਫਤਿਹਗੜ੍ਹ ਸਾਹਿਬ ਅਤੇ ਉਪ ਪੁਲਿਸ ਕਪਤਾਨ ਦਵਿੰਦਰ ਚੌਧਰੀ ਦੀ ਅਗਵਾਈ ‘ਚ ਥਾਣਾ ਖੇੜੀ ਨੌਧ ਸਿੰਘ ਦੇ ਮੁੱਖ ਅਫਸਰ ਹਰਵਿੰਦਰ ਸਿੰਘ ਅਤੇ ਥਾਣੇਦਾਰ ਹਰਬੰਸ ਸਿੰਘ ਵੱਲੋਂ ਇੱਕ ਟਰੱਕ ਚਾਲਕ ਕੋਲੋਂ 33 ਥੈਲੇ 10 ਕੁਇਟਲ ਭੁੱਕੀ ਚੂਰਾ ਪੋਸਤ ਬਰਾਮਦ ਕੀਤੀ ਹੈ। ਡੀ.ਐੱਸ.ਪੀ ਦਵਿੰਦਰ ਚੌਧਰੀ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਇੰਸਪੈਕਟਰ ਹਰਵਿੰਦਰ ਸਿੰਘ ਮੁੱਖ ਅਫਸਰ ਥਾਣਾ ਖੇੜੀ ਨੌਧ ਸਿੰਘ ਅਤੇ ਹਰਬੰਸ ਸਿੰਘ ਵੱਲੋਂ ਰਾਏਪੁਰ ਮਾਜਰੀ ਬੱਸ ਸਟੈਂਡ ਤੇ ਲੋਕ ਸਭਾ ਚੋਣਾਂ ਨੂੰ ਲੈ ਕੇ ਨਾਕਾਬੰਦੀ ਕੀਤੀ ਹੋਈ ਸੀ ਤਾਂ ਪੁਲਸ ਪਾਰਟੀ ਨੇ ਇੱਕ ਟਰੱਕ ਨੰਬਰ ਐੱਚ.ਆਰ - 55 ਐੱਸ -4845 ਨੂੰ ਸੱਕ ਪੈਣ ‘ਤੇ ਰੋਕਿਆ ਤਾਂ ਜਿਵੇਂ ਹੀ ਟਰੱਕ ਦੀ ਤਲਾਸੀ ਲਈ ਤਾਂ ਉਪ ਪੁਲਸ ਕਪਤਾਨ ਦਵਿੰਦਰ ਚੌਧਰੀ ਦੀ ਹਾਜਰੀ ਚ ਚੈਕਿੰਗ ਦੌਰਾਨ ਟਰੱਕ ਦੀ ਬਾਡੀ ਵਿੱਚੋਂ ਪਲਾਸਟਿਕ ਦੇ ਥੈਲਿਆਂ ‘ਚੋਂ 33 ਥੈਲੇ 10 ਕੁਇਟਲ ਭੁੱਕੀ ਚੂਰਾ ਬਰਾਮਦ ਕੀਤੀ ਗਈ। ਉਪਰੰਤ ਪੁਲਸ ਨੇ 10 ਕੁਇੰਟਲ ਭੁੱਕੀ ਸਮੇਤ ਟਰੱਕ ਡਰਾਈਵਰ ਜਿਸ ਦੀ ਪਛਾਣ ਦਰਸਨ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਹਾਲ ਆਬਾਦ ਮਰਿੰਡਾ ਜ਼ਿਲ੍ਹਾ ਰੂਪਨਗਰ ਵਜੋਂ ਹੋਈ ਹੈ ਨੂੰ ਟਰੱਕ ਸਮੇਤ ਕਾਬੂ ਕਾਰ ਲਿਆ। ਡੀ.ਐੱਸ.ਪੀ ਦਵਿੰਦਰ ਚੌਧਰੀ ਨੇ ਦੱਸਿਆ ਕਿ ਉਕਤ ਵਿਅਕਤੀ ਨੇ ਪੁੱਛਗਿੱਛ ਦੌਰਾਨ ਦੱਸਿਆ ਕਿ ਮੈਂ ਕਾਫੀ ਦੇਰ ਤੋਂ ਟਰੱਕ ਚਲਾਉਂਦਾ ਹਾਂ ਤੇ ਕਲਕੱਤੇ ਤੋਂ ਲੋਹੇ ਦੀਆਂ ਪਾਈਪਾਂ ‘ਚ ਭੁੱਕੀ ਝਾਰਖੰਡ ਤੋਂ ਛੁਪਾ ਕਿ ਲਿਆਉਦਾਂ ਹਾਂ। ਉਕਤ ਵਿਅਕਤੀ ਨੂੰ ਮਾਨਯੋਗ ਅਦਾਲਤ ‘ਚ ਪੇਸ ਕਰਕੇ ਪੰਜ ਦਿਨ ਦਾ ਰਿਮਾਂਡ ਹਾਸਲ ਕੀਤਾ ਜਾਵੇਗਾ ਤਾਂ ਜੋ ਇਸ ਕੋਲੋਂ ਅਗਲੇਰੀ ਪੁੱਛਗਿਛ ਕੀਤੀ ਜਾ ਸਕੇ। ਪਹਿਲਾਂ ਵੀ ਇੰਸਪੈਕਟਰ ਹਰਵਿੰਦਰ ਸਿੰਘ ਨੇ ਜ਼ਿਲ੍ਹੇ ਅੰਦਰ ਤੇ ਜ਼ਿਲ੍ਹੇ ਤੋਂ ਬਾਹਰ ਨਸ਼ਿਆਂ ਖਿਲਾਫ ਵੱਡੀਆਂ ਕਾਰਵਾਈਆ ਕੀਤੀਆਂ ਹਨ ਜਿਸ ਵਿੱਚ ਬਸੀ ਪਠਾਣਾਂ ਤਾਇਨਾਤੀ ਮੌਕੇ 3 ਕੁਇੰਟਲ 25 ਕਿਲੋ ਭੁੱਕੀ ਚੂਰਾ ਪੋਸਤ ਤੋਂ ਇਲਾਵਾ ਵੱਡੀ ਮਾਤਰਾ ‘ਚ ਅਫੀਮ ਅਤੇ ਨਜਾਇਜ ਸਰਾਬ ਬਰਾਮਦ ਕੀਤੀ ਸੀ ਜਿਸ ਕਰਕੇ ਆਲਾ ਅਧਿਕਾਰੀਆਂ ਵੱਲੋਂ ਇੰਸਪੈਕਟਰ ਹਰਵਿੰਦਰ ਸਿੰਘ ਦੀ ਸ਼ਲਾਘਾ ਕੀਤੀ ਜਾਂਦੀ ਰਹੀ ਹੈ। ਇਲਾਕੇ ਦੀਆਂ ਨਸ਼ਿਆਂ ਖਿਲਾਫ ਕੰਮ ਕਰਨ ਵਾਲੀਆਂ ਸੰਸਥਾਵਾਂ ਨੇ ਮੰਗ ਕੀਤੀ ਕਿ ਅਜਿਹੇ ਅਫਸਰਾਂ ਨੂੰ ਸਮੇਂ-ਸਮੇਂ ਸਿਰ ਸਰਕਾਰ ਅਤੇ ਪੁਲਸ ਵਿਭਾਗ ਵਲੋਂ ਬਣਦਾ ਮਾਣ ਸਨਮਾਨ ਮਿਲਣਾ ਚਾਹੀਦਾ ਹੈ ਤਾਂ ਜੋ ਅਜਿਹੇ ਹੋਣਹਾਰ ਅਫਸਰ ਵਧੀਆ ਹੌਂਸਲੇ ਨਾਲ ਕੰਮ ਕਰ ਸਕਣ।



# ਦੀਨਾਨਗਰ ਵਿਖੇ ਹੋਣ ਜਾ ਪੀਐਮ ਮੋਦੀ ਦੀ ਰੈਲੀ ਵਾਲੇ ਸਥਾਨ ਦਾ ਜਾਇਜਾ ਲੈਣ ਪਹੁੰਚੇ ਕੇਂਦਰੀ ਮੰਤਰੀ ਸੇਖਾਵਤ

ਦੀਨਾਨਗਰ 21 ਸਤੰਬਰ। ਲੋਕ ਸਭਾ ਚੋਣਾਂ ਦੇ ਮੱਦੇਨਜਰ 30 ਮਈ ਨੂੰ ਗੁਰਦਾਸਪੁਰ ਵਿਖੇ ਹੋਣ ਵਾਲੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਰੈਲੀ ਦੀਆਂ ਤਿਆਰੀਆਂ ਦਾ ਜਾਇਜਾ ਲੈਣ ਕੇਂਦਰੀ ਮੰਤਰੀ ਗਜੇਂਦਰ ਸਿੰਘ ਸੇਖਾਵਤ ਪੁੱਜੇ। ਉਨ੍ਹਾਂ ਦੇ ਨਾਲ ਸਾਬਕਾ ਸੂਬਾ ਪ੍ਰਧਾਨ ਅਤੇ ਪਠਾਨਕੋਟ ਤੋਂ ਮੌਜੂਦਾ ਵਿਧਾਇਕ ਅਤੇ ਗੁਰਦਾਸਪੁਰ ਦੇ ਲੋਕ ਸਭਾ ਇੰਚਾਰਜ ਅਸਵਨੀ ਸਰਮਾ, ਭਾਜਪਾ ਦੇ ਗੁਰਦਾਸਪੁਰ ਜ਼ਿਲ੍ਹਾ ਪ੍ਰਧਾਨ ਸ਼ਿਵਬੀਰ ਸਿੰਘ ਰਾਜਨ ਆਦਿ ਹਾਜਰ ਸਨ। ਅਸਵਨੀ ਸਰਮਾ ਨੇ ਕੇਂਦਰੀ ਮੰਤਰੀ ਨੂੰ ਦੱਸਿਆ ਕਿ ਰੈਲੀ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇੱਥੋਂ ਦੇ ਲੋਕ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਖਣ ਅਤੇ ਸੁਣਨ ਲਈ ਕਾਫੀ ਉਤਾਵਲੇ ਹਨ। ਗੁਰਦਾਸਪੁਰ ਸੀਟ ਬਹੁਮਤ ਨਾਲ ਜਿੱਤੇਗੀ। ਇਸ ਰੈਲੀ ਤੋਂ ਬਾਅਦ ਜਿੱਤ ਦਾ ਅਨੁਪਾਤ ਵੀ ਬਦਲ ਜਾਵੇਗਾ। ਇਸ ਮੌਕੇ ਕੇਂਦਰੀ ਮੰਤਰੀ ਗਜੇਂਦਰ ਸਿੰਘ ਸੇਖਾਵਤ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕੀਤੀ ਜਾ ਰਹੀ ਇਹ ਰੈਲੀ ਵੋਟਰਾਂ ਵਿੱਚ ਨਵਾਂ ਉਤਸਾਹ ਭਰੇਗੀ। ਸੂਬੇ ਦੀਆਂ ਸਾਰੀਆਂ 13 ਸੀਟਾਂ ‘ਤੇ ਚੋਣ ਲੜ ਰਹੇ ਉਮੀਦਵਾਰਾਂ ‘ਚ ਵੀ ਨਵੀਂ ਊਰਜਾ ਪੈਦਾ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਵੀ ਹੁਣ ਵਿਕਾਸ ਚਾਹੁੰਦੇ ਹਨ। ਇੱਥੋਂ ਦੇ ਲੋਕਾਂ ਨੂੰ ਪਤਾ ਲੱਗ ਗਿਆ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਵਿਕਾਸ ਲਈ ਹੀ ਵਚਨਬੱਧ ਹੈ। ਇਸ ਲਈ ਇਸ ਰੈਲੀ ਤੋਂ ਬਾਅਦ ਕਈ ਸਮੀਕਰਨ ਬਦਲ ਜਾਣਗੇ ਅਤੇ ਭਾਜਪਾ ਉਮੀਦਵਾਰ ਬਹੁਮਤ ਨਾਲ ਜਿੱਤਣਗੇ। ਉਨ੍ਹਾਂ ਕਿਹਾ ਕਿ ਇਸ ਵਾਰ ਨਾਅਰੇ ਦੀ ਗਿਣਤੀ 400 ਤੋਂ ਵੱਧ ਹੈ। ਭਾਜਪਾ ਇਸ ਟੀਚੇ ਵੱਲ ਲਗਾਤਾਰ ਅੱਗੇ ਵੱਧ ਰਹੀ ਹੈ ਅਤੇ ਮੋਦੀ ਜੀ ਦੀ ਇਸ ਰੈਲੀ ਤੋਂ ਬਾਅਦ ਇਸ ਟੀਚੇ ਵਿੱਚ ਪੰਜਾਬ ਦਾ ਹਿੱਸਾ ਵੀ ਵਧੇਗਾ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਰੈਲੀ ਦੀਆਂ ਤਿਆਰੀਆਂ ਤੇਜੀ ਨਾਲ ਕੀਤੀਆਂ ਜਾ ਰਹੀਆਂ ਹਨ ਅਤੇ ਪ੍ਰਸਾਸਨ ਦੀਆਂ ਟੀਮਾਂ ਵੀ ਸੁਰੱਖਿਆ ਪ੍ਰਬੰਧਾਂ ਦਾ ਖਾਸ ਖਿਆਲ ਰੱਖਣ ਵਿੱਚ ਜੁਟੀਆਂ ਹੋਈਆਂ ਹਨ। ਇਸ ਮੌਕੇ ਵੱਡੀ ਗਿਣਤੀ ਵਿਚ ਭਾਜਪਾ ਆਗੂ ਹਾਜਰ ਸਨ।



## ਆੜ੍ਹਤੀ ਦੀ ਦੁਕਾਨ ਵਿੱਚ ਹੋਈ ਚੋਰੀ, ਪੁਲਸ ਨੇ ਕੀਤਾ ਮਾਮਲਾ ਦਰਜ

ਫਿਰੋਜ਼ਪੁਰ 21 ਸਤੰਬਰ। ਫਿਰੋਜ਼ਪੁਰ ਸ਼ਹਿਰ ਦੀ ਦਾਣਾ ਮੰਡੀ ’ਚ ਆੜ੍ਹਤੀ ਐਸੋਸੀਏਸ਼ਨ ਫਿਰੋਜ਼ਪੁਰ ਸ਼ਹਿਰ ਦੇ ਪ੍ਰਧਾਨ ਤਿਲਕ ਰਾਜ ਦੀ ਦੁਕਾਨ ਵਿੱਚ ਹੋਈ ਚੋਰੀ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਦੀ ਪੁਲਸ ਨੇ ਉਨ੍ਹਾ ਦੇ ਬੇਟੇ ਸੁਨੀਲ ਕੁਮਾਰ ਵਾਸੀ ਕ੍ਰਿਸ਼ਨਾ ਨਗਰੀ ਫਿਰੋਜ਼ਪੁਰ ਸ਼ਹਿਰ




ਵੱਲੋਂ ਦਿੱਤੀ ਸ਼ਿਕਾਇਤ ਅਤੇ ਬਿਆਨਾਂ ਦੇ ਆਧਾਰ ’ਤੇ ਅਣਪਛਾਤੇ ਚੋਰਾਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਏ. ਐੱਸ. ਆਈ. ਜੰਗ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ ’ਚ ਆੜ੍ਹਤੀ ਸੁਨੀਲ ਕੁਮਾਰ ਨੇ ਦੱਸਿਆ ਹੈ ਕਿ ਚੋਰ ਕੰਧ ਤੋੜ ਕੇ ਦੁਕਾਨ ਅੰਦਰ ਦਾਖਲ ਹੋਏ ਅਤੇ ਦੁਕਾਨ ’ਚੋਂ ਏ. ਸੀ, ਇਕ ਛੱਤ ਵਾਲਾ ਪੱਖਾ, ਬੈਟਰੀ ਅਤੇ ਇਨਵਰਟਰ, ਜਨਰੇਟਰ ਦਾ ਅਲਟਰਨੇਟਰ, ਬਿਜਲੀ ਦੀ ਸਾਰੀ ਫਿਟਿੰਗ, ਤਾਰਾਂ, ਐਲੂਮੀਨੀਅਮ ਦੀਆਂ 4 ਚੁਗਾਠਾਂ, 4 ਐਲੂਮੀਨੀਅਮ ਦੇ ਦਰਵਾਜ਼ੇ ਅਤੇ ਸੇਫ ਦਾ ਤਾਲਾ ਤੋੜ ਕੇ ਉਸ ਵਿਚੋਂ ਆੜ੍ਹਤੀ ਨਾਲ ਸਬੰਧਤ ਸਾਰਾ ਰਿਕਾਰਡ ਆਦਿ ਸਮਾਨ ਚੋਰੀ ਕਰਕੇ ਲੈ ਗਏ, ਜਿਸ ਦੀ ਕੀਮਤ ਲੱਖਾਂ ਰੁਪਏ ਬਣਦੀ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਚੋਰਾਂ ਨੂੰ ਫੜਨ ਲਈ ਆਸ-ਪਾਸ ਲੱਗੇ ਸੀ. ਸੀ. ਟੀ. ਵੀ. ਕੈਮਰਿਆਂ ਨੂੰ ਖੰਗਾਲ ਰਹੀ ਹੈ।

## ਪੰਜਾਬ ਦੀਆਂ ਸੜਕਾਂ ‘ਤੇ ਹੁਣ 5 ਮਿੰਟਾਂ ‘ਚ ਮਿਲਦੀ ਹਰ ਮਦਦ, ਨੇ ਸਥਾਪਤ ਕੀਤਾ ਕੀਰਤੀਮਾਨ

ਜਲੰਧਰ 21 ਸਤੰਬਰ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਕੀਮਤੀ ਜਾਨਾਂ ਬਚਾਉਣ ਲਈ ਬਣਾਈ ਗਈ ਸੜਕ ਸੁਰੱਖਿਆ ਫੋਰਸ ਦੇ ਸਾਰਥਕ ਨਤੀਜੇ ਆ ਰਹੇ ਹਨ। ਸੜਕ ਸੁਰੱਖਿਆ ਫੋਰਸ ਵੱਲੋਂ ਹੁਣ ਤਕ ਕਈ ਕੀਮਤੀ ਜਾਨਾਂ ਬਚਾ ਕੇ ਘਰ ਤਬਾਹ ਹੋਣ ਤੋਂ ਬਚਾਏ ਜਾ ਚੁੱਕੇ ਹਨ। ਫੋਰਸ ਵੱਲੋਂ ਗਠਨ ਦੇ 3 ਮਹੀਨਿਆਂ ਦੇ ਅੰਦਰ ਹੀ ਤਕਰੀਬਨ 1250 ਲੋਕਾਂ ਦੀ ਜਾਨ ਬਚਾ ਲਈ ਗਈ ਸੀ। ਪੰਜਾਬ ਸਰਕਾਰ ਵੱਲੋਂ ਸੜਕ ਸੁਰੱਖਿਆ ਫੋਰਸ ਨੂੰ ਹਾਦਸਾ ਪੀੜਤਾਂ ਦੀ ਮਦਦ ਲਈ ਲੋੜੀਂਦੇ ਸਾਰੇ ਸਾਮਾਨ ਨਾਲ ਲੈਸ ਆਧੁਨਿਕ



ਵਾਹਨ ਮੁਹੱਈਆ ਕਰਵਾਏ ਗਏ ਹਨ। ਮੁੱਖ ਮੰਤਰੀ ਭਗਵੰਤ ਮਾਨ ਮੁਤਾਬਕ ਇਸ ਵੇਲੇ ਪੰਜਾਬ ਦੀਆਂ ਸੜਕਾਂ ‘ਤੇ ਸਭ ਤੋਂ ਵਧੀਆ ਗੱਡੀਆਂ ਪੁਲਸ ਕੋਲ ਹਨ। ਪੰਜਾਬ ਸਰਕਾਰ ਵੱਲੋਂ ਸਾਰੇ ਹਸਪਤਾਲਾਂ ਨੂੰ ਹਦਾਇਤ ਕੀਤੀ ਗਈ ਹੈ ਕਿ ਹਾਦਸਾ ਪੀੜਤਾਂ ਨੂੰ ਤੁਰੰਤ ਇਲਾਜ ਮੁਹੱਈਆ ਕਰਵਾਇਆ ਜਾਵੇ। ਇਸ ‘ਤੇ ਆਉਣ ਵਾਲਾ ਖਰਚਾ ਸਰਕਾਰ ਵੱਲੋਂ ਚੁੱਕਿਆ ਜਾਂਦਾ ਹੈ। ਸੜਕ ਸੁਰੱਖਿਆ ਫੋਰਸ ਵਿਚ ਤਾਇਨਾਤ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਹਾਦਸੇ ਦੀ ਸੂਚਨਾ ਮਿਲਦਿਆਂ ਹੀ ਅਸੀਂ 5-7 ਮਿੰਟ ਦੇ ਵਿਚ ਹੀ ਘਟਨਾ ਵਾਲੀ ਜਗ੍ਹਾ ‘ਤੇ ਪਹੁੰਚ ਜਾਂਦੇ ਹਾਂ। ਇਸੇ ਤਰ੍ਹਾਂ ਕਾਂਸਟੇਬਲ ਸੁਨੀਤਾ ਰਾਣੀ ਨੇ ਦੱਸਿਆ ਕਿ ਮਹਿਲਾ ਮੁਲਾਜਮਾਂ ਨੂੰ ਮੁੱਖ ਤੌਰ ‘ਤੇ ਹਾਦਸੇ ਵਿਚ ਜਖਮੀ ਔਰਤਾਂ ਦੀ ਸੰਭਾਲ ਕਰਨ ਦੀਆਂ ਹਦਾਇਤਾਂ ਕੀਤੀਆਂ ਗੀਆਂ ਹਨ। ਉਨ੍ਹਾਂ ਦੱਸਿਆ ਕਿ ਪਹਿਲਾਂ ਜਖਮੀਆਂ ਨੂੰ ਫਸਟ ਏਡ ਦਿੱਤੀ ਜਾਂਦੀ ਹੈ ਤੇ ਉਨ੍ਹਾਂ ਨੂੰ ਠੀਕ ਹੋਣ ‘ਤੇ ਜਾਂ ਤਾਂ ਘਰ ਤਕ ਪਹੁੰਚਾਇਆ ਜਾਂਦਾ ਹੈ

## ਪੰਜਾਬ ’ਚ ਵੱਡੀ ਵਾਰਦਾਤ 1 ਦਰਜਨ ਲੁਟੇਰਿਆਂ ਨੇ ਮਾਰਿਆ ਡਾਕਾ

ਤਰਨਤਾਰਨ 21 ਸਤੰਬਰ। ਜ਼ਿਲ੍ਹੇ ਅਧੀਨ ਆਉਂਦੇ ਪਿੰਡ ਕੱਦ ਗਿੱਲ ਵਿਖੇ ਬੀਤੀ ਰਾਤ ਇਕ ਦਰਜਨ ਦੇ ਕਰੀਬ ਲੁਟੇਰਿਆਂ ਵੱਲੋਂ ਇਕ ਕੋਠੀ ਨੂੰ ਨਿਸ਼ਾਨਾ ਬਣਾਉਂਦੇ ਹੋਏ ਘਰ ਵਿਚ ਦਾਖਲ ਹੋ ਬਜ਼ੁਰਗ ਜੋੜੇ ਨੂੰ ਬੰਧਕ ਬਣਾ ਡਾਕਾ ਮਾਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਵਾਰਦਾਤ ਦੌਰਾਨ ਲੁਟੇਰੇ 12 ਬੋਰ ਰਾਈਫਲ, 45 ਬੋਰ ਮਾਊਜ਼ਰ, 20 ਤੋਲੇ ਸੋਨੇ ਦੀਆਂ 20 ਚੂੜੀਆਂ, 2 ਲੱਖ ਰੁਪਏ ਨਕਦੀ, 1 ਮੋਬਾਈਲ ਫੋਨ ਅਤੇ ਡੀ.ਵੀ.ਆਰ ਨਾਲ ਲੈ ਗਏ ਹਨ। ਇਸ ਵਾਰਦਾਤ ਦੀ ਸੂਚਨਾ ਮਿਲਣ ਤੋਂ ਬਾਅਦ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜਾਣਕਾਰੀ ਦਿੰਦੇ ਹੋਏ ਜਰਨੈਲ ਸਿੰਘ ਪੁੱਤਰ ਧਰਮ ਸਿੰਘ ਅਤੇ ਉਸਦੀ ਪਤਨੀ ਪਰਮਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੇ ਬੱਚੇ ਵਿਦੇਸ਼ ਰਹਿੰਦੇ ਹਨ ਅਤੇ ਰਾਤ ਕਰੀਬ 1 ਵਜੇ ਘਰ ਵਿਚ 10 ਤੋਂ 12 ਵਿਅਕਤੀ ਵੱਖ-ਵੱਖ ਹਥਿਆਰਾਂ ਨਾਲ ਲੈਸ ਹੋ ਘਰ ਵਿਚ ਦਾਖਲ ਹੋ ਗਏ ਜਿਨ੍ਹਾਂ ਨੇ ਉਨ੍ਹਾਂ ਨੂੰ ਬੰਧਕ ਬਣਾ ਲਿਆ ਅਤੇ ਜਾਨ ਤੋਂ ਮਾਰਨ ਦੀ ਧਮਕੀ ਦੇਣ ਲੱਗ ਪਏ। ਇਸ ਦੌਰਾਨ ਕਰੀਬ ਡੇਢ ਘੰਟਾ ਘਰ ਵਿਚ ਬੰਧਕ ਬਣਾਏ ਜਾਣ ਦੌਰਾਨ ਲੁਟੇਰੇ ਆਪਣੇ ਨਾਲ 12 ਬੋਰ ਰਾਈਫਲ, 45 ਬੋਰ ਮਾਊਜ਼ਰ, 20 ਤੋਲੇ ਸੋਨੇ ਦੀਆਂ 20 ਚੂੜੀਆਂ, 2 ਲੱਖ ਰੁਪਏ ਨਕਦੀ,1 ਮੋਬਾਈਲ ਫੋਨ ਅਤੇ ਡੀ.ਵੀ.ਆਰ ਨਾਲ ਲੈ ਗਏ ਹਨ। ਲੁਟੇਰਿਆਂ ਵੱਲੋਂ ਬਜ਼ੁਰਗ ਜੋੜੇ ਨੂੰ ਕਾਫੀ ਤਸ਼ੱਦਦ ਢਾਹੁੰਦੇ ਹੋਏ ਜਾਨੋਂ ਮਾਰਨ ਤੱਕ ਦੀ ਕੋਸ਼ਿਸ਼ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐੱਸ.ਪੀ ਇਨਵੈਸਟੀਗੇਸ਼ਨ ਅਜੇ ਰਾਜ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿਚ ਪੁਲਸ ਵੱਲੋਂ ਆਸ ਪਾਸ ਲੱਗੇ ਹੋਏ ਸੀ. ਸੀ. ਟੀ. ਵੀ. ਕੈਮਰਿਆਂ ਨੂੰ ਖੰਘਾਲਿਆ ਜਾ ਰਿਹਾ ਹੈ।

## ਐਕਟਿਵਾ ਸਵਾਰ ਕੁੜੀ ਨੂੰ ਟੱਕਰ ਮਾਰਨ ਵਾਲੇ ਕਾਰ ਚਾਲਕ ਖਿਲਾਫ ਕੇਸ ਦਰਜ

ਲੁਧਿਆਣਾ 21 ਸਤੰਬਰ। ਥਾਣਾ ਮਿਹਰਬਾਨ ਦੀ ਪੁਲਸ ਨੇ ਐਕਟਿਵਾ ਸਵਾਰ ਕੁੜੀ ਨੂੰ ਟੱਕਰ ਮਾਰਨ ਵਾਲੇ ਕਾਰ ਚਾਲਕ ਖ਼ਿਲਾਫ ਕੇਸ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਮੁਖੀ ਪਰਮਦੀਪ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸ਼ਿਕਾਇਤਕਰਤਾ ਸਰਬਜੀਤ ਸਿੰਘ ਪੁੱਤਰ ਮੋਹਨ ਸਿੰਘ ਵਾਸੀ ਪਿੰਡ ਜੀਵਨਪੁਰ ਨੇ ਸ਼ਿਕਾਇਤ ਦਰਜ ਕਰਵਾਈ ਹੈ ਕਿ ਉਸ ਦੀ ਕੁੜੀ ਲਵਲੀ 22 ਅਗਸਤ ਨੂੰ ਆਪਣੀ ਐਕਟਿਵਾ ’ਤੇ ਕਾਲਜ ਤੋਂ ਪੜ੍ਹ ਕੇ ਵਾਪਸ ਘਰ ਆ ਰਹੀ ਸੀ। ਇਸ ਦੌਰਾਨ ਪਿੱਛੋਂ ਤੇਜ਼ ਰਫਤਾਰ ਕਾਰ ਚਾਲਕ ਨੇ ਉਸ ਦੀ ਧੀ ਦੀ ਐਕਟਿਵਾ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਸ ਦੀ ਕੁੜੀ ਗੰਭੀਰ ਰੂਪ ਨਾਲ ਜ਼ਖਮੀ ਹੋ ਗਈ। ਇਸ ਤੋਂ ਬਾਅਦ ਕਾਰ ਚਾਲਕ ਮੌਕੇ ਤੋਂ ਫਰਾਰ ਹੋ ਗਿਆ। ਕੁੜੀ ਨੂੰ ਇਲਾਜ ਲਈ ਹਸਪਤਾਲ ਵਿਚ ਦਾਖਲ ਕਰਵਾਇਆ ਗਿਆ। ਜਾਂਚ ਅਧਿਕਾਰੀ ਤਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ ’ਤੇ ਕਾਰਵਾਈ ਕਰਦੇ ਹੋਏ ਭੁਪਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਹਰਕਿਸ਼ਨ ਵਿਹਾਰ, ਰਾਹੋਂ ਰੋਡ ਦੇ ਖ਼ਿਲਾਫ ਕੇਸ ਦਰਜ ਕਰ ਕੇ ਅੱਗੇ ਦੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਜਾਂਚ ਅਧਿਕਾਰੀ ਨੇ ਦੱਸਿਆ ਕਿ ਹੁਣ ਤੱਕ ਮੁਲਜ਼ਮ ਦੀ ਗ੍ਰਿਫਤਾਰੀ ਨਹੀਂ ਹੋ ਸਕੀ ਹੈ। ਮੁਲਜ਼ਮ ਅਜੇ ਤੱਕ ਫਰਾਰ ਦੱਸਿਆ ਜਾ ਰਿਹਾ ਹੈ।


**ਉੱਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਨਿਵਿਦਾਸੰਖਿਆ:2 4B-ਕ.ਵਿ.-ਨਵੀਂ ਦੱਲੀ-2024-25 ਮਿਤੀ:2 0.09.2024

ਸੀਨੀਅਰ ਮੰਡਲ ਵਿ. ਇੰਜੀ./ਕ.ਵਿ.ਡੀ.ਆਰ ਐਮ. ਆਫਿਸ, ਸਟੇਟ ਐਂਟਰੀ ਰੋਡ, ਨਵੀਂ ਦਿੱਲੀ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਕੰਮ ਲਈ ਖੁਲ੍ਹੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ।

| | | |
|---|---|---|
| 1 | ਕੰਮਦਾਨਾਮਤੇਸਥਾਨ | ਦਿੱਲੀਡਵੀਜਨਵਿਚਕੈਟੇਗਰੀਤਾਰਦਾਵਿਸਤਾਰ/ਪ੍ਰਤੀਸਥਾਪਨ। |
| 2 | ਅੰਦਾਜਨਲਾਗਤ | ₹ 3,25,21,714.62 /– |
| 3 | ਬਿਆਨਾਰਾਸ਼ੀ | ₹ 3,12,600 /– |
| 4 | ਈ-ਨਿਵਿਦਾਆਨਲਾਈਨਜਮ੍ਹਾਕਰਨ ਦਾਸਮਾਂ | 03.10.2024 (10:30 ਵਜੇ) ਤੋਂ 17.10.2024 (15:00 ਵਜੇਤ ਕ) |
| 5 | ਈ-ਨਿਵਿਦਾਸਮਾਪਤੀਦੀਅੰਤਮਅਤੇ ਈ-ਨਿਵਿਦਾਖੁਲਣਦੀਮਿਤੀਅਤੇਸਮਾਂ | 17.10.2024 (15:00 ਵਜੇ) |
| 6 | ਵੈਬਸਾਈਟਵੇਰਵਾਜਿਥੋਂਨਿਵਿਦਾਦਸਤਾਵੇਜਾਂਦਾ ਪੂਰਾਵੇਰਵਾਦੇਖਿਆਜਾਸਕਦਾਹੈ। | www.ireps.gov.in |

2948/24

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**NAME CHANGE**

I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**

I, ANITA BANSAL W/O PAWAN BANSAL residing at B-504, MAYUR-DHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**

I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**

I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**

I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**

I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**

Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained

**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**

It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**

I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**

I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**

I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**

I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**

I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**

I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**

I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**NAME CHANGE**

I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

**NAME CHANGE**

I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**

I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**

I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**

I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**

I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**

I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

**NAME CHANGE**

I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

**NAME CHANGE**

I, Anil Balakrishna Panicker s/o Angakattil Narayan Balakrishna Panicker R/o A-6/334-A, Janta Flats, Paschim Vihar, Delhi-110063, have changed my name to Anil Bala Panicker permanently.

**NAME CHANGE**

I, Rekha W/O Prem Singh R/O B 278, South MOTI BAGH NEW DELHI 110021 have changed my name from Rekha to Rekha Rawat for all future purpose.

**PUBLIC NOTICE**

My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, Delhi-76, has severed all relations and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.

**ARJUN BIDHURI Advocate**
CH. NO.536, Saket Courts
New Delhi-110017.

**NAME CHANGE**

I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**

I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**

MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES

**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI

# ਸੁਪਰੀਮ ਕੋਰਟ ਵੱਲੋਂ ਤੇਲੰਗਾਨਾ ਦੇ ਮੁੱਖ ਮੰਤਰੀ ਨਾਲ ਜੁੜੇ ਮੁਕੱਦਮੇ ਨੂੰ ਟਰਾਂਸਫਰ ਕਰਨ ਤੋਂ ਇਨਕਾਰ

**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ 2015 ਦੇ 'ਨਕਦੀ ਬਦਲੇ ਵੋਟ' ਸਬੰਧੀ ਮਾਮਲੇ ਵਿੱਚ ਮੁਕੱਦਮੇ ਨੂੰ ਟਰਾਂਸਫਰ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਇਸ ਕੇਸ ਵਿੱਚ ਮੁੱਖ ਮੰਤਰੀ ਏ ਰੇਵੰਤ ਰੈਡੀ ਅਤੇ ਹੋਰ ਸ਼ਾਮਲ ਹਨ। ਸੁਪਰੀਮ ਕੋਰਟ ਨੇ ਰੈਡੀ ਨੂੰ ਨਿਰਦੇਸ਼ ਦਿੱਤਾ ਕਿ ਉਹ ਕੇਸ ਵਿੱਚ ਇਸਤਗਾਸਾ ਦੇ ਕੰਮਕਾਜ ਵਿੱਚ ਕਿਸੇ ਵੀ ਤਰ੍ਹਾਂ ਨਾਲ ਦਖ਼ਲ ਨਾ ਦੇਣ।

ਜਸਟਿਸ ਬੀਆਰ ਗਵਈ ਅਤੇ ਕੇਵੀ ਵਿਸ਼ਵਨਾਥਨ ਦੇ ਬੈਂਚ ਨੇ ਨਿਰਦੇਸ਼ ਦਿੱਤਾ ਕਿ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ (ਏਸੀਬੀ) ਦੇ ਡਾਇਰੈਕਟਰ ਜਨਰਲ ਕੇਸ ਦੀ ਪੈਰਵੀ ਦੇ ਸਬੰਧ ਵਿੱਚ ਤੇਲੰਗਾਨਾ ਦੇ ਮੁੱਖ ਮੰਤਰੀ ਨੂੰ ਰਿਪੋਰਟ ਨਹੀਂ ਕਰਨਗੇ। ਰੈਡੀ ਵੱਲੋਂ ਪੇਸ਼ ਹੋਏ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਕੇਸ ਦੀ ਸੁਣਵਾਈ ਟਰਾਂਸਫਰ ਕਰਨ ਦੀ ਮੰਗ ਵਾਲੀ ਪਟੀਸ਼ਨ 'ਸਿਆਸੀ ਉਦੇਸ਼' ਨਾਲ ਦਾਇਰ ਕੀਤੀ ਗਈ ਸੀ।

ਬੀਆਰਐਸ ਵਿਧਾਇਕ ਗੁਨਟਾਕੰਡਲਾ ਜਗਦੀਸ਼ ਰੈੱਡੀ ਅਤੇ ਤਿੰਨ ਹੋਰਾਂ ਵੱਲੋਂ ਦਾਇਰ ਪਟੀਸ਼ਨ ਦੀ ਵਿਚ ਕੇਸ ਦੀ ਸੁਣਵਾਈ ਤੇਲੰਗਾਨਾ ਤੋਂ ਭੋਪਾਲ ਵਿੱਚ ਤਬਦੀਲ ਕਰਨ ਦੀ ਮੰਗ ਕੀਤੀ ਗਈ ਸੀ। 31 ਮਈ 2015 ਨੂੰ ਰੇਵੰਤ ਰੈਡੀ, ਉਸ ਸਮੇਂ ਤੇਲਗੂ ਦੇਸ਼ਮ ਪਾਰਟੀ ਨਾਲ ਸੀ, ਨੂੰ ਏਸੀਬੀ ਨੇ ਵਿਧਾਨ ਪ੍ਰੀਸ਼ਦ ਚੋਣਾਂ ਵਿੱਚ ਟੀਡੀਪੀ ਦੇ ਉਮੀਦਵਾਰ ਵੇਮ ਨਰਿੰਦਰ ਰੈਡੀ ਦਾ ਸਮਰਥਨ ਕਰਨ ਲਈ ਨਾਮਜ਼ਦ ਵਿਧਾਇਕ ਐਲਵਿਸ ਸਟੀਫਨਸਨ ਨੂੰ ਕਥਿਤ ਤੌਰ 'ਤੇ 50 ਲੱਖ ਰੁਪਏ ਦੀ ਰਿਸ਼ਵਤ ਦਿੰਦੇ ਹੋਏ ਫੜ ਲਿਆ ਸੀ। ਰੇਵੰਤ ਰੈਡੀ ਤੋਂ ਇਲਾਵਾ ਏਸੀਬੀ ਨੇ ਕੁਝ ਹੋਰਾਂ ਨੂੰ ਵੀ ਗ੍ਰਿਫ਼ਤਾਰ ਕੀਤਾ ਸੀ। ਇਨ੍ਹਾਂ ਸਾਰਿਆਂ ਨੂੰ ਬਾਅਦ ਵਿਚ ਜ਼ਮਾਨਤ ਮਿਲ ਗਈ ਸੀ।

# ਮਮਤਾ ਨੇ ਡੀਵੀਸੀ ਸਬੰਧੀ ਮੋਦੀ ਨੂੰ ਚਿੱਠੀ, ਲਿਖ ਕੇ ਦਿੱਤੀ ਚਿਤਾਵਨੀ

**ਕੋਲਕਾਤਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਸ਼ੁੱਕਰਵਾਰ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਚਿੱਠੀ ਲਿਖ ਕੇ ਸੂਬਾ ਸਰਕਾਰ ਦਾਮੋਦਰ ਵੈਲੀ ਕਾਰਪੋਰੇਸ਼ਨ (ਡੀਵੀਸੀ) ਨਾਲ ਸਾਰੇ ਸਮਝੌਤੇ ਰੱਦ ਕਰ ਦੇਵੇਗੀ, ਕਿਉਂਕਿ ਉਸ ਦੇ ਇਕ ਪਾਸੜ ਪਾਣੀ ਛੱਡਣ ਦੇ ਨਤੀਜੇ ਵਜੋਂ ਦੱਖਣ ਬੰਗਾਲ ਦੇ ਜ਼ਿਲ੍ਹਿਆਂ 'ਚ ਹੜ੍ਹ ਦੀ ਸਥਿਤੀ ਪੈਦਾ ਹੋ ਗਈ ਹੈ। ਪੀ.ਐਮ. ਮੋਦੀ ਨੂੰ ਲਿਖੀ ਚਿੱਠੀ 'ਚ ਉਨ੍ਹਾਂ ਨੇ ਹੜ੍ਹ ਕਾਰਨ ਹੋਈ ਵਿਆਪਕ ਤਬਾਹੀ ਨਾਲ ਨਜਿੱਠਣ ਲਈ ਕੇਂਦਰੀ ਫੰਡ ਨੂੰ ਤੁਰੰਤ ਜਾਰੀ ਕਰਨ ਦੀ ਅਪੀਲ ਕੀਤੀ ਹੈ।

ਉਨ੍ਹਾਂ ਲਿਖਿਆ,ਰਾਜ ਫਿਲਹਾਲ ਦਾਮੋਦਰ ਨਦੀ ਦੇ ਹੇਠਲੇ ਇਲਾਕਿਆਂ ਸਮੇਤ ਨੇੜੇ-ਤੇੜੇ ਦੇ ਖੇਤਰਾਂ 'ਚ ਸਾਲ 2009 ਦੇ ਬਾਅਦ ਤੋਂ ਸਭ ਤੋਂ ਭਿਆਨਕ ਹੜ੍ਹ ਦਾ ਸਾਹਮਣਾ ਕਰ ਰਿਹਾ ਹੈ। ਮੈਂ ਅਪੀਲ ਕਰਦੀ ਹਾਂ ਕਿ ਤੁਸੀਂ ਇਸ ਮਾਮਲੇ 'ਚ ਗੰਭੀਰਤਾ ਨਾਲ ਵਿਚਾਰ ਕਰੋ ਅਤੇ ਸੰਬੰਧਤ ਮੰਤਰਾਲਿਆਂ ਨੂੰ ਨਿਰਦੇਸ਼ ਦਿਓ ਕਿ ਉਹ ਇਨ੍ਹਾਂ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ, ਜਿਨ੍ਹਾਂ 'ਚ ਪੂਰੇ ਕੇਂਦਰੀ ਫੰਡ ਨੂੰ ਮਨਜ਼ੂਰੀ ਦੇਣਾ ਅਤੇ ਉਸ ਨੂੰ ਜਾਰੀ ਕਰਨਾ ਸ਼ਾਮਲ ਹੈ ਤਾਂ ਕਿ ਸਭ ਤੋਂ ਪੀੜਤ ਲੋਕਾਂ ਦੇ ਹਿੱਤ 'ਚ ਹੜ੍ਹ ਪ੍ਰਬੰਧਨ ਕੰਮ ਕੀਤੇ ਜਾ ਸਕਣ।"

# ਕਾਂਗਰਸ ਨੂੰ 'ਟੁਕੜੇ ਟੁਕੜੇ ਗੈਂਗ' ਤੇ ਸ਼ਹਿਰੀ ਨਕਸਲੀਆਂ ਦੁਆਰਾ ਚਲਾਇਆ ਜਾ ਰਿਹੈ: ਮੋਦੀ

**ਵਰਧਾ (ਮਹਾਰਾਸ਼ਟਰ), 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸ਼ੁੱਕਰਵਾਰ ਨੂੰ ਕਾਂਗਰਸ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪਾਰਟੀ ਨੂੰ 'ਟੁਕੜੇ ਟੁਕੜੇ ਗੈਂਗ' ਅਤੇ ਸ਼ਹਿਰੀ ਨਕਸਲਵਾਦੀਆਂ ਦੁਆਰਾ ਚਲਾਇਆ ਜਾ ਰਿਹਾ ਹੈ। ਮੋਦੀ ਨੇ 'ਪ੍ਰਧਾਨ ਮੰਤਰੀ ਵਿਸ਼ਵਕਰਮਾ ਯੋਜਨਾ' ਦੇ ਇੱਕ ਸਾਲ ਪੂਰੇ ਹੋਣ 'ਤੇ ਮਹਾਰਾਸ਼ਟਰ ਦੇ ਵਰਧਾ ਵਿੱਚ ਇੱਕ ਜਨ ਸਭਾ ਨੂੰ ਸੰਬੋਧਿਤ ਕਰਦੇ ਕਿਹਾ, ਅੱਜ ਤੁਸੀਂ ਜਿਹੜੀ ਕਾਂਗਰਸ ਨੂੰ ਦੇਖਦੇ ਹੋ, ਉਹ ਇਹ ਪਾਰਟੀ ਨਹੀਂ ਹੈ, ਜਿਸ ਨਾਲ ਮਹਾਤਮਾ ਗਾਂਧੀ ਵਰਗੀਆਂ ਮਹਾਨ ਹਸਤੀਆਂ ਜੁੜੀਆਂ ਹੋਈਆਂ ਸਨ।

ਮੋਦੀ ਨੇ ਕਿਹਾ, "ਕਾਂਗਰਸ 'ਚ ਨਫ਼ਰਤ ਦਾ ਭੂਤ ਦਾਖਲ ਹੋ ਗਿਆ ਹੈ।"



ਉਹਨਾਂ ਨੇ ਕਿਹਾ ਅੱਜ ਦੀ ਕਾਂਗਰਸ ਵਿੱਚ ਦੇਸ਼ ਭਗਤੀ ਦੀ ਆਤਮਾ ਆਖਰੀ ਸਾਹ ਲੈ ਚੁੱਕੀ ਹੈ। ਮੋਦੀ ਨੇ ਕਾਂਗਰਸ ਨੇਤਾਵਾਂ ਵੱਲੋਂ ਵਿਦੇਸ਼ਾਂ ਵਿੱਚ ਦਿੱਤੇ ਜਾਂਦੇ ਭਾਸ਼ਣਾਂ ਦੇ 'ਭਾਰਤ ਵਿਰੋਧੀ ਏਜੰਡੇ' ਦੀ ਵੀ ਗੱਲ ਕੀਤੀ। ਉਨ੍ਹਾਂ ਇਹ ਗੱਲ ਕਾਂਗਰਸੀ ਆਗੂ ਰਾਹੁਲ ਗਾਂਧੀ ਦਾ ਨਾਂ ਲਏ ਬਿਨਾਂ ਕਹੀ। ਰਿਜ਼ਰਵੇਸ਼ਨ ਪ੍ਰਣਾਲੀ 'ਤੇ ਆਪਣੀ ਟਿੱਪਣੀ ਨੂੰ ਲੈ ਕੇ ਗਾਂਧੀ ਨੂੰ ਅਮਰੀਕਾ ਦੀ ਸੱਤਾਧਾਰੀ ਸਰਕਾਰ ਦੀ ਆਲੋਚਨਾ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਬੱਸ ਅਤੇ ਟਰੱਕ ਦੀ ਟੱਕਰ 'ਚ 6 ਲੋਕਾਂ ਦੀ ਮੌਤ, 17 ਜ਼ਖ਼ਮੀ

**ਜਾਲਨਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਹਾਰਾਸ਼ਟਰ ਦੇ ਜਾਲਨਾ ਜ਼ਿਲ੍ਹੇ 'ਚ ਸ਼ੁੱਕਰਵਾਰ ਸਵੇਰੇ ਇਕ ਬੱਸ ਅਤੇ ਇਕ ਨਿੱਜੀ ਟਰੱਕ ਦੀ ਟੱਕਰ ਕਾਰਨ 6 ਲੋਕਾਂ ਦੀ ਮੌਤ ਹੋ ਗਈ ਅਤੇ 17 ਜ਼ਖਮੀ ਹੋ ਗਏ। ਇਹ ਹਾਦਸਾ ਵਾਡੀਗੋਦਰੀ-ਜਾਲਨਾ ਮਾਰਗ 'ਤੇ ਸ਼ਾਹਪੁਰ ਨੇੜੇ ਵਾਪਰਿਆ। ਸਟੇਟ ਟਰਾਂਸਪੋਰਟ ਦੀ ਬੱਸ ਗੇਵਰਾਈ ਤੋਂ ਜਾਲਨਾ ਜਾ ਰਹੀ ਸੀ, ਜਦੋਂ ਕਿ ਸੰਗਤਰਿਆਂ ਨਾਲ ਭਰਿਆ ਟਰੱਕ ਅੰਬੇਡ ਤੋਂ ਆ ਰਿਹਾ ਸੀ।

ਇੱਕ ਅਧਿਕਾਰੀ ਨੇ ਦੱਸਿਆ ਕਿ ਟੱਕਰ ਇੰਨੀ ਭਿਆਨਕ ਸੀ ਕਿ ਬੱਸ ਦੇ ਸ਼ੀਸ਼ੇ ਤੋੜ ਕੇ ਕਈ ਜ਼ਖ਼ਮੀਆਂ ਨੂੰ ਬਾਹਰ ਕੱਢਿਆ ਗਿਆ। ਉਨ੍ਹਾਂ ਦੱਸਿਆ ਕਿ ਟੱਕਰ ਕਾਰਨ 6 ਲੋਕਾਂ ਦੀ ਮੌਤ ਹੋ ਗਈ ਅਤੇ 17 ਜ਼ਖ਼ਮੀ ਹੋ ਗਏ, ਜਿਨ੍ਹਾਂ ਨੂੰ ਸਥਾਨਕ ਲੋਕਾਂ ਦੀ ਮਦਦ ਨਾਲ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।

# ਵਿਦੇਸ਼ ਵਿਚ ਹਾਦਸੇ 'ਚ ਜ਼ਖਮੀ ਹੋਏ ਨੌਜਵਾਨ ਦੇ ਘਰ ਕਰਨਾਲ ਪੁੱਜੇ ਰਾਹੁਲ ਗਾਂਧੀ



**ਕਰਨਾਲ, 20 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਨੇਤਾ ਰਾਹੁਲ ਗਾਂਧੀ ਵਿਦੇਸ਼ 'ਚ ਹਾਦਸੇ ਵਿੱਚ ਜ਼ਖਮੀ ਹੋਏ ਨੌਜਵਾਨ ਦੇ ਪਰਿਵਾਰ ਨਾਲ ਮੁਲਾਕਾਤ ਕਰਨ ਕਰਨਾਲ ਪਹੁੰਚੇ। ਪਰਿਵਾਰ ਨੇ ਦੱਸਿਆ ਕਿ ਗਾਂਧੀ ਨੇ ਆਪਣੀ ਹਾਲੀਆ ਅਮਰੀਕਾ ਫੇਰੀ ਦੌਰਾਨ ਜ਼ਖਮੀ ਨੌਜਵਾਨ ਅਮਿਤ ਨਾਲ ਮੁਲਾਕਾਤ ਕੀਤੀ ਸੀ। ਕਰਨਾਲ ਦੇ ਸਥਾਨਕ ਕਾਂਗਰਸੀ ਆਗੂਆਂ ਨੇ ਕਿਹਾ ਕਿ ਗਾਂਧੀ ਦੇ ਦੌਰੇ ਦੀ ਪਹਿਲਾਂ ਕੋਈ ਸੂਚਨਾ ਨਹੀਂ ਸੀ ਅਤੇ ਉਨ੍ਹਾਂ ਨੂੰ ਇਸ ਬਾਰੇ ਉਦੋਂ ਪਤਾ ਲੱਗਾ ਜਦੋਂ ਉਹ ਘੋਗੜੀਪੁਰ ਪਿੰਡ ਪਹੁੰਚੇ।

ਰਾਹੁਲ ਗਾਂਧੀ ਦਾ ਪਰਿਵਾਰ ਨੂੰ ਮਿਲਣ ਲਈ ਹਰਿਆਣਾ ਦਾ ਅਚਾਨਕ ਦੌਰਾ ਅਜਿਹੇ ਸਮੇਂ ਵਿੱਚ ਹੋਇਆ ਹੈ ਜਦੋਂ ਵਿਧਾਨ ਸਭਾ ਚੋਣਾਂ ਵਿੱਚ ਕੁੱਝ ਦੀ ਦਿਨ ਬਾਕੀ ਹਨ। ਗੱਲਬਾਤ ਕਰਦਿਆਂ ਅਮਿਤ ਦੇ ਭਰਾ ਅਜੀਤ ਨੇ ਦੱਸਿਆ ਕਿ ਗਾਂਧੀ ਸਵੇਰੇ 6 ਵਜੇ ਦੇ ਕਰੀਬ ਉਨ੍ਹਾਂ ਦੇ ਘਰ ਪਹੁੰਚੇ ਸਨ। ਉਸਨੇ ਦੱਸਿਆ ਕਿ ਮੇਰਾ ਛੋਟਾ ਭਰਾ ਇਸ ਸਮੇਂ ਅਮਰੀਕਾ ਵਿੱਚ ਰਹਿੰਦਾ ਹੈ, ਅਮਿਤ ਦਾ ਕੁਝ ਮਹੀਨੇ ਪਹਿਲਾਂ ਐਕਸੀਡੈਂਟ ਹੋ ਗਿਆ ਸੀ ਜਿਸ ਕਾਰਨ ਉਸਦੀ ਹਾਲਤ ਠੀਕ ਨਹੀਂ ਹੈ ਕਾਫ਼ੀ ਪਰੇਸ਼ਾਨੀਆਂ 'ਚੋਂ ਗੁਜ਼ਰ ਰਿਹਾ ਹੈ। ਅਜੀਤ ਨੇ ਦੱਸਿਆ ਕਿ ਰਾਹੁਲ ਗਾਂਧੀ ਉਸ ਨੂੰ ਅਮਰੀਕਾ ਵਿਚ ਮਿਲੇ ਸਨ ਅਤੇ ਵਾਅਦਾ ਕੀਤਾ ਸੀ ਕਿ ਉਹ ਉਸਦੇ ਪਰਿਵਾਰ ਨੂੰ ਮਿਲਣ ਜਾਣਗੇ।

# ਪ੍ਰਿਅੰਕਾ ਗਾਂਧੀ ਨੇ ਖੜਗੇ ਦਾ ਅਪਮਾਨ ਕਰਨ 'ਤੇ ਮੋਦੀ 'ਤੇ ਕੱਸਿਆ ਤੰਜ

**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਾਂਗਰਸ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਸ਼ੁੱਕਰਵਾਰ ਨੂੰ ਦੋਸ਼ ਲਾਇਆ ਕਿ ਪਾਰਟੀ ਪ੍ਰਧਾਨ ਮਲਿਕਾਅਰਜੁਨ ਖੜਗੇ ਦੇ ਪੱਤਰ ਦਾ ਜਵਾਬ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਆਰਾ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਮੁਖੀ ਜਗਤ ਪ੍ਰਕਾਸ਼ ਨੱਡਾ ਰਾਹੀਂ ਭੇਜਣਾ 82 ਸਾਲਾ ਖੜਗੇ ਦਾ ਅਪਮਾਨ ਹੈ।

ਨੱਡਾ ਨੇ ਪਿਛਲੇ ਦਿਨਾਂ ਖੜਗੇ ਵਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿਖੇ ਪੱਤਰ ਦੇ ਜਵਾਬ ਵਿੱਚ ਵੀਰਵਾਰ ਨੂੰ ਕਾਂਗਰਸ ਪ੍ਰਧਾਨ ਨੂੰ ਇੱਕ ਪੱਤਰ ਲਿਖਕੇ ਦਾਅਵਾ ਕੀਤਾ ਸੀ ਕਿ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਰਾਜਨੀਤੀ ਦਾ 'ਫੇਲ ਉਤਪਾਦ' ਹੈ ਅਤੇ ਉਨ੍ਹਾਂ ਦੀ ਵਡਿਆਈ ਕਰਨਾ ਖੜਗੇ ਦੀ ਮਜਬੂਰੀ ਹੈ।

ਖੜਗੇ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਲਿਖੇ ਪੱਤਰ ਵਿੱਚ ਮੰਗ ਕੀਤੀ ਸੀ ਕਿ ਪ੍ਰਧਾਨ ਮੰਤਰੀ ਰਾਹੁਲ ਗਾਂਧੀ ਖ਼ਿਲਾਫ਼ ਇਤਰਾਜ਼ਯੋਗ ਅਤੇ ਵਿਵਾਦਤ ਬਿਆਨ ਦੇਣ ਵਾਲੇ ਆਗੂਆਂ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ। ਪ੍ਰਿਅੰਕਾ ਗਾਂਧੀ ਨੇ 'ਐਕਸ' 'ਤੇ ਪੋਸਟ ਕੀਤਾ, 'ਭਾਜਪਾ ਦੇ ਕੁਝ ਨੇਤਾਵਾਂ ਅਤੇ ਮੰਤਰੀਆਂ ਦੇ ਬੇਤੁਕੇ ਅਤੇ ਹਿੰਸਕ ਬਿਆਨਾਂ ਦੇ ਮੱਦੇਨਜ਼ਰ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਜੀਵਨ ਦੀ ਸੁਰੱਖਿਆ ਲਈ ਚਿੰਤਤ ਹੋ ਕੇ ਕਾਂਗਰਸ ਪ੍ਰਧਾਨ ਅਤੇ ਰਾਜ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਮੱਲਿਕਾਰਜੁਨ ਖੜਗੇ ਨੇ ਪ੍ਰਧਾਨ ਮੰਤਰੀ ਨੂੰ ਇੱਕ ਪੱਤਰ ਲਿਖਿਆ ਹੈ।'



ਉਹਨਾਂ ਨੇ ਕਿਹਾ ਪ੍ਰਧਾਨ ਮੰਤਰੀ ਦੀ ਆਸਥਾ ਜੇਕਰ ਲੋਕਤਾਂਤਰਿਕ ਕਦਰਾਂ-ਕੀਮਤਾਂ, ਬਰਾਬਰ ਸੰਵਾਦ ਅਤੇ ਬਜ਼ੁਰਗਾਂ ਦੇ ਸਨਮਾਨ ਵਿੱਚ ਹੁੰਦੀ ਹੈ ਤਾਂ ਇਸ ਪੱਤਰ ਦਾ ਜਵਾਬ ਉਹ ਖੁਦ ਦੇਣਗੇ। ਇਸ ਦੀ ਬਜਾਏ ਉਹਨਾਂ ਨੇ ਨੱਡਾ ਜੀ ਨੂੰ ਇਕ ਘਟੀਆ ਅਤੇ ਹਮਲਾਵਰ ਕਿਸਮ ਦਾ ਜਵਾਬ ਲਿਖ ਕੇ ਭੇਜ ਦਿੱਤਾ। ਉਨ੍ਹਾਂ ਨੇ ਸਵਾਲ ਕੀਤਾ ਕਿ 82 ਸਾਲ ਦੇ ਸੀਨੀਅਰ ਜਨਤਕ ਨੇਤਾ ਦਾ ਨਿਰਾਦਰ ਕਰਨ ਦੀ ਕੀ ਆਖਿਰ ਕੀ ਲੋੜ ਸੀ? ਪ੍ਰਿਅੰਕਾ ਗਾਂਧੀ ਨੇ ਕਿਹਾ, 'ਲੋਕਤੰਤਰ ਦੀ ਪਰੰਪਰਾ ਅਤੇ ਸੱਭਿਆਚਾਰ ਸਵਾਲ ਪੁੱਛਣਾ ਅਤੇ ਗੱਲਬਾਤ ਕਰਨ ਵਿਚ ਹੁੰਦੀ ਹੈ। ਧਰਮ ਵਿੱਚ ਵੀ ਕੋਈ ਵੀ ਵਿਅਕਤੀ ਸਨਮਾਨ ਅਤੇ ਸ਼ਿਸ਼ਟਾਚਾਰ ਵਰਗੀਆਂ ਕਦਰਾਂ-ਕੀਮਤਾਂ ਤੋਂ ਉੱਪਰ ਨਹੀਂ ਹੈ।'

ਉਨ੍ਹਾਂ ਦਾ ਇਹ ਵੀ ਕਹਿਣਾ ਸੀ, "ਅੱਜ ਦੀ ਰਾਜਨੀਤੀ ਵਿੱਚ ਬਹੁਤ ਜ਼ਹਿਰ ਘੁਲਿਆ ਹੋਇਆ ਹੈ। ਪ੍ਰਧਾਨ ਮੰਤਰੀ ਨੂੰ ਆਪਣੇ ਅਹੁਦੇ ਦੀ ਮਰਿਆਦਾ ਬਰਕਰਾਰ ਰੱਖਦੇ ਹੋਏ ਸੱਚਮੁੱਚ ਇੱਕ ਵੱਖਰੀ ਮਿਸਾਲ ਕਾਇਮ ਕਰਨੀ ਚਾਹੀਦੀ ਸੀ। ਜੇਕਰ ਉਹ ਆਪਣੇ ਕਿਸੇ ਸੀਨੀਅਰ ਸਾਥੀ ਸਿਆਸਤਦਾਨ ਦੀ ਚਿੱਠੀ ਦਾ ਸਤਿਕਾਰ ਨਾਲ ਜਵਾਬ ਦਿੰਦੇ ਤਾਂ ਲੋਕਾਂ ਦੀਆਂ ਨਜ਼ਰਾਂ ਵਿਚ ਉਨ੍ਹਾਂ ਦਾ ਅਕਸ ਅਤੇ ਮਾਣ ਵਧ ਜਾਣਾ ਸੀ।" ਕਾਂਗਰਸ ਦੇ ਜਨਰਲ ਸਕੱਤਰ ਨੇ ਕਿਹਾ ਕਿ ਅਫਸੋਸ ਦੀ ਗੱਲ ਹੈ ਕਿ ਸਰਕਾਰ ਵਿੱਚ ਸਭ ਤੋਂ ਉੱਚੇ ਅਹੁਦਿਆਂ 'ਤੇ ਬੈਠੇ ਸਾਡੇ ਆਗੂਆਂ ਨੇ ਇਨ੍ਹਾਂ ਮਹਾਨ ਰਵਾਇਤਾਂ ਨੂੰ ਨਕਾਰ ਦਿੱਤਾ ਹੈ।

# ਵਿਜੀਲੈਂਸ ਬਿਊਰੋ ਵੱਲੋਂ 25,000 ਰੁਪਏ ਰਿਸ਼ਵਤ ਲੈਂਦਾ ਪਟਵਾਰੀ ਰੰਗੇ ਹੱਥੀਂ ਕਾਬੂ



**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੌਰਾਨ ਸ਼ੁੱਕਰਵਾਰ ਨੂੰ ਮਾਲ ਹਲਕਾ ਪਿੰਡ ਜੱਸੀਆਂ, ਜਿਲਾ ਲੁਧਿਆਣਾ ਵਿਖੇ ਤਾਇਨਾਤ ਪਟਵਾਰੀ ਅਨਿਲ ਨਰੂਲਾ ਨੂੰ 25000 ਰਿਸ਼ਵਤ ਦੀ ਮੰਗ ਕਰਨ ਅਤੇ ਲੈਣ ਦੇ ਦੋਸ਼ ਹੇਠ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪਟਵਾਰੀ ਨੂੰ ਮੇਜਰ ਸਿੰਘ ਵਾਸੀ ਨਿਊ ਅਮਰ ਨਗਰ, ਲੁਧਿਆਣਾ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫਤਾਰ ਕੀਤਾ ਗਿਆ ਹੈ।

ਬੁਲਾਰੇ ਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਮੁਲਜ਼ਮ ਨੇ ਉਸਦੀ ਜੱਦੀ ਜ਼ਮੀਨ ਦੇ ਇੰਤਕਾਲ ਦਾ 25 ਸਾਲਾਂ ਦਾ ਮਾਲ ਰਿਕਾਰਡ ਦੇਣ ਬਦਲੇ 25,000 ਰੁਪਏ ਦੀ ਮੰਗ ਕੀਤੀ ਸੀ। ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਆਰਥਿਕ ਅਪਰਾਧ ਸ਼ਾਖਾ (ਈਓਡਬਲਿਊ) ਲੁਧਿਆਣਾ ਯੂਨਿਟ ਦੀ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 25,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ।

ਬੁਲਾਰੇ ਨੇ ਦੱਸਿਆ ਕਿ ਇਸ ਸਬੰਧ ਵਿੱਚ ਉਕਤ ਦੋਸ਼ੀ ਖਿਲਾਫ ਵਿਜੀਲੈਂਸ ਬਿਊਰੋ ਦੇ ਥਾਣਾ ਈ.ਓ.ਡਬਲਿਊ. ਲੁਧਿਆਣਾ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

# ਭਾਈ ਘਨੱਈਆ ਜੀ ਦੀ ਯਾਦ ਨੂੰ ਸਮਰਪਿਤ ਲਾਇਨਜ ਕਲੱਬ ਵੱਲੋਂ ਲਗਾਇਆ ਗਿਆ ਵਿਸ਼ਾਲ ਖ਼ੂਨਦਾਨ ਕੈਂਪ



**ਸ੍ਰੀ ਅਨੰਦਪੁਰ ਸਾਹਿਬ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖਾਲਸੇ ਦੀ ਜਨਮ ਭੂਮੀ ਸ਼੍ਰੀ ਅਨੰਦਪੁਰ ਸਾਹਿਬ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਵੱਲੋਂ ਅੱਜ ਡੇਰਾ ਭਾਈ ਘਨਈਆ ਜੀ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ।ਜਿਸ ਵਿੱਚ ਅਨੇਕਾਂ ਦਾਨੀਆਂ ਵੱਲੋਂ ਖ਼ੂਨ ਦਾਨ ਕੀਤਾ ਗਿਆ।

ਇਸ ਮੌਕੇ ਕਲੱਬ ਦੇ ਪੀ.ਆਰ.ਓ ਤੇ ਵਪਾਰ ਮੰਡਲ ਸ਼੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਇੰਦਰਜੀਤ ਸਿੰਘ ਅਰੋੜਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਅੱਜ ਦੇ ਇਸ ਖ਼ੂਨਦਾਨ ਕੈਂਪ ਵਿੱਚ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਅਤੇ ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ ਨੇ ਖੁਦ ਆ ਕੇ ਲਾਈਨ ਕਲੱਬ ਦੇ ਮੈਂਬਰਾਂ ਅਤੇ ਖ਼ੂਨਦਾਨੀਆਂ ਨੂੰ ਆਸ਼ੀਰਵਾਦ ਦਿੱਤਾ। ਉਹਨਾਂ ਦੱਸਿਆ ਕਿ ਕਲੱਬ ਦੇ ਪ੍ਰਧਾਨ ਲਾਇਨ ਰਾਜਵਿੰਦਰ ਸਿੰਘ ਸੋਢੀ ਦੀ ਪ੍ਰਧਾਨਗੀ ਹੇਠ ਇਸ ਵਿਸ਼ਾਲ ਕੈਂਪ ਦਾ ਉਦਘਾਟਨ ਮੁੱਖ ਮਹਿਮਾਨ ਲਾਇਨ ਸਵਰਨ ਸਿੰਘ ਖਾਲਸਾ ਸਾਬਕਾ ਡਿਸਟ੍ਰਿਕਟ ਗਵਰਨਰ ਲਾਈਨ ਇੰਟਰਨੈਸ਼ਨਲ ਵੱਲੋਂ ਕੀਤਾ ਗਿਆ।

ਬਾਬਾ ਦਿਲਬਾਗ ਸਿੰਘ , ਹਰਦੇਵ ਸਿੰਘ ਐਡੀਸ਼ਨਲ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਵੱਲੋਂ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ,ਕਲੱਬ ਸੈਕਟਰੀ ਲਾਇਨ ਸੰਜੇ ਮਹਾਜਨ ਅਤੇ ਖਜ਼ਾਨਚੀ ਲਾਇਨ ਸੁਖਵਿੰਦਰ ਸਿੰਘ ਬਿੱਟੂ ਨੇ ਸਾਂਝੇ ਤੌਰ ਤੇ ਦੱਸਿਆ ਕਿ ਖ਼ੂਨਦਾਨ ਕਰਨਾ ਮਹਾਂਦਾਨ ਮੰਨਿਆ ਜਾਂਦਾ ਹੈ।

# ਰਵਨੀਤ ਬਿੱਟੂ ਦਾ ਕਰੋ ਸਿਰ ਕਲਮ, ਇਨਾਮ 'ਚ ਮਿਲੇਗੀ 1.38 ਏਕੜ ਜ਼ਮੀਨ : ਕਾਂਗਰਸੀ ਵਿਧਾਇਕ

**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਰਾਹੁਲ ਗਾਂਧੀ ਖਿਲਾਫ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵਲੋਂ ਦਿੱਤੇ ਗਏ ਬਿਆਨ ਦਾ ਮਾਮਲਾ ਲਗਾਤਾਰ ਭੱਖਦਾ ਜਾ ਰਿਹਾ ਹੈ। ਜਿਥੇ ਕਾਂਗਰਸੀ ਆਗੂਆਂ ਵਲੋਂ ਬਿੱਟੂ ਨੂੰ ਲੰਬੇ ਹੱਥੀ ਲਿਆ ਜਾ ਰਿਹਾ ਹੈ, ਉਥੇ ਹੀ ਉਨ੍ਹਾਂ ਦੇ ਬਿਆਨ ਦਾ ਡਟਵਾਂ ਵਿਰੋਧ ਵੀ ਕੀਤਾ ਜਾ ਰਿਹਾ ਹੈ। ਇਸ ਸਭ ਦੇ ਵਿਚਾਕਰ ਤੇਲੰਗਾਨਾ ਤੋਂ ਇੱਕ ਕਾਂਗਰਸੀ ਵਿਧਾਇਕ ਨੇ ਬੇਹੱਦ ਵਿਵਾਦੱਤ ਬਿਆਨ ਦਿੱਤਾ ਹੈ। ਵਿਧਾਇਕ ਵੇਦਮਾ ਬੋਜੂ ਨੇ ਐਲਾਨ ਕੀਤਾ ਹੈ ਕਿ ਜੋ ਵੀ ਵਿਅਕਤੀ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਸਿਰ ਕਲਮ ਕਰ ਕੇ ਲੈ ਆਵੇਗਾ, ਉਹ ਉਸਨੂੰ ਆਪਣੀ ਜ਼ਮੀਨ ਇਨਾਮ ਵਜੋਂ ਦੇ ਦੇਣਗੇ।

ਵਿਧਾਇਕ ਬੋਜੂ ਨੇ ਇਹ ਟਿੱਪਣੀ ਮੰਤਰੀ ਬਿੱਟੂ ਦੇ ਉਸ ਬਿਆਨ 'ਤੇ ਪ੍ਰਤੀਕਿਰਿਆ ਦਿੰਦਿਆਂ ਦਿੱਤੀ, ਜਿਸ ਵਿੱਚ ਉਨ੍ਹਾਂ ਨੇ ਰਾਹੁਲ ਗਾਂਧੀ ਨੂੰ 'ਨੰਬਰ ਇਕ ਅੱਤਵਾਦੀ' ਆਖਿਆ ਸੀ। ਬੋਜੂ ਨੇ ਇਸੇ ਬਿਆਨ ਦੇ ਵਿਰੋਧ ਵਿੱਚ ਆਖਿਆ ਕਿ ਜੋ ਵੀ ਰਵਨੀਤ ਸਿੰਘ ਬਿੱਟੂ ਦਾ ਸਿਰ ਕਮਲ ਕਰੇਗਾ ਉਹ ਉਸਨੂੰ ਆਪਣੀ 1.38 ਏਕੜ ਜ਼ਮੀਨ ਦੇ ਦੇਣਗੇ। ਇਨ੍ਹਾਂ ਹੀ ਨਹੀਂ ਬੋਜੂ ਨੇ ਇਹ ਵੀ ਕਿਹਾ ਕਿ ਬਿੱਟੂ ਨੂੰ ਆਪਣੇ ਸ਼ਬਦ ਵਾਪਸ ਲੈ ਲੈਣੇ ਚਾਹੀਦੇ ਹਨ ਨਹੀਂ ਤਾਂ ਵਿਧਾਇਕ ਹੋਣ ਦੇ ਨਾਤੇ ਮੈਂ ਇਹ ਵੀ ਐਲਾਨ ਕਰਦਾ ਹਾਂ ਕਿ ਮੈਂ ਆਪਣੀ ਜਾਇਦਾਦ ਤੇ ਆਪਣੇ ਪਿਤਾ ਦੀ ਜਾਇਦਾਦ ਜੋ ਵੀ ਉਸ ਦਾ ਸਿਰ ਲੈ ਆਵੇਗਾ, ਉਸਨੂੰ ਤੋਹਫੇ ਵਿੱਚ ਦੇ ਦੇਵਾਂਗੇ।

# ਪੰਜਾਬ ਸਰਕਾਰ ਨੇ ਕਾਲੇ ਖੇਤੀ ਕਾਨੂੰਨਾਂ ਖ਼ਿਲਾਫ਼ ਸੰਘਰਸ਼ ਦੌਰਾਨ ਜਾਨ ਗਵਾਉਣ ਵਾਲੇ ਕਿਸਾਨਾਂ ਦੇ 30 ਵਾਰਸਾਂ ਨੂੰ ਦਿੱਤੀਆਂ ਨੌਕਰੀਆਂ



**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਕਾਲੇ ਖੇਤੀ ਕਾਨੂੰਨਾਂ ਖ਼ਿਲਾਫ਼ ਸੰਘਰਸ਼ ਦੌਰਾਨ ਸ਼ਹਾਦਤ ਪਾਉਣ ਵਾਲੇ ਕਿਸਾਨਾਂ ਦੀ ਬਾਂਹ ਫੜ੍ਹਦਿਆਂ ਅੱਜ ਸੂਬੇ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਸ਼ਹੀਦ ਕਿਸਾਨਾਂ ਦੇ 30 ਵਾਰਸਾਂ ਨੂੰ ਨਿਯੁਕਤੀ ਪੱਤਰ ਸੌਂਪੇ ਹਨ। ਇਨ੍ਹਾਂ ਵਿੱਚੋਂ 25 ਜਣਿਆਂ ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਕਲਰਕ ਅਤੇ ਪੰਜ ਨੂੰ ਸੇਵਾਦਾਰ ਵਜੋਂ ਨਿਯੁਕਤੀ ਪੱਤਰ ਮਿਲੇ ਹਨ।

ਇਨ੍ਹਾਂ ਤੋਂ ਇਲਾਵਾ ਪਸ਼ੂ ਪਾਲਣ ਵਿਭਾਗ ਵਿੱਚ ਦੋ ਵੈਟਰਨਰੀ ਇੰਸਪੈਕਟਰਾਂ ਅਤੇ ਚਾਰ ਕਲਰਕਾਂ, ਜਿਨ੍ਹਾਂ ਵਿੱਚੋਂ ਤਿੰਨ ਕਲਰਕਾਂ ਨੂੰ ਤਰਸ ਦੇ ਆਧਾਰ ਉਤੇ ਨੌਕਰੀ ਮਿਲੀ ਹੈ, ਤੋਂ ਇਲਾਵਾ ਡੇਅਰੀ ਵਿਕਾਸ ਵਿਭਾਗ ਵਿੱਚ ਦੋ ਸਟੈਨੋਗ੍ਰਾਫਰਾਂ ਨੂੰ ਨਿਯੁਕਤੀ ਪੱਤਰ ਦਿੱਤੇ ਗਏ ਹਨ। . ਗੁਰਮੀਤ ਸਿੰਘ ਖੁੱਡੀਆਂ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਵਿਕਾਸ ਅਤੇ ਸੂਬੇ ਦੇ ਲੋਕਾਂ ਨੂੰ ਪਾਰਦਰਸ਼ੀ ਅਤੇ ਸੁਚਾਰੂ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਇਮਾਨਦਾਰੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਹੁਣ ਤੱਕ ਵੱਖ-ਵੱਖ ਵਿਭਾਗਾਂ ਵਿੱਚ 44,974 ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਭਰਤੀ ਨਿਰੋਲ ਮੈਰਿਟ ਦੇ ਆਧਾਰ ਉਤੇ ਪਾਰਦਰਸ਼ੀ ਢੰਗ ਨਾਲ ਕੀਤੀ ਗਈ ਹੈ।

ਇਸ ਮੌਕੇ ਖੇਤੀਬਾੜੀ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ, ਪਸ਼ੂ ਪਾਲਣ ਵਿਭਾਗ ਦੇ ਡਾਇਰੈਕਟਰ ਡਾ. ਗੁਰਸ਼ਰਨਜੀਤ ਸਿੰਘ ਬੇਦੀ, ਡੇਅਰੀ ਵਿਕਾਸ ਵਿਭਾਗ ਦੇ ਡਾਇਰੈਕਟਰ ਕੁਲਦੀਪ ਸਿੰਘ ਅਤੇ ਹੋਰ ਅਧਿਕਾਰੀ ਵੀ ਮੌਜੂਦ ਸਨ।

# ਕਾਂਗਰਸੀ ਆਗੂ ਅਤੇ ਹਲਕਾ ਬਰਨਾਲਾ ਦੇ ਪ੍ਰਧਾਨ ਤੇ ਸਮਾਜ ਸੇਵੀ ਕੁਲਵੰਤ ਸਿੰਘ ਆਪ ਵਿੱਚ ਸ਼ਾਮਲ



**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ (ਆਪ) ਪੰਜਾਬ ਨੂੰ ਸ਼ੁੱਕਰਵਾਰ ਨੂੰ ਬਰਨਾਲਾ ਵਿੱਚ ਉਸ ਸਮੇਂ ਵੱਡਾ ਹੁਲਾਰਾ ਮਿਲਿਆ ਜਦੋਂ ਕਾਂਗਰਸੀ ਆਗੂ ਅਤੇ ਬਰਨਾਲਾ ਮਿਉਂਸਪਲ ਕਮੇਟੀ ਦੇ ਪ੍ਰਧਾਨ ਗੁਰਜੀਤ ਸਿੰਘ ਰਾਮਨਵਾਸੀਆ ਅਤੇ ਸਮਾਜ ਸੇਵੀ ਕੁਲਵੰਤ ਸਿੰਘ 'ਆਪ' ਵਿੱਚ ਸ਼ਾਮਲ ਹੋ ਗਏ। ਮੁੱਖ ਮੰਤਰੀ ਭਗਵੰਤ ਮਾਨ ਨੇ ਸੰਗਰੂਰ ਤੋਂ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਦੀ ਮੌਜੂਦਗੀ ਵਿੱਚ ਦੋਵਾਂ ਆਗੂਆਂ ਦਾ 'ਆਪ' ਪਰਿਵਾਰ ਵਿੱਚ ਸਵਾਗਤ ਕੀਤਾ। ਮੀਤ ਹੇਅਰ ਦੇ ਸੰਗਰੂਰ ਤੋਂ ਸੰਸਦ ਮੈਂਬਰ ਚੁਣੇ ਜਾਣ ਤੋਂ ਬਾਅਦ ਬਰਨਾਲਾ ਵਿਧਾਨ ਸਭਾ ਸੀਟ ਖਾਲੀ ਹੋ ਗਈ ਹੈ। ਇਸ 'ਤੇ ਕੁਝ ਦਿਨਾਂ 'ਚ ਉਪ ਚੋਣਾਂ ਹੋਣੀਆਂ ਹਨ। ਪੰਜਾਬ ਵਿੱਚ 'ਆਪ' ਸਰਕਾਰ ਦੀ ਕਾਰਗੁਜ਼ਾਰੀ ਤੋਂ ਪ੍ਰਭਾਵਿਤ ਹੋ ਕੇ ਰਾਮਨਵਾਸੀਆ ਅਤੇ ਕੁਲਵੰਤ ਸਿੰਘ ਆਪਣੇ ਸਮਰਥਕਾਂ ਸਮੇਤ 'ਆਪ' ਵਿੱਚ ਸ਼ਾਮਲ ਹੋ ਗਏ।

# ਕੋਚਿੰਗ ਸੈਂਟਰ ਮੌਤਾਂ: ਸੁਪਰੀਮ ਕੋਰਟ ਨੇ ਪੈਨਲ ਨੂੰ 4 ਹ.ਫਤਿਆਂ ਵਿੱਚ ਅੰਤਰਿਮ ਉਪਾਅ ਪੇਸ਼ ਕਰਨ ਲਈ ਕਿਹਾ

**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਇੱਥੇ ਇਕ ਕੋਚਿੰਗ ਸੈਂਟਰ ਵਿਚ ਜੁਲਾਈ ਮਹੀਨੇ ਇਮਾਰਤ ਦੇ ਬੇਸਮੈਂਟ 'ਚ ਪਾਣੀ ਆਉਣ ਕਾਰਨ ਤਿੰਨ ਆਈਏਐਸ ਪ੍ਰੀਖਿਆਰਥੀਆਂ ਦੀ ਮੌਤ ਦੀ ਜਾਂਚ ਕਰ ਰਹੀ ਉੱਚ ਪੱਧਰੀ ਕਮੇਟੀ ਨੂੰ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਚਾਰ ਹਫ਼ਤਿਆਂ ਵਿੱਚ ਅੰਤਰਿਮ ਉਪਾਅ ਪੇਸ਼ ਕਰਨ ਦਾ ਨਿਰਦੇਸ਼ ਦਿੱਤਾ ਹੈ।

ਜਸਟਿਸ ਸੂਰਿਆ ਕਾਂਤ ਅਤੇ ਉਜਲ ਭੂਈਆਂ ਦੇ ਬੈਂਚ ਨੇ ਹਰਿਆਣਾ, ਉੱਤਰ ਪ੍ਰਦੇਸ਼ ਅਤੇ ਦਿੱਲੀ ਸਰਕਾਰਾਂ ਨੂੰ ਹਦਾਇਤ ਕੀਤੀ ਕਿ ਉਹ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਨੀਤੀ, ਵਿਧਾਨਕ ਅਤੇ ਪ੍ਰਸ਼ਾਸਨਿਕ ਤਬਦੀਲੀਆਂ ਬਾਰੇ ਅਦਾਲਤ ਨੂੰ ਜਾਣੂ ਕਰਵਾਉਣ।

ਬੈਂਚ ਨੇ ਕਿਹਾ ਕਿ ਜੇਕਰ ਲੋੜ ਪਈ ਤਾਂ ਅਸੀਂ ਪੁਰਾਣੇ ਰਾਜੇਂਦਰ ਨਗਰ ਵਰਗੀਆਂ ਘਟਨਾਵਾਂ ਨੂੰ ਰੋਕਣ ਲਈ ਪੂਰੇ ਭਾਰਤ ਨੂੰ ਨਿਰਦੇਸ਼ ਦੇਵਾਂਗੇ।

# ਵਾਤਾਵਰਨ ਹਰਜਾਨਾ: ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਨੂੰ ਜਾਰੀ ਐੱਨਜੀਟੀ ਦੇ ਹੁਕਮਾਂ 'ਤੇ ਲਾਈ ਰੋਕ

**1000 ਕਰੋੜ ਦੀ ਮੁਆਵਜ਼ਾ ਰਾਸ਼ੀ ਦੇ ਭੁਗਤਾਨ ਲਈ ਜਾਰੀ ਹੋਇਆ ਸੀ ਨੋਟਿਸ**




**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦੇ ਉਸ ਹੁਕਮਾਂ 'ਤੇ ਰੋਕ ਲਗਾ ਦਿੱਤੀ, ਜਿਸ ਵਿਚ ਪੰਜਾਬ ਨੂੰ ਵਾਤਾਵਰਨ ਰਹਜਾਨੇ ਵਜੋਂ 1,000 ਕਰੋੜ ਰੁਪਏ ਤੋਂ ਵੱਧ ਦਾ ਭੁਗਤਾਨ ਕਰਨ ਲਈ ਕਿਹਾ ਗਿਆ ਸੀ। ਸੂਬੇ ਵਿਚ ਵਿੱਚ ਰਹਿੰਦ-ਖੂੰਹਦ ਅਤੇ ਅਣਸੋਧੇ ਸੀਵਰੇਜ ਦਾ ਪ੍ਰਬੰਧਨ ਕਰਨ ਵਿੱਚ ਅਸਫ਼ਲ ਰਹਿਣ ਲਈ ਪੰਜਾਬ ਸਰਕਾਰ ਨੂੰ ਇਹ ਹਰਜਾਨਾ ਲਾਇਆ ਗਿਆ ਸੀ।

ਚੀਫ਼ ਜਸਟਿਸ ਡੀਵਾਈ ਚੰਦਰਚੂੜ ਅਤੇ ਜਸਟਿਸ ਜੇ ਬੀ ਪਾਰਦੀਵਾਲਾ ਅਤੇ ਮਨੋਜ ਮਿਸ਼ਰਾ ਦੀ ਬੈਂਚ ਨੇ ਐਨਜੀਟੀ ਦੇ ਹੁਕਮਾਂ ਖ਼ਿਲਾਫ਼ ਸੂਬਾ ਸਰਕਾਰ ਵੱਲੋਂ ਦਾਇਰ ਅਪੀਲ 'ਤੇ ਕੇਂਦਰ ਅਤੇ ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ (ਸੀਪੀਸੀਬੀ) ਨੂੰ ਨੋਟਿਸ ਜਾਰੀ ਕੀਤਾ ਹੈ। ਇਸ ਮੌਕੇ ਸੂਬਾ ਸਰਕਾਰ ਵੱਲੋਂ ਸੀਨੀਅਰ ਵਕੀਲ ਅਭਿਸ਼ੇਕ ਸਿੰਘਵੀ ਪੇਸ਼ ਹੋਏ। ਐਨਜੀਟੀ ਨੇ ਆਪਣੇ 25 ਜੁਲਾਈ ਦੇ ਹੁਕਮਾਂ ਵਿੱਚ ਮੁੱਖ ਸਕੱਤਰ ਰਾਹੀਂ ਪੰਜਾਬ ਨੂੰ ਨਿਰਦੇਸ਼ ਦਿੱਤੇ ਸਨ ਕਿ ਉਹ ਵਾਤਾਵਰਨ ਹਰਜਾਨੇ 10,261,908,000 ਰੁਪਏ ਇੱਕ ਮਹੀਨੇ ਦੇ ਅੰਦਰ ਅੰਦਰ ਜਮ੍ਹਾਂ ਕਰਾਉਣ।

# 'ਆਪ' ਨੇ ਕੇਜਰੀਵਾਲ ਲਈ ਦਿੱਲੀ 'ਚ ਸਰਕਾਰੀ ਰਿਹਾਇਸ਼ ਮੰਗੀ



**ਨਵੀਂ ਦਿੱਲੀ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆਮ ਆਦਮੀ ਪਾਰਟੀ ਨੇ ਸ਼ੁੱਕਰਵਾਰ ਨੂੰ ਮੰਗ ਕੀਤੀ ਕਿ ਦਿੱਲੀ ਦੇ ਅਹੁਦਾ ਛੱਡ ਰਹੇ ਮੁੱਖ ਮੰਤਰੀ ਤੇ 'ਆਪ' ਸੁਪਰੀਮੋ ਅਰਵਿੰਦ ਕੇਜਰੀਵਾਲ ਨੂੰ ਸਰਕਾਰੀ ਰਿਹਾਇਸ਼ ਮੁਹੱਈਆ ਕਰਵਾਈ ਜਾਵੇ ਕਿਉਂਕਿ ਉਹ ਇਕ ਕੌਮੀ ਪਾਰਟੀ ਦੇ ਮੁਖੀ ਹੋਣ ਦੇ ਨਾਤੇ ਇਸ ਦੇ ਹੱਕਦਾਰ ਹਨ।

ਇਕ ਪ੍ਰੈਸ ਕਾਨਫਰੰਸ ਦੌਰਾਨ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੇ ਕਿਹਾ ਕਿ ਪਾਰਟੀ ਇਸ ਬਾਰੇ ਸਬੰਧਤ ਮੰਤਰਾਲੇ ਨੂੰ ਬਾਕਾਇਦਾ ਚਿੱਠੀ ਲਿਖ ਕੇ ਮੰਗ ਕਰੇਗੀ।

ਉਨ੍ਹਾਂ ਕਿਹਾ, "ਮੈਨੂੰ ਉਮੀਦ ਹੈ ਕਿ ਸਾਨੂੰ ਇਸ ਮਕਸਦ ਲਈ ਕੋਈ ਲੜਾਈ ਨਹੀਂ ਲੜਨੀ ਪਵੇਗੀ। ਕੇਜਰੀਵਾਲ ਨੇ ਆਪਣੀ ਨੈਤਿਕਤਾ ਦੇ ਆਧਾਰਉਤੇ ਅਹੁਦੇ ਤੋਂ ਅਸਤੀਫ਼ਾ ਦਿੱਤਾ ਹੈ ਅਤੇ ਉਹ ਆਪਣੀ ਸਰਕਾਰੀ ਰਿਹਾਇਸ਼ ਛੱਡ ਰਹੇ ਹਨ।"

ਚੱਢਾ ਨੇ ਕਿਹਾ, "ਉਨ੍ਹਾਂ ਦੀ ਕੋਈ ਜਾਇਦਾਦ ਜਾਂ ਘਰ ਤੱਕ ਨਹੀਂ ਹੈ। ਕੌਮੀ ਪਾਰਟੀ ਦੇ ਕਨਵੀਨਰਹੋਣ ਦੇ ਨਾਤੇ ਉਹ ਸਰਕਾਰੀ ਰਿਹਾਇਸ਼ ਹਾਸਲ ਕਰਨ ਦੇ ਹੱਕਦਾਰ ਹਨ। ਕੇਂਦਰ ਨੇ ਉਨ੍ਹਾਂ ਨੂੰ ਸਰਕਾਰੀ ਰਿਹਾਇਸ਼ ਦੇਣੀ ਚਾਹੀਦੀ ਹੈ।"

# ਮੋਗਾ 'ਚ ਐਨਆਈਏ ਟੀਮ ਵੱਲੋਂ ਟਰੱਕ ਡਰਾਈਵਰ ਦੇ ਘਰ ਛਾਪੇਮਾਰੀ

**ਮੋਗਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕੌਮੀ ਜਾਂਚ ਏਜੰਸੀ (ਐਨਆਈਏ) ਦੀ ਟੀਮ ਨੇ ਅੱਜ ਤੜਕਸਾਰ ਜ਼ਿਲ੍ਹੇ ਦੇ ਸ਼ਹਿਰ ਨੁਮਾ ਕਸਬਾ ਬਿਲਾਸਪੁਰ ਸਥਿਤ ਇਕ ਟਰੱਕ ਡਰਾਈਵਰ ਕੁਲਵੰਤ ਸਿੰਘ (42) ਦੇ ਘਰ ਛਾਪੇਮਾਰੀ ਕੀਤੀ। ਇਸ ਮੌਕੇ ਉਨ੍ਹਾਂ ਨਾਲ ਪੰਜਾਬ ਪੁਲੀਸ ਦੀ ਟੀਮ ਵੀ ਮੌਜੂਦ ਰਹੀ। ਟਰੱਕ ਡਰਾਈਵਰ ਕੁਲਵੰਤ ਸਿੰਘ ਨੇ ਕਿਹਾ ਕਿ ਪਰਿਵਾਰਕ ਮੈਂਬਰਾਂ ਦੇ ਮੋਬਾਈਲ ਫੋਨ ਅਤੇ ਘਰ ਦੀ ਡੂੰਘਾਈ ਨਾਲ ਤਲਾਸ਼ੀ ਲਈ ਗਈ ਪਰ ਉਸ ਦੇ ਘਰ ਵਿਚੋ ਕੋਈ ਇਤਰਾਜ਼ਯੋਗ ਵਸਤੂ ਨਹੀਂ ਮਿਲੀ। ਉਨ੍ਹਾਂ ਦੱਸਿਆ ਕਿ ਉਹ ਕੈਨੇਡਾ ਤੋਂ ਪ੍ਰਸਾਰਤ ਇੱਕ ਚੈਨਲ ਦੇਖਣ ਦਾ ਸ਼ੌਕੀਨ ਹੈ। ਜਦੋਂ ਕਿ ਐਨਆਈ ਟੀਮ ਨੂੰ ਉਸਦੇ ਸੋਸ਼ਲ ਮੀਡੀਆ ਤੋਂ ਗਰਮ ਖ਼ਿਆਲੀ ਵਿਚਾਰਧਾਰਾ ਨਾਲ ਜੁੜਿਆ ਹੋਣ ਅਤੇ ਪੋਸਟਾਂ ਪਾਉਣ ਦਾ ਸ਼ੱਕ ਹੈ। ਇਸ ਮੌਕੇ ਐਨਆਈਏ ਦੀ ਟੀਮ ਨੇ ਕਿਸੇ ਨੂੰ ਵੀ ਘਰ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ। ਕੁਲਵੰਤ ਸਿੰਘ ਨੇ ਦੱਸਿਆ ਕਿ ਉਹ ਪੇਸ਼ੇ ਵਜੋਂ ਡਰਾਈਵਰ ਹੈ ਅਤੇ ਉਹ ਰਾਮਪੁਰਾ ਵਿੱਚ ਇੱਕ ਸੀਮਿੰਟ ਫੈਕਟਰੀ ਵਿੱਚ ਕੰਮ ਕਰਦਾ ਹੈ। ਟੀਮ ਉਸਦੇ ਘਰ ਸਵੇਰੇ ਕਰੀਬ 5 ਵਜੇ ਪਹੁੰਚੀ ਅਤੇ ਉਨ੍ਹਾਂ ਵੱਲੋਂ ਡੇਢ ਤੋਂ ਦੋ ਘੰਟੇ ਤੱਕ ਪੁੱਛਗਿੱਛ ਕੀਤੀ ਗਈ। ਕੁਲਵੰਤ ਸਿੰਘ ਨੇ ਕਿਹਾ ਕਿ ਟੀਮ ਗਰਮ ਖ਼ਿਆਲੀ ਪੋਸਟਾਂ ਪਾਉਣ ਬਾਰੇ ਉਸ ਕੋਲੋਂ ਪੁੱਛਗਿੱਛ ਕੀਤੀ ਹੈ ਅਤੇ ਭਵਿੱਖ ਵਿੱਚ ਅਜਿਹਾ ਕਰਨ ਤੋਂ ਰੋਕਿਆ ਹੈ




# ਪੰਜਾਬ ਨੇ ਰਵਾਇਤੀ ਖਣਨ ਸਰੋਤਾਂ ਤੋਂ ਹਟ ਕੇ ਬਹੁਮੁੱਲੇ ਖਣਿਜਾਂ ਦੀ ਖੋਜ ਸਬੰਧੀ ਯਤਨ ਤੇਜ਼ ਕਰਨ ਦਾ ਟੀਚਾ ਮਿੱਥਿਆ

**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ. ਚੇਤਨ ਸਿੰਘ ਜੌੜਾਮਾਜਰਾ ਨੇ ਅੱਜ ਖਣਨ ਤੇ ਭੂ-ਵਿਗਿਆਨ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਸਰਕਾਰੀ ਤੇ ਪ੍ਰਾਈਵੇਟ ਕੰਪਨੀਆਂ ਨੂੰ ਸੱਦਾ ਦਿੱਤਾ ਹੈ ਕਿ ਸੂਬੇ ਵਿੱਚ ਰੇਤ, ਬਜਰੀ ਤੇ ਗਟਕਾ ਆਦਿ ਖਣਿਜਾਂ ਤੋਂ ਹਟ ਕੇ ਹੋਰਨਾਂ ਕੀਮਤੀ ਖਣਿਜ ਪਦਾਰਥਾਂ ਦੀ ਖੋਜ ਵੱਲ ਉਚੇਚਾ ਧਿਆਨ ਦਿੱਤਾ ਜਾਣਾ ਚਾਹੀਦਾ ਹੈ।

ਖਣਨ ਅਤੇ ਭੂ-ਵਿਗਿਆਨ ਵਿਭਾਗ ਵੱਲੋਂ ਨੈਸ਼ਨਲ ਮਿਨਰਲ ਐਕਸਪਲੋਰੇਸ਼ਨ ਟਰੱਸਟ (ਐਨ.ਐਮ.ਈ.ਟੀ) ਦੇ ਸਹਿਯੋਗ ਨਾਲ ÷ਖਣਿਜਾਂ ਦੀ ਖੋਜ÷ ਵਿਸ਼ੇ 'ਤੇ ਇੱਥੇ ਕਰਵਾਈ ਗਈ ਵਰਕਸ਼ਾਪ ਦੌਰਾਨ ਬੋਲਦਿਆਂ ਕੈਬਨਿਟ ਮੰਤਰੀ ਨੇ ਹਾਲ ਹੀ ਵਿੱਚ ਕੀਤੀਆਂ ਖੋਜਾਂ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਖੇਤਰ ਵਿੱਚ ਹੋਰ ਖਣਿਜਾਂ ਦੀ ਪ੍ਰਾਪਤੀ ਸਬੰਧੀ ਸੰਭਾਵਨਾ 'ਤੇ ਜ਼ੋਰ ਦਿੱਤਾ।

ਪੰਜਾਬ ਸਰਕਾਰ ਦੇ ਭੂ-ਵਿਗਿਆਨੀਆਂ ਵੱਲੋਂ ਜੁਲਾਈ 2022 ਵਿੱਚ ਸੌਂਪੀ ਗਈ ਰਿਪੋਰਟ ਦਾ ਹਵਾਲਾ ਦਿੰਦਿਆਂ ਸ. ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਵਿਗਿਆਨੀਆਂ ਵੱਲੋਂ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਪਿੰਡ ਕਬਰਵਾਲਾ ਵਿਖੇ 6 ਮਿਲੀਅਨ ਟਨ ਪੋਟਾਸ਼ੀਅਮ ਦੀ ਖੋਜ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਪੋਟਾਸ਼ੀਅਮ ਦੀ ਜ਼ਿਆਦਾਤਰ ਵਰਤੋਂ ਖਾਦਾਂ ਲਈ ਹੁੰਦੀ ਹੈ ਅਤੇ ਦੇਸ਼ ਵਿੱਚ 99 ਫ਼ੀਸਦੀ ਪੋਟਾਸ਼ ਦੀ ਦਰਾਮਦਗੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਹੋਈਆਂ ਖੋਜਾਂ ਮੁਤਾਬਕ ਪੰਜਾਬ ਦੇਸ਼ ਦਾ ਚੌਥਾ ਅਜਿਹਾ ਸੂਬਾ ਹੈ, ਜਿੱਥੇ ਪੋਟਾਸ਼ੀਅਮ ਮਿਲਿਆ ਹੈ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸਿਰਫ਼ ਰੇਤ ਅਤੇ ਬਜਰੀ ਦੀ ਲੋਕਾਂ ਨੂੰ ਕਿਫ਼ਾਇਤੀ ਸਪਲਾਈ ਵੱਲ ਹੀ ਧਿਆਨ ਨਹੀਂ ਦੇ ਰਹੀ, ਸਗੋਂ ਇਸ ਖੇਤਰ ਵਿੱਚ ਨਵੀਆਂ ਖੋਜਾਂ ਨੂੰ ਵੀ ਉਤਸ਼ਾਹਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਦਿਸ਼ਾ ਵਿੱਚ ਅੱਗੇ ਵੱਧਣ ਲਈ ਅਤੇ ਪ੍ਰਾਈਵੇਟ ਕੰਪਨੀਆਂ ਰਾਹੀਂ ਵੀ ਖੋਜ ਕਾਰਜ ਕਰਵਾਉਣ ਲਈ ਇਹ ਸਮਾਗਮ ਉਲੀਕਿਆ ਗਿਆ ਹੈ।

ਉਨ੍ਹਾਂ ਸਰਕਾਰੀ ਅਤੇ ਪ੍ਰਾਈਵੇਟ ਕੰਪਨੀਆਂ ਖੇਤਰ ਦੇ ਭੂ-ਵਿਗਿਆਨੀਆਂ ਨੂੰ ਕਿਹਾ ਕਿ ਉਹ ਕੀਮਤੀ ਖਣਿਜਾਂ ਦੀ ਖੋਜ ਵੱਲ ਉਚੇਚਾ ਧਿਆਨ ਦੇਣ ਜਿਸ ਨਾਲ ਪੰਜਾਬ ਆਰਥਕ ਪੱਖੋਂ ਹੋਰ ਮਜ਼ਬੂਤ ਹੋਵੇਗਾ ਅਤੇ ਰਾਜ ਤੇ ਦੇਸ਼ ਦੀ ਤਰੱਕੀ ਹੋਵੇਗੀ।

ਕੈਬਨਿਟ ਮੰਤਰੀ ਨੇ ਇਸ ਖੇਤਰ ਨਵੇਂ ਦਿੱਸਹੱਦੇ ਕਾਇਮ ਕਰਨ ਲਈ ਵਿਭਾਗ ਦੇ ਅਧਿਕਾਰੀਆਂ ਨੂੰ ਭਾਰਤ ਸਰਕਾਰ ਨੇ ਖਣਨ ਮੰਤਰਾਲੇ ਨਾਲ ਨਿਰੰਤਰ ਰਾਬਤਾ ਰੱਖਣ ਲਈ ਵੀ ਕਿਹਾ ਤਾਂ ਜੋ ਖੋਜ ਕਾਰਜਾਂ ਵਿੱਚ ਕਿਸੇ ਤਰ੍ਹਾਂ ਦੀ ਖੜੋਤ ਨਾ ਆਵੇ।

ਵਰਕਸ਼ਾਪ ਵਿੱਚ ਹੋਰਨਾਂ ਪਤਵੰਤਿਆਂ ਤੋਂ ਇਲਾਵਾ ਖਣਨ ਤੇ ਭੂ-ਵਿਗਿਆਨ ਵਿਭਾਗ ਦੇ ਸਕੱਤਰ ਸ੍ਰੀ ਗੁਰਕਿਰਤ ਕਿਰਪਾਲ ਸਿੰਘ,ਜਿਓਲੌਜੀਕਲ ਸਰਵੇਅ ਆਫ਼ ਇੰਡੀਆ ਦੇ ਡੀ.ਡੀ.ਜੀ. ਡਾ. ਸ਼੍ਰੀਮਤੀ ਗੁਪਤਾ, ਸੁਪਰਿੰਟੇਂਡਿੰਗ ਭੂ-ਵਿਗਿਆਨੀ, ਐਨ.ਐਮ.ਈ.ਟੀ, ਖਣਨ ਮੰਤਰਾਲਾ ਸ੍ਰੀਮਤੀ ਅੰਜੂ ਸੀ.ਐਸ. ਅਤੇ ਸ. ਹਰਿੰਦਰਪਾਲ ਸਿੰਘ ਬੇਦੀ, ਮੁੱਖ ਇੰਜੀਨੀਅਰ, ਮਾਈਨਿੰਗ, ਪੰਜਾਬ ਵੀ ਮੌਜੂਦ ਰਹੇ। ਵਰਕਸ਼ਾਪ ਦੇ ਪਹਿਲੇ ਤਕਨੀਕੀ ਸੈਸ਼ਨ ਦਾ ਸੰਚਾਲਨ ਜਿਓਲੌਜੀਕਲ ਸਰਵੇਅ ਆਫ਼ ਇੰਡੀਆ ਦੇ ਡਾਇਰੈਕਟਰ ਸ੍ਰੀ ਏ.ਕੇ. ਤਲਵਾੜ ਨੇ ਕੀਤਾ।

# ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਨੇ ਸ੍ਰੀ ਹਨੂਮਾਨ ਚਾਲੀਸਾ ਜੀ ਦਾ ਪਾਠ ਕਰਵਾਇਆ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼ਿਵ ਸੈਨਾ ਹਿੰਦੁਸਤਾਨ ਦੇ ਧਾਰਮਿਕ ਵਿੰਗ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਵੱਲੋਂ ਪਿਛਲੇ 17 ਸਾਲਾਂ ਤੋਂ ਸਨਾਤਨ ਹਿੰਦੂ ਧਰਮ ਦੇ ਪ੍ਰਚਾਰ-ਪ੍ਰਸਾਰ ਲਈ ਸ਼੍ਰੀ ਹਨੂੰਮਾਨ ਚਾਲੀਸਾ ਜੀ ਦੇ ਪਾਠ ਦੀ ਪਰੰਪਰਾ ਨੂੰ ਜਾਰੀ ਰੱਖਦੇ ਹੋਏ ਇਸ ਮੰਗਲਵਾਰ ਨੂੰ ਉੱਤਰੀ ਭਾਰਤ ਦੇ ਪ੍ਰਸਿੱਧ ਸਨਾਤਨ ਹਿੰਦੂ ਤੀਰਥ ਸਥਾਨ 'ਤੇ ਵੀ ਸਮਾਗਮ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਸ੍ਰੀ ਹਨੁਮਾਨ ਚਾਲੀਸਾ ਜੀ ਦਾ ਪਾਠ ਕਰਵਾਇਆ ਗਿਆ। ਹਰ ਮੰਗਲਵਾਰ ਦੀ ਤਰ੍ਹਾਂ ਅੱਜ ਵੀ ਪਟਿਆਲਾ ਪੰਜਾਬ ਦੇ ਸ਼੍ਰੀ ਕਾਲੀ ਮਾਤਾ ਮੰਦਿਰ ਸਥਿਤ ਅਸਥਾਨ 'ਤੇ ਸ਼੍ਰੀ ਹਨੂੰਮਾਨ ਚਾਲੀਸਾ ਜੀ ਦਾ ਪਾਠ ਕਰਵਾਇਆ ਗਿਆ।

ਇਸ ਵਾਰ ਸ਼੍ਰੀ ਹਨੂੰਮਾਨ ਚਾਲੀਸਾ ਜੀ ਦੇ ਪਾਠ ਦੇ ਸਮਾਗਮ ਦੇ ਦੌਰਾਨ ਵਿਆਸ ਪੀਠ ਵਿਖੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੀ ਧਾਰਮਿਕ ਪ੍ਰਚਾਰਿਕਾ ਪ੍ਰਸਿੱਧ ਭਜਨ ਗਾਇਕਾ ਸ਼੍ਰੀਮਤੀ ਬੀਨਾ ਬਾਂਸਲ ਨੇ ਸ਼੍ਰੀ ਹਨੂੰਮਾਨ ਜੀ ਦੇ ਭਾਵਪੂਰਤ ਭਜਨ ਗਾਇਨ ਕਰਕੇ ਸ਼ਰਧਾਲੂਆਂ ਵਿੱਚ ਸ਼ਰਧਾ ਦੀ ਲਹਿਰ ਦੌੜਾ ਦਿੱਤੀ। ਉਨ੍ਹਾਂ ਨੇ ਆਪਣੇ ਭਜਨਾਂ ਰਾਹੀਂ ਸ਼੍ਰੀ ਹਨੂੰਮਾਨ ਜੀ ਦੀ ਭਗਤੀ ਦੀ ਮਹਿਮਾ ਦਾ ਗੁਣਗਾਨ ਕਰਦੇ ਹੋਏ ਕਿਹਾ ਕਿ ਜੇਕਰ ਅਸੀਂ ਸੱਚੇ ਮਨ ਨਾਲ ਭਗਵਾਨ ਸ਼੍ਰੀ ਹਨੂੰਮਾਨ ਜੀ ਦੀ ਪੂਜਾ ਕਰਦੇ ਹਾਂ ਤਾਂ ਸ਼੍ਰੀ ਰਾਮ ਜੀ ਦੀ ਕਿਰਪਾ ਨਾਲ ਸ਼੍ਰੀ ਹਨੂੰਮਾਨ ਜੀ ਆਪਣੇ ਆਪ ਹੀ ਸਾਡੇ ਸਾਰੇ ਕਾਰਜ ਪੂਰੇ ਕਰ ਦਿੰਦੇ ਹਨ ਕਿਉਂਕਿ ਸ਼੍ਰੀ ਹਨੂੰਮਾਨ ਜੀ ਇਸ ਕਲਯੁਗ ਦੇ ਵਿੱਚ ਵੀ ਪ੍ਰਤੱਖ ਦੇਵਤਾ ਦੇ ਰੂਪ ਵਿੱਚ ਮੌਜੂਦ ਹਨ। ਉਨ੍ਹਾਂ ਦੇ ਕਿਸੇ ਵੀ ਸਥਾਨ 'ਤੇ ਆਉਣ ਜਾਣ 'ਤੇ ਕੋਈ ਪਾਬੰਦੀ ਨਹੀਂ ਹੈ। ਸ਼੍ਰੀ ਹਨੂੰਮਾਨ ਜੀ ਦੀ ਭਗਤੀ ਕਰਨ ਨਾਲ ਸਾਡੇ ਅੰਦਰਲੇ ਸਾਰੇ ਵਿਕਾਰਾਂ ਦਾ ਨਾਸ਼ ਹੋ ਜਾਂਦਾ ਹੈ ਅਤੇ ਅਸੀਂ ਹਉਮੈ ਤੋਂ ਮੁਕਤ ਹੋ ਸਕਦੇ ਹਾਂ ਕਿਉਂਕਿ ਸ਼੍ਰੀ ਹਨੂੰਮਾਨ ਜੀ ਨੇ ਭਗਵਾਨ ਸ਼੍ਰੀ ਰਾਮ ਜੀ ਲਈ ਬਹੁਤ ਸਾਰੇ ਮਹਾਨ ਕਾਰਜ ਕੀਤੇ ਹਨ। ਪਰ ਉਸਨੇ ਕਦੇ ਇਹ ਨਹੀਂ ਕਿਹਾ ਕਿ ਮੈਂ ਇਹ ਸਾਰਾ ਕੰਮ ਆਪਣੇ ਬਲ 'ਤੇ ਕੀਤਾ ਹੈ। ਹਰ ਸਮੇਂ ਉਨ੍ਹਾਂ ਕਿਹਾ ਕਿ ਮੈਂ ਇਹ ਸਭ ਕੁਝ ਮੇਰੇ 'ਤੇ ਭਗਵਾਨ ਸ਼੍ਰੀ ਰਾਮ ਜੀ ਦੀਆਂ ਅਪਾਰ ਕਿਰਪਾ ਸਦਕਾ ਕਰ ਸਕਿਆ ਹਾਂ।

ਸ਼ਿਵ ਸੈਨਾ ਹਿੰਦੁਸਤਾਨ ਦੇ ਰਾਸ਼ਟਰੀ ਪ੍ਰਧਾਨ ਅਤੇ ਸ਼੍ਰੀ ਰਾਮ ਹਨੂੰਮਾਨ ਸੇਵਾ ਦਲ ਦੇ ਚੇਅਰਮੈਨ ਸ਼੍ਰੀ ਪਵਨ ਗੁਪਤਾ ਜੀ ਨੇ ਧਾਰਮਿਕ ਸਵਾਲਾਂ ਦੇ ਜਵਾਬ ਦੇਣ ਵਾਲੇ ਸਾਰੇ ਸ਼ਰਧਾਲੂਆਂ ਨੂੰ ਚੁਨਰੀ ਦੇ ਕੇ ਸਨਮਾਨਿਤ ਕੀਤਾ ਅਤੇ ਸਾਰਿਆਂ ਨੂੰ ਇਸ ਹਫਤਾਵਾਰੀ ਸ਼੍ਰੀ ਹਨੂੰਮਾਨ ਚਾਲੀਸਾ ਜੀ ਦੇ ਪ੍ਰੋਗਰਾਮ ਵਿੱਚ ਆਪਣੇ ਪਰਿਵਾਰਕ ਮੈਂਬਰਾਂ ਨਾਲ ਸ਼ਾਮਲ ਹੋਣ ਲਈ ਪ੍ਰੇਰਿਤ ਕੀਤਾ ਅਤੇ ਰਿਸ਼ਤੇਦਾਰਾਂ ਨੂੰ ਨਾਲ ਆਉਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਨਾਲ ਉਨ੍ਹਾਂ ਨੂੰ ਹਨੂੰਮਾਨ ਜੀ ਦਾ ਆਸ਼ੀਰਵਾਦ ਮਿਲੇਗਾ। ਅਗਲੇ ਹਫਤੇ ਮੰਗਲਵਾਰ ਲਈ, ਉਹਨਾਂ ਨੇ ਸਾਰੇ ਸ਼ਰਧਾਲੂਆਂ ਨੂੰ ਇੱਕ ਸਵਾਲ ਪੁੱਛਿਆ ਕਿ ਤੁਸੀਂ ਸਾਰੇ ਸ਼੍ਰੀ ਹਨੂੰਮਾਨ ਜੀ ਦੇ ਹਨੂੰਮਾਨ ਜੀ ਦੇ ਨਾਮ ਦਾ ਅਰਥ ਜਾਣ ਕੇ ਇਸ ਸਤਿਸੰਗ ਵਿੱਚ ਇਸਦਾ ਉੱਤਰ ਦਿਓ।

# 'ਸਵੱਛ ਭਾਰਤ ਮਿਸ਼ਨ ਤਹਿਤ ਸਵੱਛਤਾ ਹੀ ਸੇਵਾ ਪੰਦਰਵਾੜਾ'; ਡਿਪਟੀ ਕਮਿਸ਼ਨਰ ਵੱਲੋਂ ਐਮ.ਆਰ.ਐਫ., ਕੂੜੇ ਦੇ ਡੰਪ ਤੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਜਾਇਜ਼ਾ

**ਪਟਿਆਲਾ, 21 ਸਤੰਬਰ**
**-ਅਮਰਜੀਤ ਸਿੰਘ ਲਾਂਬਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇ ਸਵੱਛ ਭਾਰਤ ਮਿਸ਼ਨ ਤਹਿਤ 'ਸਵੱਛਤਾ ਹੀ ਸੇਵਾ' ਦੇ ਚੱਲ ਰਹੇ ਪੰਦਰਵਾੜੇ ਦੌਰਾਨ ਨਗਰ ਨਿਗਮ ਪਟਿਆਲਾ ਦੇ ਐਮ.ਆਰ.ਐਫ. (ਮੈਟੀਰੀਅਲ ਰਿਕਵਰੀ ਫੈਸਿਲਟੀ) ਸੈਂਟਰ ਫੋਕਲ ਪੁਆਇੰਟ, ਜਿੱਥੇ ਗਿੱਲਾ ਅਤੇ ਸੁੱਕਾ ਕੂੜਾ ਵੱਖ-ਵੱਖ ਕੀਤਾ ਜਾਂਦਾ ਹੈ ਦਾ ਦੌਰਾ ਕੀਤਾ। ਇਸੇ ਦੌਰਾਨ ਡੀ.ਸੀ. ਨੇ ਸਨੌਰ ਰੋਡ 'ਤੇ ਸਥਿਤ ਕੂੜੇ ਦੇ ਡੰਪ ਦਾ ਵੀ ਜਾਇਜ਼ਾ ਲਿਆ ਅਤੇ ਸੀਵਰੇਜ ਟ੍ਰੀਟਮੈਂਟ ਪਲਾਂਟ ਦਾ ਵੀ ਦੌਰਾ ਕੀਤਾ। ਉਨ੍ਹਾਂ ਦੇ ਨਾਲ ਏ.ਡੀ.ਸੀ. ਸ਼ਹਿਰੀ ਵਿਕਾਸ ਨਵਰੀਤ ਕੌਰ ਸੇਖੋਂ ਅਤੇ ਸੰਯੁਕਤ ਕਮਿਸ਼ਨਰ ਨਗਰ ਨਿਗਮ ਬਬਨਦੀਪ ਸਿੰਘ ਵਾਲੀਆ ਵੀ ਮੌਜੂਦ ਸਨ।



ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਨਿਵਾਸੀਆਂ ਅਤੇ ਖਾਸ ਕਰਕੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਕੂੜਾ ਘਟਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਾਥ ਦੇਣ ਅਤੇ ਇਸ ਲਈ ਕੇਵਲ ਕੁਝ ਕੁ ਗੱਲਾਂ ਦਾ ਧਿਆਨ ਰੱਖਣ, ਜਿਸ ਨਾਲ ਕੂੜੇ ਦਾ ਨਿਪਟਾਰਾ ਸੁਚੱਜੇ ਤੇ ਵਾਤਾਵਰਣ ਪੱਖੀ ਢੰਗ ਨਾਲ ਸਹਿਜੇ ਹੀ ਕੀਤਾ ਜਾ ਸਕੇਗਾ।

ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜੇਕਰ ਹਰ ਨਾਗਰਿਕ ਆਪਣੀ ਜਿੰਮੇਵਾਰੀ ਸਮਝਦੇ ਹੋਏ ਆਪਣੇ ਘਰਾਂ ਵਿੱਚ ਪੈਦਾ ਹੁੰਦੇ ਕੂੜੇ ਨੂੰ ਪਹਿਲਾਂ ਤਾਂ ਘਟਾਵੇ ਅਤੇ ਦੂਜਾ ਇਸ ਨੂੰ 100 ਫੀਸਦੀ ਗਿੱਲਾ ਤੇ ਸੁੱਕਾ ਵੱਖ-ਵੱਖ ਕਰਨਾ ਯਕੀਨੀ ਬਣਾਏ ਅਤੇ ਤੀਸਰੀ ਮਹੱਤਵਪੂਰਨ ਗੱਲ, ਦੁਬਾਰਾ ਵਰਤੀ ਜਾਣ ਵਾਲੀਆਂ ਵਸਤਾਂ ਨੂੰ ਰੀਸਾਇਕਲ ਕਰਨ ਲਈ ਭੇਜੇ ਤਾਂ ਅਸੀਂ ਪਟਿਆਲਾ ਨੂੰ ਕੂੜਾ ਮੁਕਤ ਕਰਕੇ ਹਰਿਆ-ਭਰਿਆ ਤੇ ਸਾਫ਼-ਸੁੱਥਰਾ ਬਣਾ ਸਕਦੇ ਹਾਂ। ਉਨ੍ਹਾਂ ਨੇ ਲੋਕਾਂ ਨੂੰ ਬੂਟੇ ਲਾਉਣ ਲਈ ਵੀ ਪ੍ਰੇਰਿਤ ਕੀਤਾ।

ਪ੍ਰੀਤੀ ਯਾਦਵ ਨੇ ਨਗਰ ਨਿਗਮ ਨੂੰ ਇੱਥੇ ਫੋਕਲ ਪੁਆਇੰਟ ਵਿਖੇ 10 ਟਨ ਪ੍ਰਤੀ ਦਿਨ ਸਮਰੱਥਾ ਵਾਲੇ ਮੈਟੀਰੀਅਲ ਤੇ ਰਿਕਵਰੀ ਫੈਸਿਲਟੀ ਤੇ ਪਲਾਸਟਿਕ ਰੀਸਾਇਕਲਿੰਗ ਫੈਸਿਲਟੀ ਦਾ ਪੂਰਾ ਲਾਭ ਲੈਣ ਲਈ ਆਖਿਆ। ਉਨ੍ਹਾਂ ਕਿਹਾ ਕਿ ਕੌਮੀ ਗਰੀਨ ਟ੍ਰਿਬਿਊਨਲ ਦੀਆਂ ਹਦਾਇਤਾਂ ਮੁਤਾਬਕ ਸ਼ਹਿਰ ਵਿੱਚੋਂ ਗਿੱਲਾ ਤੇ ਸੁੱਕਾ ਕੂੜਾ 100 ਫੀਸਦੀ ਵੱਖੋ-ਵੱਖ ਕਰਕੇ ਹੀ ਇਕੱਠਾ ਕੀਤਾ ਜਾਵੇ ਤਾਂ ਕਿ ਕੂੜੇ ਦੇ ਢੇਰ ਨਾ ਲੱਗਣ। ਉਨ੍ਹਾਂ ਕਿਹਾ ਕਿ ਐਮ.ਆਰ.ਐਫ. ਨੂੰ ਹੋਰ ਸੁਚਾਰੂ ਢੰਗ ਨਾਲ ਚਲਾਇਆ ਜਾਵੇ ਤਾਂ ਕਿ ਸ਼ਹਿਰ ਦਾ ਸਾਰਾ ਕੂੜਾ ਹੀ ਇੱਥੇ ਆਵੇ ਤੇ ਕੂੜੇ ਦਾ ਵਾਤਾਵਰਣ ਪੱਖੀ ਢੰਗ ਨਾਲ ਸਹੀ ਨਿਪਟਾਰਾ ਕੀਤਾ ਜਾ ਸਕੇ।

ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਨੇ ਸਨੌਰ ਰੋਡ 'ਤੇ ਡੰਪ ਸਾਇਟ ਦਾ ਦੌਰਾ ਕੀਤਾ, ਜਿਥੇ ਉਨ੍ਹਾਂ ਨੇ ਨਗਰ ਨਿਗਮ ਨੂੰ ਹਦਾਇਤ ਕੀਤੀ ਕਿ ਕੂੜੇ ਦੇ ਇਸ ਢੇਰ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ। ਪ੍ਰੀਤੀ ਯਾਦਵ ਨੇ ਐਸ.ਟੀ.ਪੀ. ਰਾਹੀਂ ਟ੍ਰੀਟ ਕੀਤੇ ਜਾ ਰਹੇ ਸੀਵਰੇਜ ਦੇ ਪਾਣੀ ਦਾ ਸੈਂਪਲ ਚੈਕ ਕੀਤਾ ਅਤੇ ਇਸ ਨੂੰ ਸਾਫ਼ ਕੀਤੇ ਜਾਣ 'ਤੇ ਤਸੱਲੀ ਦਾ ਪ੍ਰਗਟਾਵਾ ਕੀਤਾ।

ਇਸ ਮੌਕੇ ਨਗਰ ਨਿਗਮ ਦੇ ਨਿਗਰਾਨ ਇੰਜੀਨੀਅਰ ਹਰਕਿਰਨ ਸਿੰਘ, ਚੀਫ਼ ਸੈਨੇਟਰੀ ਇੰਸਪੈਕਟਰ ਸੰਜੀਵ ਕੁਮਾਰ ਤੇ ਹੋਰ ਅਧਿਕਾਰੀ ਮੌਜੂਦ ਸਨ।

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੀਆਂ ਚੋਣਾਂ ਲਈ ਵੋਟਾਂ ਬਣਵਾਉਣ ਦੀ ਤਾਰੀਖ 'ਚ ਵਾਧਾ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਚੀਫ ਕਮਿਸ਼ਨਰ ਗੁਰਦੁਆਰਾ ਚੋਣਾਂ, ਚੰਡੀਗੜ੍ਹ ਦੀ ਹਦਾਇਤ ਅਨੁਸਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਬੋਰਡ ਦੀਆਂ ਚੋਣਾਂ ਦੇ ਲਈ ਜ਼ਿਲ੍ਹਾ ਪਟਿਆਲਾ ਵਿੱਚ ਯੋਗ ਵੋਟਰਾਂ ਦੀ ਰਜਿਸਟਰੇਸ਼ਨ ਦਾ ਕੰਮ ਜਾਰੀ ਹੈ। ਕਮਿਸ਼ਨ ਵੱਲੋਂ ਵੋਟਾਂ ਬਣਵਾਉਣ ਦੀਆਂ ਤਾਰੀਖਾਂ ਵਿੱਚ ਵਾਧਾ ਕਰਦਿਆਂ ਹੁਣ ਵੋਟ ਬਣਾਉਣ ਦੀ ਰਜਿਸਟਰੇਸ਼ਨ 31 ਅਕਤੂਬਰ 2024 ਤੱਕ ਕਰ ਦਿੱਤੀ ਗਈ ਹੈ। ਫਾਈਨਲ ਵੋਟਰ ਸੂਚੀ ਦੀ ਤਿਆਰੀ ਦੇ ਸਬੰਧ ਵਿੱਚ ਕੇਸਾਧਾਰੀ ਵਿਅਕਤੀ ਇਸ ਮਿਤੀ ਤੱਕ ਫਾਰਮ ਨੰਬਰ-1 ਭਰ ਸਕਦੇ ਹਨ।

ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ -ਕਮ- ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਨੇ ਸਾਂਝੀ ਕੀਤੀ। ਉਹਨਾਂ ਅਪੀਲ ਕੀਤੀ ਕਿ ਵੱਧ ਤੋਂ ਵੱਧ ਲੋਕ ਫਾਰਮ ਨੰ.1 ਕੇਸਾਧਾਰੀ ਭਰ ਕੇ ਸਬੰਧਤ ਪਟਵਾਰੀ, ਬੀ.ਐਲ.ਓਜ, ਐੱਸ ਡੀ ਐੱਮ ਦਫ਼ਤਰ ਜਾਂ ਫਿਰ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਜਮ੍ਹਾਂ ਕਰਵਾਉਣ। ਵਧੇਰੇ ਜਾਣਕਾਰੀ ਲਈ ਸਬੰਧਤ ਤਹਿਸੀਲਦਾਰ ਅਤੇ ਐਸ ਡੀ ਐਮ ਦਫ਼ਤਰਾਂ ਨਾਲ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਇਹਨਾਂ ਫਾਰਮਾਂ ਦੇ ਨਾਲ ਇੱਕ ਪਾਸਪੋਰਟ ਸਾਈਜ ਫੋਟੋ ਦੇ ਨਾਲ ਰਿਹਾਇਸ਼ ਦੇ ਸਬੂਤ ਵਜੋਂ ਆਧਾਰ ਕਾਰਡ, ਵੋਟਰ ਕਾਰਡ, ਡਰਾਇਵਿੰਗ ਲਾਇਸੈਂਸ, ਪਾਸਪੋਰਟ, ਨਰੇਗਾ ਕਾਰਡ, ਬੈਂਕ ਪਾਸਬੁੱਕ, ਪੈਨ ਕਾਰਡ ਆਦਿ ਪਰੂਫ ਦੀ ਕਾਪੀ ਲਗਾਈ ਜਾ ਸਕਦੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵੋਟ ਬਣਾਉਣ ਵਾਲੇ ਵਿਅਕਤੀ ਦੀ ਉਮਰ ਘੱਟ ਤੋਂ ਘੱਟ 21 ਸਾਲ ਹੋਣੀ ਚਾਹੀਦੀ ਹੈ ਅਤੇ ਉਸਦੀ ਆਸਥਾ ਸਿੱਖ ਧਰਮ ਵਿੱਚ ਹੋਣੀ ਚਾਹੀਦੀ ਹੈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਮੰਨਣ ਵਾਲਾ ਹੀ ਵੋਟ ਬਣਾ ਸਕਦਾ ਹੈ।

# ਕਿਸ਼ੋਰ ਕੁਮਾਰ ਫੈਂਸ ਐਂਡ ਚੇਰੀਟੇਬਲ ਕਲੱਬ ਵੱਲੋਂ ਸਿੰਗਿੰਗ ਮੁਕਾਬਲੇ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਕਿਸ਼ੋਰ ਕੁਮਾਰ ਫੈਂਸ ਐਂਡ ਚੈਰੀਟੇਬਲ ਕਲੱਬ, ਸਰਹਿੰਦ ਵੱਲੋਂ ਹਾਲ ਕਿਆ ਹੈ, ਦਿਲੋਂ ਕਾ ਨਾ ਪੁਛੋ ਸਨਮ, ਬੈਨਰ ਹੇਠ ਟੈਗੋਰ ਥੀਏਟਰ, ਚੰਡੀਗੜ੍ਹ, ਵਿਖੇ ਸਿੰਗਿੰਗ ਕੰਪੀਟੀਸ਼ਨ ਕਰਵਾਇਆ ਗਿਆ । ਕਲੱਬ ਦੇ ਸਰਪ੍ਰਸਤ ਸ੍ਰ: ਬਲਜੀਤ ਸਿੰਘ ਅਤੇ ਪ੍ਰੈਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ ਨੇ ਦੱਸਿਆ ਕਿ ਇਸ ਕੰਪੀਟੀਸ਼ਨ ਵਿੱਚ ਭਾਗ ਲੈਣ ਲਈ ਆਏ ਗਾਇਕਾਂ ਦਾ ਪਹਿਲਾਂ ਸਰਹਿੰਦ ਵਿਖੇ ਸਥਿਤ ਕਲੱਬ ਦੇ ਦਫਤਰ ਵਿੱਚ ਅਡੀਸ਼ਨ ਲਿਆ ਗਿਆ ਸੀ, ਇਸ ਵਿੱਚ 100 ਦੇ ਕਰੀਬ ਗਾਇਕ ਕਲਾਕਾਰਾਂ ਨੇ ਭਾਗ ਲਿਆ । ਅਡੀਸ਼ਨ ਵਿੱਚ ਬੇਹਤਰ ਗਾਇਕਾਂ ਨੂੰ ਕੰਪੀਟੀਸ਼ਨ ਵਿੱਚ ਗੀਤ ਗਾਉਣ ਦਾ ਮੌਕਾ ਮਿਲਿਆ । ਜਿਨਾਂ ਦੀ ਗਾਇਕੀ ਨੂੰ ਪਰਖਣ ਲਈ ਆਏ ਸ੍ਰੀ: ਰਾਕੇਸ਼ ਅਰੌੜਾ, ਪੂਨਮ ਰਾਜਪੂਤ ਅਤੇ ਲਾਇਕਾ ਭਾਟੀਆ ਸੰਗੀਤ ਦੇ ਮਾਹਿਰਾਂ ਵੱਲੋਂ ਚੁਣਿਆ ਗਿਆ । ਸ੍ਰੀ ਮਤੀ ਅੰਜਲੀ ਵਧਾਵਨ ਮੁੱਖ ਮਹਿਮਾਨ ਅਤੇ ਸ੍ਰੀ ਮਨਮੋਹਨ ਸ਼ਰਮਾ, ਕਰਨਲ ਜਸਵਿੰਦਰ, ਜਗਦੀਪ ਟਾਂਡਾ, ਦੀਪਕ, ਬੀ.ਡੀ.ਸ਼ਰਮਾ ਪ੍ਰੋਗਰਾਮ ਵਿੱਚ ਗੈਸਟ ਆਫ ਆਨਰ ਰਹੇ । ਜਿਸ ਵਿੱਚੋਂ ਜੂਨੀਅਰ ਕੈਟਾਗਰੀ ਵਿੱਚੋਂ ਨੈਨਸੀ ਨੇ ਪਹਿਲਾ ਸਥਾਨ, ਅਨਨੀਆ ਨੇ ਦੂਜਾ ਸਥਾਨ, ਰੋਸ਼ਨ/ਵਾਨੀਸ਼ਿਰੀ ਨੇ ਤੀਜਾ ਸਥਾਨ ਅਤੇ ਸੀਨੀਅਰ ਕੈਟਾਗਰੀ ਵਿੱਚੋਂ ਦੇਵਆਂਸੀ ਨੇ ਪਹਿਲਾ ਸਥਾਨ, ਪੂਨਮ ਡੋਗਰਾ ਨੇ ਦੂਜਾ ਸਥਾਨ, ਸ਼ੁਭਾਗਨੀ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਟ੍ਰੋਫੀ ਦੇ ਨਾਲ ਨਾਲ ਨਗਦ ਇਨਾਮ ਵੀ ਜਿੱਤੇ । ਕੰਪੀਟੀਸ਼ਨ ਤੋਂ ਇਲਾਵਾ ਕਲੱਬ ਦੇ ਪ੍ਰਧਾਨ ਸ੍ਰੀ: ਬਲਜੀਤ ਸਿੰਘ ਨੇ ਹਾਲ ਕਿਆ ਹੈ ਦਿਲੋਂ ਕਾ ਨਾ ਪੁਛੋਂ ਸਨਮ, ਜਗਦੀਸ਼ ਅਰੌੜਾ ਰਫਤਾ ਰਫਤਾ ਆਂਖ ਮੇਰੀ ਲੜੀ ਅਰਵਿੰਦਰ ਕੌਰ ਅਤੇ ਦਿਲਜੀਤ ਠਕੁਰਾਲ ਕਹਿ ਦੂੰ ਤੁਮਹੇਂ ਯਾ ਚੁੱਪ ਰਹੂੰ, ਪਰਮਿੰਦਰ ਸਿੰਘ ਵੱਲੋਂ ਮੁਝੇ ਨੌ ਲੱਖਾ ਪਹਨਾ ਦੇ ਰੇ, ਜਗਦੀਪ ਟਾਂਡਾ ਵੱਲੋਂ ਜਿੰਦਗੀ ਕੇ ਸਫਰ ਮੇਂ, ਉਮੇਸ਼ ਕੋਸਲ ਮੈਂ ਬਨ ਫੂਲ, ਮਿਊਜਿਕ ਅਰੇਂਜਰ ਡਾ. ਅਰੂਨ ਕਾਂਤ ਵੱਲੋਂ ਪਿਆਰ ਦਿਵਾਨਾ ਹੋਤਾ ਹੈ, ਵਰਿੰਦਰ ਧੀਮਾਨ ਅਤੇ ਸਪਨਾ ਵੱਲੋਂ ਆਜ ਮਦਹੋਸ਼ ਹੁਆ ਜਾਏ ਰੇ, ਅਮਿਤ ਸਹਿਗਲ ਅਤੇ ਕੀਰਤੀ ਸਿਆਨ ਵੱਲੋਂ ਜੈ ਜੈ ਸ਼ਿਵ ਸੰਕਰ, ਡਾ. ਮਵੀ ਅਤੇ ਡਾ. ਪ੍ਰਗਿਆ ਵੱਲੋਂ ਛੋੜ ਦੋ ਆਂਚਲ, ਰਾਜੀਵ ਅਤੇ ਬੱਬਲ ਵੱਲੋਂ ਤੂੰ ਪਿਆਰ ਤੂੰ ਪ੍ਰੀਤ, ਮਦੂਸੁਧਨ ਅਤੇ ਰਾਜੇਸ਼ ਕਪਿਲ ਵੱਲੋਂ ਏ ਯਾਰ ਤੇਰੀ ਯਾਰੀ, ਗਾਏ ਗੀਤਾਂ ਨੇ ਆਏ ਸਰੋਤਿਆਂ ਨੂੰ ਦੇਰ ਰਾਤ ਤੱਕ ਚਲੇ ਇਸ ਪ੍ਰੋਗਰਾਮ ਵਿੱਚ ਬੈਠਣ ਤੇ ਮਜਬੂਰ ਕਰ ਦਿੱਤਾ। ਸੰਗੀਤ ਦੀਆਂ ਧੁੰਨਾਂ ਡਾ. ਅਰੂਨ ਅਤੇ ਉਨਾਂ ਦੀ ਟੀਮ ਵੱਲੋਂ ਬੜੀ ਖੂਬਸੂਰਤੀ ਨਾਲ ਦਿੱਤੀਆਂ ਗਈਆਂ । ਕਲੱਬ ਦੇ ਪ੍ਰਧਾਨ ਸ੍ਰੀ ਬਲਜੀਤ ਵੱਲੋਂ ਆਏ ਸਰੋਤਿਆਂ ਦਾ ਧੰਨਵਾਦ ਕਰਦਿਆਂ ਕਿਹਾ ਗਿਆ ਕਿ ਅਜਿਹੇ ਪ੍ਰੋਗਰਾਮ ਕਲੱਬ ਵੱਲੋਂ ਹਰ ਸਾਲ ਕਰਵਾਏ ਜਾਣਗੇ । ਸਟੇਜ ਸੈਕਟਰੀ ਦੀ ਭੂਮਿਕਾ ਪ੍ਰਿਯੰਕਾ ਵੱਲੋਂ ਨਿਭਾਈ ਗਈ । ਸਰਹਿੰਦ ਤੋਂ ਹਰਪਾਲ ਸੋਢੀ, ਵਿਨੋਦ ਵਸ਼ਿਸਟ, ਸਿਮਰਨ, ਵਰੁਨ, ਨੀਰਜ ਗੌਤਮ, ਸ਼ਰਨਦੀਪ, ਬਸੀ ਤੋਂ ਪਰਮਿੰਦਰ ਸਿੰਘ ਪਟਿਆਲਾ ਤੋਂ ਪਵਨ ਕਾਲੀਆ, ਸੁਨੀਤਾ ਕਾਲੀਆ, ਅਸ਼ੋਕ ਅਰੌੜਾ ਚੰਡੀਗੜ੍ਹ ਤੋਂ ਰਾਮਪਾਲ ਯੋਦਵ ਵਿਸ਼ੇਸ਼ ਤੌਰ ਤੇ ਪਹੁੰਚੇ ।

# ਸ੍ਰੀ ਗਣੇਸ਼ ਸੇਵਾ ਸੰਮਤੀ ਵੱਲੋਂ ਸਹਿਯੋਗ ਦੇਣ ਵਾਲੀਆ ਸ਼ਖ਼ਸ਼ੀਅਤਾਂ ਦਾ ਸਨਮਾਨ



**ਮਲੇਰਕੋਟਲਾ, 21 ਸਤੰਬਰ**
**-ਬਲਜੀਤ ਸਿੰਘ ਹੁਸੈਨਪੁਰਾ-**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗਣੇਸ਼ ਸੇਵਾ ਸੰਮਤੀ ਵੱਲੋਂ ਹਰ ਸਾਲ ਦੀ ਤਰਾਂ ਇਸ ਸਾਲ ਵੀ ਸ੍ਰੀ ਗਣੇਸ਼ ਉਤਸਵ ਦਾ ਦਿਹਾੜਾ ਧੂਮਧਾਮ ਨਾਲ ਮਨਾਇਆ ਗਿਆ ਜਿੱਥੇ ਸੰਮਤੀ ਵੱਲੋਂ ਹਰ ਰੋਜ਼ ਰਾਤ 8 ਤੋਂ 10 ਵਜੇ ਤੱਕ ਸ੍ਰੀ ਹਨੁਮਾਨ ਮੰਦਿਰ ਵਿਖੇ ਸ੍ਰੀ ਗਣੇਸ਼ ਦਾ ਗੁਣਗਾਨ ਕੀਤਾ ਗਿਆ ਅਤੇ ਅੱਜ ਗਣੇਸ਼ ਵਿਸਰਜਨ ਵਾਲੇ ਦਿਨ ਆਯੋਜਿਤ ਸਮਾਗਮ ਦੌਰਾਨ ਸਹਿਯੋਗ ਦੇਣ ਵਾਲੀਆਂ ਵੱਖ ਵੱਖ ਸਖ਼ਸ਼ੀਅਤਾਂ ਦਾ ਸਨਮਾਨ ਕੀਤਾ ਗਿਆ। ਇਸ ਸਮੇਂ ਜਾਣਕਾਰੀ ਦਿੰਦਿਆਂ ਸੰਮਤੀ ਦੇ ਪ੍ਰਧਾਨ ਸੈਮੀ ਜਿੰਦਲ ਨੇ ਦੱਸਿਆ ਕਿ ਸੰਮਤੀ ਵੱਲੋਂ ਸੰਮਤੀ ਦੇ ਮੈਂਬਰਾਂ ਅਤੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਸਦਕਾ ਸ੍ਰੀ ਹਨੁਮਾਰ ਮੰਦਿਰ ਵਿਖੇ ਸ੍ਰੀ ਗਣੇਸ਼ ਉਤਸਵ ਨੂੰ ਸਮਰਪਿਤ ਸਮਾਗਮ ਕਰਵਾਇਆ ਜਾਂਦਾ ਹੈ ਅਤੇ ਗਣੇਸ਼ ਵਿਸਰਜਨ ਵਾਲੇ ਦਿਨ ਸ਼ੋਭਾ ਯਾਤਰਾ ਵੀ ਕੱਢੀ ਜਾਂਦੀ ਹੈ ਜਿਸ ਵਿੱਚ ਵੱਡੀ ਗਿਣਤੀ 'ਚ ਸ਼ਹਿਰ ਨਿਵਾਸੀ ਭਾਗ ਲੈਂਦੇ ਹਨ ਅਤੇ ਇਸ ਮੌਕੇ ਸਮਾਗਮ ਆਯੋਜਿਤ ਕਰਨ 'ਚ ਸਹਿਯੋਗ ਦੇਣ ਵਾਲੀਆਂ ਸਖ਼ਸ਼ੀਅਤਾਂ ਦਾ ਸਨਮਾਨ ਕੀਤਾ ਜਾਂਦਾ ਹੈ ਇਸੇ ਤਰਾਂ ਅੱਜ ਵੀ ਆਯੋਜਿਤ ਸਮਾਗਮ ਦੌਰਾਨ ਸਖ਼ਸ਼ੀਅਤਾਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ 'ਤੇ ਸੰਮਤੀ ਦੇ ਜਤਿੰਦਰ ਜੋਸ਼ੀ, ਸੁਭਾਸ਼ ਸ਼ਰਮਾ, ਆਦੀਸ਼ ਧੀਮਾਨ, ਅਜੈ ਸ਼ਰਮਾ, ਸੰਜੇ ਛਾਬੜਾ, ਅਮਿਤ ਮਟਕਨ, ਰਾਹੁਲ ਜੈਨ, ਵਿਨੈ ਜੈਨ, ਰਿਸ਼ਵ ਅਨੇਜਾ ਆਦਿ ਹਾਜ਼ਰ ਸਨ। ਸੰਮਤੀ ਵੱਲੋਂ 10 ਦਿਨ ਤੱਕ ਚੱਲਣ ਵਾਲੇ ਸਮਾਗਮ ਦੌਰਾਨ ਲੰਗਰ ਦਾ ਖਾਸ ਪ੍ਰਬੰਧ ਕੀਤਾ ਗਿਆ।

# ਲਾਇਨ ਕਲੱਬ ਸ੍ਰੀ ਅਨੰਦਪੁਰ ਸਾਹਿਬ ਵਲੋਂ 20 ਸਤੰਬਰ ਨੂੰ ਲਗਾਇਆ ਜਾਵੇਗਾ ਖੂਨਦਾਨ ਕੈਂਪ

**ਸ੍ਰੀ ਅਨੰਦਪੁਰ ਸਾਹਿਬ, 21 ਸਤੰਬਰ**
**-ਸਚਿਨ ਸੋਨੀ/ਰਾਜੂ ਧੀਮਾਨ-**
**-ਕੌਮੀ ਪੱਤ੍ਰਿਕਾ ਬਿਊਰੋ-**



ਲਾਇਨ ਕਲੱਬ ਸ੍ਰੀ ਅਨੰਦਪੁਰ ਸਾਹਿਬ ਦੀ ਮੀਟਿੰਗ ਸਥਾਨਕ ਹੋਟਲ ਸਤਲੁਜ ਵਿਖੇ ਕਲੱਬ ਦੇ ਪ੍ਰਧਾਨ ਰਾਜਵਿੰਦਰ ਸਿੰਘ ਸੋਡੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪੀ ਆਰ ਓ ਇੰਦਰਜੀਤ ਸਿੰਘ ਅਰੋੜਾ ਨੇ ਦੱਸਿਆ ਕਿ ਹਰ ਸਾਲ ਭਾਈ ਕਨ੍ਹਈਆ ਜੀ ਦੀ ਬਰਸੀ ਮੌਕੇ ਕਲੱਬ ਵੱਲੋਂ ਲਗਾਏ ਜਾਂਦੇ ਖੂਨਦਾਨ ਕੈਂਪ ਸਬੰਧੀ ਮਤਾ ਪਾਸ ਕੀਤਾ ਕਿ 20 ਸਤੰਬਰ ਦਿਨ ਸ਼ੁਕਰਵਾਰ ਨੂੰ ਡੇਰਾ ਭਾਈ ਘਨਈਆ ਜੀ ਨੇੜੇ ਰੇਲਵੇ ਸਟੇਸ਼ਨ ਵਿਖੇ ਸਵੇਰੇ 8 ਵਜੇ ਤੋਂ ਦੁਪਹਿਰ 2 ਵਜੇ ਤੱਕ ਖੂਨਦਾਨ ਕੈਂਪ ਆਯੋਜਿਤ ਕੀਤਾ ਜਾਵੇਗਾ।ਜਿਸ ਲਈ ਪ੍ਰੋਜੈਕਟ ਚੈਅਰਮੈਨ ਭੁਪਿੰਦਰਪਾਲ ਸਿੰਘ ਤਲਵਾੜ ਨੂੰ ਨਿਯੁਕਤ ਕੀਤਾ ਗਿਆ ਕਲੱਬ ਸੈਕਟਰੀ ਸੰਜੇ ਮਹਾਜਨ ਜੀ ਵੱਲੋਂ ਦੱਸਿਆ ਗਿਆ ਬੱਸ ਸਟੈਂਡ ਤੇ ਸਵਾਰੀਆਂ ਦੀ ਸਹੂਲਤ ਲਈ ਕਲੱਬ ਵੱਲੋਂ ਬਣਾਏ ਗਏ ਸੈਂਡ ਦੀ ਰਿਪੇਅਰ ਕਰਵਾਉਣ ਦਾ ਜੋ ਕੰਮ ਚੱਲ ਰਿਹਾ ਸੀ ਮੁਕੰਮਲ ਹੋ ਗਿਆ ਹੈ ,ਇਸ ਪ੍ਰੋਜੈਕਟ ਨੂੰ ਨੇਪਰੇ ਚਾੜ੍ਹਨ ਲਈ ਇਸ ਪ੍ਰੋਜੈਕਟ ਦੇ ਚੈਅਰਮੈਨ ਕੁਲਦੀਪ ਸਿੰਘ ਭੱਠੇ ਵਾਲਿਆ ਵੱਲੋਂ ਪਾਏ ਗਏ ਵਿਸ਼ੇਸ਼ ਯੋਗਦਾਨ ਲਈ ਉਘੇ ਸਮਾਜ ਸੇਵੀ ਲਇਨ ਕੁਲਦੀਪ ਸਿੰਘ ਭ ?ਠੇ ਵਾਲਿਆਂ ਦਾ ਕਲੱਬ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਨਵੇਂ ਬਣੇ ਮੈਂਬਰ ਵਿਸ਼ਾਲ ਮਹਿਰਾਂ ਨੂੰ ਇੰਟਰਨੈਸ਼ਨਲ ਪਿੰਨ ਲਾ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਕਲੱਬ ਪ੍ਰਧਾਨ ਰਾਜਵਿੰਦਰ ਸਿੰਘ ਸੋਢੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਕਲੱਬ ਵੱਲੋਂ ਹੋਰ ਸਰਗਰਮੀਆਂ ਵਧਾਉਣ ਅਤੇ ਸਮਾਜ ਭਲਾਈ ਦੇ ਕੰਮਾਂ ਲਈ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਕੈਸ਼ੀਅਰ ਸੁਖਵਿੰਦਰ ਸਿੰਘ ਬਿੱਟੂ ਵੱਲੋਂ ਆਏ ਹੋਏ ਸਮੂਹ ਮੈਂਬਰ ਸਾਹਿਬਾਨ ਦਾ ਧੰਨਵਾਦ ਕੀਤਾ ਗਿਆ ਮੀਟਿੰਗ ਵਿੱਚ ਉਪਰੋਕਤ ਤੋਂ ਬਿਨਾਂ ਲਾਇਨ ਦਵਿੰਦਰ ਕੌਸ਼ਲ, ਲਾਇਨ ਵਿਜੇ ਸੋਢੀ, ਲਾਇਨ ਅਰਸਵਿੰਦਰ ਸਿੰਘ ਛੱਬਲੀ, ਲਾਇਨ ਤਜਿੰਦਰ ਸਿੰਘ ਚੰਨ, ਲਾਇਨ ਪ੍ਰੀਤਮਪਾਲ ਸਿੰਘ ਫੁੱਲ, ਲਾਇਨ ਅਵਤਾਰ ਸਿੰਘ ਬੈਗਾਂ ਵਾਲੇ ਲਾਇਨ ਮਹੇਸ਼ ਕੁਮਾਰ, ਲਾਇਨ ਹਰਸਿਮਰਨ ਸਿੰਘ ਸਫੀ , ਲਾਇਨ ਹਰਚਰਨ ਸਿੰਘ ਬੇਦੀ, ਲਾਇਨ ਅਮਰਿੰਦਰ ਸਿੰਘ ਚੀਮਾ, ਲਾਇਨ ਜਪਨਜੋਤ ਸਿੰਘ ਸੈਫੀ, ਲਾਇਨ ਐਡਵੋਕੇਟ ਵਿਸ਼ਾਲ ਮਹਿਰਾ,ਸਮੇਤ ਕਲੱਬ ਮੈਂਬਰ ਹਾਜ਼ਰ ਸਨ।

## ਸਵੱਛ ਭਾਰਤ ਮਿਸ਼ਨ ਤਹਿਤ ਅਰਬਨ ਅਸਟੇਟ 'ਚ ਸਫ਼ਾਈ ਮੁਹਿੰਮ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਵੱਛ ਭਾਰਤ ਮਿਸ਼ਨ ਤਹਿਤ ਚੱਲ ਰਹੀ ਸਵੱਛਤਾ ਹੀ ਸੇਵਾ ਮੁਹਿੰਮ ਅਧੀਨ ਅਰਬਨ ਅਸਟੇਟ ਵਿਖੇ ਪੀ.ਡੀ.ਏ. ਵੱਲੋਂ ਮੁੱਖ ਪ੍ਰਸ਼ਾਸਕ ਮਨੀਸ਼ਾ ਰਾਣਾ ਦੀ ਅਗਵਾਈ ਹੇਠ ਸਫ਼ਾਈ ਕੀਤੀ ਗਈ। ਵਧੀਕ ਮੁੱਖ ਪ੍ਰਸ਼ਾਸਕ ਜਸ਼ਨਪ੍ਰੀਤ ਕੌਰ ਗਿੱਲ ਨੇ ਦੱਸਿਆ ਕਿ ਪੀ.ਡੀ.ਏ. ਨੇ ਅਰਬਨ ਅਸਟੇਟ ਦੇ ਵੱਖ-ਵੱਖ ਇਲਾਕਿਆਂ ਵਿੱਚ ਸੜਕਾਂ ਤੇ ਆਲੇ ਦੁਆਲੇ ਦੀ ਸਫ਼ਾਈ ਕਰਵਾਈ ਹੈ। ਉਨ੍ਹਾਂ ਕਿਹਾ ਕਿ ਸੜਕਾਂ ਦੇ ਨਾਲ-ਨਾਲ ਪਾਰਕਾਂ ਦੀ ਵੀ ਸਫ਼ਾਈ ਕੀਤੀ ਜਾ ਰਹੀ ਹੈ, ਇਲਾਕੇ ਵਿੱਚੋਂ ਘਾਹ ਕੱਟਣ ਦੇ ਨਾਲ-ਨਾਲ ਹੋਰ ਵੀ ਕੂੜਾ ਕਰਕਟ ਚੁੱਕਿਆ ਜਾ ਰਿਹਾ ਹੈ।

# ਸੀਪੀਡਬਲਿਊਡੀ ਜੇਈ ਐਸੋਸੀਏਸ਼ਨ ਦੁਆਰਾ ਕੇਂਦਰੀ ਸਦਨ ਵਿੱਚ ਖ਼ੂਨਦਾਨ ਕੈਂਪ ਆਯੋਜਿਤ

**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**




ਕੇਂਦਰੀ ਲੋਕ ਨਿਰਮਾਣ ਵਿਭਾਗ, ਇੰਜੀਨੀਅਰਸ ਐਸੋਸੀਏਸ਼ਨ ਇੰਡੀਆ, ਚੰਡੀਗੜ੍ਹ ਬ੍ਰਾਂਚ ਦੁਆਰਾ ਕੇਂਦਰੀ ਸਦਨ, ਸੈਕਟਰ 9ਏ, ਚੰਡੀਗੜ੍ਹ ਵਿੱਚ 28ਵਾਂ ਖ਼ੂਨਦਾਨ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਵਿੱਚ ਪੀਜੀਆਈ ਚੰਡੀਗੜ੍ਹ ਦੇ ਡਾ. ਦਿਵਜੋਤ ਸਿੰਘ ਲਾਂਬਾ ਦੀ ਟੀਮ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਕੇਂਦਰੀ ਲੋਕ ਨਿਰਮਾਣ ਵਿਭਾਗ, ਚੰਡੀਗੜ੍ਹ ਦੇ ਚੀਫ ਇੰਜੀਨੀਅਰ ਸ਼੍ਰੀ ਰਾਜੀਵ ਸ਼ਰਮਾ ਨੇ ਇਸ ਕੈਂਪ ਦਾ ਉਦਘਾਟਨ ਕੀਤਾ। ਇਸ ਮੌਕੇ ਭਾਰਤ ਰਤਨ ਨਾਲ ਸਨਮਾਨਿਤ ਸਰ ਐਮ ਵਿਸਵੇਸਵਰੈਯਾ ਨੂੰ ਯਾਦ ਕੀਤਾ ਅਤੇ ਸ਼ਰਧਾਂਜਲੀ ਭੇਂਟ ਕੀਤੀ। ਇੰਜੀਨੀਅਰਸ ਐਸੋਸੀਏਸ਼ਨ ਇੰਡੀਆ, ਚੰਡੀਗੜ੍ਹ ਦੇ ਪ੍ਰੈਜ਼ੀਡੈਂਟ ਸ਼੍ਰੀ ਰੋਹਿਤ ਕੁਮਾਰ ਨੇ ਦੱਸਿਆ ਕਿ ਖ਼ੂਨਦਾਨ ਨਾਲ ਤੁਸੀਂ ਨਾ ਸਿਰਫ਼ ਕਿਸੇ ਦੀ ਜ਼ਿੰਦਗੀ ਬਚਾ ਸਕਦੇ ਹੋ, ਬਲਕਿ ਖ਼ੂਨਦਾਨ ਕਰਨ ਨਾਲ ਖੁਦ ਨੂੰ ਵੀ ਤੰਦਰੁਸਤ ਰੱਖਣ ਵਿੱਚ ਸਹਾਇਤਾ ਮਿਲਦੀ ਹੈ। ਸਕੱਤਰ ਤ੍ਰਿਪਤੀ ਰੰਜਨ ਅਤੇ ਕੇਤਨ ਚੌਧਰੀ ਨੇ ਸਾਰੇ ਖ਼ੂਨਦਾਨ ਕਰਤਾਵਾਂ ਅਤੇ ਡਾਕਟਰਾਂ ਦੀ ਟੀਮ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਬਲੱਡ ਡੋਨੇਸ਼ਨ ਕੈਂਪ ਵਿੱਚ ਸੀਪੀਡਬਲਿਊਡੀ, ਕੇਂਦਰੀ ਸਦਨ ਅਤੇ ਆਲੇ-ਦੁਆਲੇ ਦੇ ਭਵਨਾਂ ਦੇ ਵਿਭਿੰਨ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਹਿੱਸਾ ਲਿਆ। ਉਨ੍ਹਾਂ ਨੇ ਦੱਸਿਆ ਕਿ ਕੈਂਪ ਵਿੱਚ ਪਿਛਲੇ ਸਾਲ 177 ਯੂਨਿਟ ਦੇ ਮੁਕਾਬਲੇ ਇਸ ਸਾਲ 182 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ।

# ਸਿਹਤ ਮੰਤਰੀ ਵਿਰੁੱਧ ਮੁਲਾਜ਼ਮ 26 ਸਤੰਬਰ ਨੂੰ ਪਟਿਆਲਾ ਵਿਖੇ ਕਰਨਗੇ ਰੈਲੀ ਅਤੇ ਮੁਜਾਹਰਾ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1680) ਨਾਲ ਸਬੰਧਤ ਸਿਹਤ ਵਿਭਾਗ ਵਿਚਲਿਆ ਜਥੇਬੰਦੀਆਂ ਵਲੋਂ ਸਿਹਤ ਮੰਤਰੀ ਵਲੋਂ ਮੰਗਾਂ ਦੀ ਅਣਦੇਖੀ ਕਰਨ ਤੇ ਸਿਆਸੀ ਅਧਾਰ ਤੇ ਬਦਲੀਆਂ ਕਰਨ ਵਿਰੁੱਧ 26 ਸਤੰਬਰ ਨੂੰ ਪਟਿਆਲਾ ਵਿਖੇ ਸ੍ਰੀ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਸਾਹਮਣੇ ਪੁੱਡਾ ਗਰਾਊਂਡ ਵਿੱਚ ਇਕੱਤਰ ਹੋ ਕੇ ਜ਼ੋਨਲ ਰੈਲੀ ਕਰਨ ਉਪਰੰਤ ਸਿਹਤ ਮੰਤਰੀ ਦੀ ਨਿਜੀ ਰਿਹਾਇਸ਼ ਵਿਖੇ ਪਹੁੰਚਕੇ ਰੋਸ ਮੁਜਾਹਰਾ ਕਰਨਗੇ।

ਮੁਜਾਹਰਾ ਆਗੂ ਦਰਸ਼ਨ ਸਿੰਘ ਲੁਬਾਣਾ, ਬਲਜਿੰਦਰ ਸਿੰਘ, ਰਾਮ ਕਿਸ਼ਨ ਤੇ ਰਾਮ ਲਾਲ ਰਾਮਾ, ਜਗਮੋਹਨ ਨੌਲੱਖ, ਸਵਰਨ ਸਿੰਘ ਬੰਗਾ ਨੇ ਇੱਥੇ ਇੱਕ ਭਰਵੀਂ ਮੀਟਿੰਗ ਕਰਨ ਉਪਰੰਤ ਕਿਹਾ ਕਿ ਉਹ ਸਿਹਤ ਵਿਭਾਗ ਪਰਿਵਾਰ ਭਲਾਈ, ਖੋਜ਼ ਮੈਡੀਕਲ ਤੇ ਸਿੱਖਿਆ ਵਿਭਾਗ, ਆਯੂਰਵੈਦਿਕ ਵਿਭਾਗ ਨਾਲ ਸਬੰਧਤ ਮੁਲਾਜਮਾਂ ਸਬੰਧੀ ਆਪਣੇ ਮੰਗ ਪੱਤਰ ਸਿਹਤ ਮੰਤਰੀ ਨੂੰ ਮਿਲਕੇ ਦਿੰਦੇ ਆ ਰਹੇ ਹਨ, ਪਰੰਤੂ ਇਹਨਾਂ ਵਲੋਂ ਮੰਗਾਂ ਤੇ ਕੋਈ ਗੱਲਬਾਤ ਕਰਕੇ ਇਹਨਾ ਦਾ ਨਿਪਟਾਰਾ ਨਹੀਂ ਕੀਤਾ ਗਿਆ ਉਲਟਾ ਸਿਆਸੀ ਅਧਾਰਤ ਤੇ ਮੁਲਾਜਮ ਆਗੂਆਂ ਦੀਆਂ ਬਦਲੀਆਂ ਕਰਕੇ ਉਹਨਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਫੈਡਰੇਸ਼ਨ ਦੇ ਸੂਬਾ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ ਨੇ ਕਿਹਾ ਕਿ ਸਿਹਤ ਵਿਭਾਗ ਵਿਚਲੇ ਕੱਚੇ ਮੁਲਾਜਮਾਂ ਦੇ ਠੇਕੇਦਾਰਾਂ ਦੁਆਰਾ ਆਰਥਿਕ ਸ਼ੋਸ਼ਣ ਕੀਤਾ ਜਾ ਰਿਹਾ ਹੈ। ਕਦੇ ਮੁਲਾਜਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਵਿਭਾਗ ਦੇ ਤਿੰਨ ਵਿੰਗਾ ਵਿੱਚ ਵੱਖ-ਵੱਖ ਕੇਟਾਗਰੀਜ਼ ਦੀਆਂ ਹਜਾਰਾ ਅਸਾਮੀਆਂ ਨੂੰ ਭਰਿਆ ਨਹੀਂ ਜਾ ਰਿਹਾ। ਪੰਜਾਬ ਵਿਚਲੇ ਹਸਪਤਾਲਾਂ, ਵਾਅਡਾਂ, ਇਮਾਰਤਾਂ, ਸੜਕਾਂ, ਸਾਜੋ ਸਮਾਨ ਦੀ ਹਾਲਤ ਬਹੁਤ ਹੀ ਖਸਤਾ ਹੋਈ ਪਈ ਹੈ। ਇਹਨਾਂ ਕਿਹਾ ਕਿ ਕੋਵਿਡ ਸਮੇਂ ਹਜਾਰਾ ਕਰੋੜਾਂ ਰੁਪਏ ਦੀਆਂ ਹੈਲਥ ਸਿਸਟਮ ਵਲੋਂ ਖਰੀਦਿਆ ਦਵਾਈਆਂ ਤੇ ਹੋਰ ਸਾਜੋ ਸਮਾਨ ਪੰਜਾਬ ਮੰਡੀ ਬੋਰਡ ਦੇ ਮੋਹਾਲੀ ਵਿਖੇ ਗੁਦਾਮਾਂ ਵਿੱਚ ਪਿਛਲੇ ਚਾਰ ਸਾਲਾਂ ਤੋਂ ਸੜ ਕੇ ਗੱਲ ਰਿਹਾ ਹੈ। ਇਹ ਮਾਮਲਾ ਮੰਤਰੀ ਦੇ ਧਿਆਨ ਵਿੱਚ ਹੋਣ ਦੇ ਬਾਵਜੂਦ ਵੀ ਇਸ ਪਾਸੇ ਵੱਲ ਧਿਆਨ ਨਹੀਂ ਦਿੱਤਾ ਜਾ ਰਿਹਾ। ਵਿਭਾਗੀ ਤਰੱਕੀਆਂ ਖੜੋਤ ਵਿੱਚ ਚੱਲ ਰਹੀਆਂ ਹਨ। ਆਸ਼ਾ ਵਰਕਰ ਨੂੰ ਉਹਨਾਂ ਦੀ ਬਣਦੀ ਉਜਰਤ ਨਹੀਂ ਦਿੱਤੀ ਜਾ ਰਹੀ, ਇਹਨਾਂ ਦਾ ਵੀ ਆਰਥਿਕ ਸ਼ੋਸ਼ਣ ਹੋ ਰਿਹਾ ਹੈ। ਆਯੂਰਵੈਦਿਕ ਵਿਭਾਗ ਨੂੰ ਨਿਜੀ ਹੱਥਾਂ ਵਿੱਚ ਦਿੱਤਾ ਗਿਆ ਹੈ। ਇਸ ਤਰ੍ਹਾਂ ਮੁਲਾਜਮਾਂ ਦੀ ਵਿਭਾਗ ਵਿਚ ਕੋਈ ਸੁਣਵਾਈ ਨਹੀਂ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ਼੍ਰੀ ਕੰਵਲਜੀਤ ਸਿੰਘ ਚੁੰਨੀ, ਪ੍ਰਕਾਸ਼ ਸਿੰਘ ਲੁਬਾਣਾ, ਵੀਰ ਸਿੰਘ, ਰਾਜੂ ਸਨੌਰ,ਸ਼ਿਵਚਰਨ, ਇੰਦਰਪਾਲ ਵਾਲੀਆ, ਪ੍ਰੀਤਮ ਚੰਦ ਠਾਕੁਰ, ਲਖਵੀਰ ਸਿੰਘ, ਹਰਬੰਸ ਸਿੰਘ, ਅਮਰੀਕ ਸਿੰਘ, ਹਰਦੀਪ ਸਿੰਘ ਆਦਿ ਹਾਜ਼ਰ ਸਨ।

# ਮਾਡਲ ਸਕੂਲ ਵਿਖੇ ਸ੍ਰੀ ਗੁਰੂ ਰਾਮਦਾਸ ਜੀ ਦੀ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਦਿਵਸ ਮਨਾਇਆ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀਨੀਅਰ ਸੈਕੰਡਰੀ ਮਾਡਲ ਸਕੂਲ, ਪੰਜਾਬੀ ਯੂਨੀਰਸਿਟੀ, ਪਟਿਆਲਾ ਦੇ ਵਿਦਿਆਰਥੀਆਂ ਵੱਲੋਂ ਸਵੇਰ ਦੀ ਸਭਾ ਵਿੱਚ ਸ੍ਰੀ ਗੁਰੂ ਰਾਮਦਾਸ ਜੀ ਦੀ ਗੁਰਿਆਈ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤਿ ਦਿਵਸ ਮਨਾਇਆ ਗਿਆ। ਸਕੂਲ ਦੀ ਵਿਦਿਆਰਥਣ ਦਸਮਸਰੂਪ ਕੌਰ ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਅਮਰਦਾਸ ਜੀ ਦੇ ਜੀਵਨੀ ਬਾਰੇ ਚਾਨਣਾ ਪਾਇਆ। ਸਕੂਲ ਦੇ ਇੱਕ ਹੋਰ ਵਿਦਿਆਰਥੀ ਗੁਰਨੂਰ ਸਿੰਘ ਵੱਲੋਂ ਸ੍ਰੀ ਗੁਰੂ ਰਾਮਦਾਸ ਜੀ ਦੀ ਗੁਰਿਆਈ ਦਿਵਸ ਬਾਰੇ ਚਾਨਣਾ ਪਾਇਆ। ਇਸ ਮੌਕੇ ਵਿਦਿਆਰਥੀਆਂ ਨੂੰ ਅੱਸੂ ਮਹੀਨੇ ਦੀ ਪੂਰਨਮਾਸ਼ੀ ਦਾ ਪਵਿੱਤਰ ਦਿਹਾੜਾ ਦੀ ਵਧਾਈਆਂ ਦਿੱਤੀਆਂ ਗਈਆਂ। ਅੱਜ ਸਵੇਰ ਦੀ ਸਭਾ ਵਿੱਚ ਸਕੂਲ ਦੀ ਏ.ਐਨ.ਓ. ਸਤਵੀਰ ਸਿੰਘ ਗਿੱਲ ਵੱਲੋਂ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਸਿੱਖਿਆਵਾਂ ਤੇ ਚਲਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਸਕੂਲ ਦਾ ਸਾਰੇ ਸਟਾਫ ਮੌਜੂਦ ਸੀ।

# ਗਣਪਤੀ ਵਿਸਰਜਨ ਦਿਵਸ ਦੌਰਾਨ ਵਿਸ਼ਵਕਰਮਾ ਜੈਯੰਤੀ ਬੜੀ ਧੂਮ ਧਾਮ ਨਾਲ ਮਨਾਈ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਗਣਪਤੀ ਵਿਸਰਜ2 ਦਿਵਸ ਦੌਰਾਨ ਵਿਸ਼ਵਕਰਮਾ ਜੈਨਤੀ ਬੜੀ ਧੂਮ ਧਾਮ ਨਾਲ ਮਨਾਈ ਗਈ। ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਮੱਥੁਰਾ ਕਾਲੋਨੀ ਪਟਿਆਲਾ ਵਿਖੇ ਸੁਧਾਰ ਸਭਾ ਸ੍ਰੀ ਕੇਦਾਰ ਨਾਥ ਰਜਿ: ਵੱਲੋਂ ਗਣਪਤੀ ਮਹਾ ਉਤਸਵ ਵਿਸਰਜਨ ਵਾਲੇ ਦਿਨ ਭਗਵਾਨ ਵਿਸ਼ਵਕਰਮਾ ਜੀ ਦੀ ਪੂਜਾ ਕੀਤੀ ਗਈ। ਇਸ ਮੌਕੇ ਵਰੁਣ ਜਿੰਦਲ ਰਾਮ ਲੀਲਾ ਕਮੇਟੀ ਦੇ ਪ੍ਰਧਾਨ, ਜ਼ੋੜੀਆ ਭੱਟੀਆਂ ਵਲੋਂ ਮੰਦਿਰ ਵਿਖੇ ਜਾ ਕੇ ਮੱਥਾ ਟੇਕਿਆ ਅਤੇ ਕੜੀ ਚਾਵਲ ਅਤੇ ਜਲੇਬੀ ਦਾ ਪ੍ਰਸ਼ਾਦ ਵਰਤਾਇਆ। ਇਸ ਮੌਕੇ ਉਨਾਂ ਨੂੰ ਸੁਧਾਰ ਸਭਾ ਵਲੋਂ ਸਨਮਾਨਿਤ ਕੀਤਾ ਗਿਆ ਅਤੇ ਵਰੁਣ ਜਿੰਦਲ ਜੀ ਨੇ ਰਾਮ ਲੀਲਾ ਦੇ ਕਾਰਡ ਦੇ ਕੇ ਰਾਮ ਲੀਲਾ ਵਿੱਚ ਆਉਣ ਲਈ ਸੱਦਾ ਦਿੱਤਾ ਗਿਆ। ਸਤਨਾਮ ਹਸੀਜਾ ਸਰਪ੍ਰਸਤ ਸੁਧਾਰ ਸਭਾ ਨੇ ਦੱਸਿਆ ਕਿ ਸਾਡੇ ਸਾਰੇ ਮੈਂਬਰ ਮਿਹਨਤੀ ਅਤੇ ਅਣਥੱਕ ਹਨ। ਇਨ੍ਹਾਂ ਵੱਲੋਂ ਲੰਗਰ ਬਣਾ ਕੇ ਖੁੱਦ ਭਗਤਾਂ ਨੂੰ ਵਰਤਾਇਆ ਗਿਆ।

ਗਨੇਸ਼ ਜੀ ਦਾ ਵਿਸਰਜਨ ਵਾਸਤੇ ਸੁਧਾਰ ਸਭਾ ਵਲੋਂ ਅਤੇ ਕਲੋਨੀ ਨਿਵਾਸੀਆਂ ਅਤੇ ਭਗਤਾਂ ਵੱਲੋਂ ਕਲੋਨੀ ਵਿੱਚ ਸ਼ੋਭਾ ਯਾਤਰਾ ਕੱਢ ਕੇ ਢੋਲ ਧਮਾਕੇ ਨਾਲ ਨਾਭਾ ਰੋਡ ਭਾਖੜਾ ਤੱਕ ਲਿਜਾਇਆ ਗਿਆ ਅਤੇ ਉੱਥੇ ਪਹੁੰਚ ਕੇ ਵਿਸਰਜਨ ਕੀਤਾ ਗਿਆ। ਇਸ ਮੌਕੇ ਸੁਧਾਰ ਸਭਾ ਦੇ ਸਾਰੇ ਮੈਂਬਰਾਂ ਨੇ ਅਣਥੱਕ ਮਿਹਨਤ ਕੀਤੀ। ਇਸ ਮੌਕੇ ਸਾਰੇ ਮੈਂਬਰ ਅਤੇ ਭਗਤ ਮੌਜੂਦ ਸਨ।

# ਪਟਿਆਲਾ ਜ਼ਿਲ੍ਹੇ 'ਚ 23 ਸਤੰਬਰ ਤੋ ਸ਼ੁਰੂ ਹੋਣਗੇ 'ਖੇਡਾਂ ਵਤਨ ਪੰਜਾਬ ਦੀਆਂ' ਦੇ ਜ਼ਿਲ੍ਹਾ ਪੱਧਰੀ ਮੁਕਾਬਲੇ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਖੇਡ ਵਿਭਾਗ ਅਤੇ ਪੰਜਾਬ ਸਰਕਾਰ ਵੱਲੋਂ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ-3 ਦੇ ਬਲਾਕ ਪੱਧਰੀ ਮੁਕਾਬਲਿਆਂ ਤੋਂ ਬਾਅਦ ਹੁਣ ਜ਼ਿਲ੍ਹਾ ਪੱਧਰੀ ਮੁਕਾਬਲੇ ਸ਼ੁਰੂ ਹੋਣ ਜਾ ਰਹੇ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਹਰਪਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ 23 ਸਤੰਬਰ ਤੋਂ 30 ਸਤੰਬਰ ਤੱਕ ਕਰਵਾਈਆਂ ਜਾ ਰਹੀਆਂ ਹਨ, ਇੰਨਾਂ ਖੇਡਾਂ 'ਚ ਭਾਗ ਲੈਣ ਲਈ ਖਿਡਾਰੀ 21 ਸਤੰਬਰ ਤੱਕ ਆਪਣੇ ਐਂਟਰੀ ਫਾਰਮ ਜਮ੍ਹਾਂ ਕਰਵਾਏ ਜਾ ਸਕਦੇ ਹਨ। ਜ਼ਿਲ੍ਹਾ ਖੇਡ ਅਫ਼ਸਰ ਨੇ ਹੋਣ ਵਾਲੇ ਮੁਕਾਬਲਿਆਂ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੋਹ-ਖੋਹ ਦੇ ਮੁਕਾਬਲੇ ਪੋਲੋ ਗਰਾਊਂਡ ਵਿਖੇ ਕਰਵਾਏ ਜਾਣਗੇ। ਕਬੱਡੀ ਸਰਕਲ ਤੇ ਕਬੱਡੀ ਨੈਸ਼ਨਲ ਦੇ ਮੁਕਾਬਲੇ ਸ.ਸ.ਸ. ਮਲਟੀਪਰਪਜ਼ ਸਕੂਲ ਪਟਿਆਲਾ ਵਿਖੇ ਹੋਣਗੇ। ਜਦਕਿ ਐਥਲੈਟਿਕਸ ਦੇ ਮੁਕਾਬਲੇ ਪੋਲੋ ਗਰਾਊਂਡ ਤੇ ਫੁੱਟਬਾਲ ਦੇ ਖਾਲਸਾ ਕਾਲਜ ਪਟਿਆਲਾ ਤੇ ਫਿਜ਼ੀਕਲ ਕਾਲਜ ਪਟਿਆਲਾ ਵਿਖੇ ਕਰਵਾਏ ਜਾਣਗੇ। ਵਾਲੀਬਾਲ ਸਮੈਸਿੰਗ ਤੇ ਵਾਲੀਬਾਲ ਸ਼ੂਟਿੰਗ ਦੇ ਮੁਕਾਬਲੇ ਪੋਲੋ ਗਰਾਊਂਡ 'ਚ ਹੀ ਹੋਣਗੇ।

ਉਨ੍ਹਾਂ ਦੱਸਿਆ ਕਿ ਤੈਰਾਕੀ ਦੇ ਮੁਕਾਬਲੇ ਸਰਕਾਰੀ ਤੈਰਾਕੀ ਪੂਲ ਪਟਿਆਲਾ ਵਿਖੇ, ਕਿੱਕ ਬਾਕਸਿੰਗ ਦੇ ਰਿੰਕ ਹਾਲ ਬਾਰਾਂਦਰੀ ਪਟਿਆਲਾ, ਪਾਵਰ ਲਿਫ਼ਟਿੰਗ ਤੇ ਬਾਕਸਿੰਗ ਦੇ ਮੁਕਾਬਲੇ ਪੋਲੋ ਗਰਾਊਂਡ ਵਿਖੇ ਕਰਵਾਏ ਜਾਣਗੇ। ਕੁਸ਼ਤੀ ਦੇ ਮੁਕਾਬਲਿਆਂ ਸਬੰਧੀ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ ਰੁਸਤਮ-ਏ-ਹਿੰਦ ਕੇਸਰ ਅਖਾੜਾ ਵਿਖੇ ਹੋਣਗੇ। ਹੈਂਡਬਾਲ, ਬਾਸਕਟਬਾਲ, ਲਾਅਨ ਟੈਨਿਸ, ਵੇਟ ਲਿਫ਼ਟਿੰਗ, ਹਾਕੀ, ਜੂਡੋ, ਗੱਤਕਾ, ਟੇਬਲ ਟੈਨਿਸ ਤੇ ਬੈਡਮਿੰਟਨ ਖੇਡਾਂ ਦੇ ਮੁਕਾਬਲੇ ਪੋਲੋ ਗਰਾਊਂਡ ਵਿਖੇ ਜਦਕਿ ਸਾਫਟਬਾਲ ਦੇ ਸਰਕਾਰੀ ਮਲਟੀਪਰਪਜ਼ ਸਕੂਲ ਤੇ ਨੈੱਟਬਾਲ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਤ੍ਰਿਪੜੀ ਵਿਖੇ ਕਰਵਾਏ ਜਾਣਗੇ ਤੇ ਸ਼ੂਟਿੰਗ ਦੇ ਮੁਕਾਬਲੇ ਮਾਰਕਸਮੈਨ ਸ਼ੂਟਿੰਗ ਅਕੈਡਮੀ ਵਿਖੇ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਚੈੱਸ ਦੇ ਮੁਕਾਬਲੇ ਡੀ.ਏ.ਵੀ. ਸਕੂਲ ਨੇੜੇ 22 ਨੰਬਰ ਫਾਟਕ ਵਿਖੇ ਹੋਣਗੇ।

## ਸੰਪਾਦਕੀ

### ਭਾਰਤ ਵੱਲੋਂ ਇਰਾਨ ਦੀ ਨੁਕਤਾਚੀਨੀ

ਇਰਾਨ ਦੇ ਸਿਰਮੌਰ ਆਗੂ ਆਇਤੁੱਲ੍ਹਾ ਖ਼ਮੀਨੀ ਨੇ ਆਖਿਆ ਹੈ ਕਿ ਮਿਆਂਮਾਰ, ਗਾਜ਼ਾ ਅਤੇ ਭਾਰਤ ਵਿਚ ਮੁਸਲਮਾਨਾਂ ਨੂੰ ਸੰਤਾਪ ਝੱਲਣਾ ਪੈ ਰਿਹਾ ਹੈ ਜਿਸ ਕਰ ਕੇ ਮੁਸਲਮਾਨਾਂ ਅੰਦਰ ਇਕਜੁੱਟਤਾ ਕਾਇਮ ਕਰਨ ਦੀ ਲੋੜ ਹੈ ਜਿਸ ਦੀ ਭਾਰਤ ਨੇ ਸਖ਼ਤ ਨੁਕਤਾਚੀਨੀ ਕੀਤੀ ਹੈ। ਭਾਰਤ ਦੇ ਵਿਦੇਸ਼ ਮਾਮਲਿਆਂ ਬਾਰੇ ਮੰਤਰਾਲੇ ਨੇ ਇਨ੍ਹਾਂ ਟਿੱਪਣੀਆਂ ਨੂੰ ਗ਼ਲਤ ਸੂਚਨਾ ਕਰਾਰ ਦੇ ਕੇ ਅਪ੍ਰਵਾਨ ਕਰ ਦਿੱਤਾ ਹੈ। ਮੰਤਰਾਲੇ ਨੇ ਇਰਾਨ ਨੂੰ ਇਹ ਵੀ ਨਸੀਹਤ ਕੀਤੀ ਹੈ ਕਿ ਉਹ ਭਾਰਤ ਦੇ ਅੰਦਰੂਨੀ ਮਾਮਲਿਆਂ ਵਿਚ ਦਖ਼ਲਅੰਦਾਜ਼ੀ ਕਰਨ ਤੋਂ ਪਹਿਲਾਂ ਇਸ ਨੂੰ ਆਪਣੇ ਰਿਕਾਰਡ 'ਤੇ ਨਜ਼ਰ ਮਾਰਨੀ ਚਾਹੀਦੀ ਹੈ। ਖ਼ਮੀਨੀ ਦੀਆਂ ਇਹ ਟਿੱਪਣੀਆਂ ਮੁਸਲਿਮ ਬਹੁਗਿਣਤੀ ਦੇਸ਼ਾਂ ਨਾਲ ਆਪਣੇ ਸਬੰਧ ਮਜ਼ਬੂਤ ਕਰਨ ਅਤੇ ਸਾਊਦੀ ਅਰਬ ਜਿਹੇ ਸ਼ਰੀਕ ਮੁਲਕਾਂ ਦੇ ਮੁਕਾਬਲੇ ਆਪਣੇ ਅਸਰ ਰਸੂਖ਼ ਵਿਚ ਵਾਧਾ ਕਰਨ ਦੀ ਵਡੇਰੀ ਰਣਨੀਤੀ ਦਾ ਹਿੱਸਾ ਹੋ ਸਕਦੀਆਂ ਹਨ। ਖ਼ਮੀਨੀ ਨੇ ਭਾਰਤ ਦੀਆਂ ਅੰਦਰੂਨੀ ਨੀਤੀਆਂ ਬਾਰੇ ਟੀਕਾ ਟਿੱਪਣੀ ਪਹਿਲੀ ਵਾਰ ਨਹੀਂ ਕੀਤੀ। 2019 ਵਿਚ ਜਦੋਂ ਕੇਂਦਰ ਸਰਕਾਰ ਨੇ ਜੰਮੂ ਕਸ਼ਮੀਰ ਲਈ ਧਾਰਾ 370 ਰੱਦ ਕੀਤੀ ਸੀ ਤਾਂ ਵੀ ਉਨ੍ਹਾਂ ਇਸ ਫ਼ੈਸਲੇ ਦੀ ਆਲੋਚਨਾ ਕੀਤੀ ਸੀ। ਉਂਝ, ਭਾਰਤ ਦੀ ਵਿਦੇਸ਼ ਨੀਤੀ ਬਣੀ ਰਹੀ ਕਿ ਆਪਣੇ ਅੰਦਰੂਨੀ ਧਾਰਮਿਕ ਮੁੱਦਿਆਂ ਵਿਚ ਬਾਹਰੀ ਦਖ਼ਲ ਅੰਦਾਜ਼ੀ ਦੀ ਆਗਿਆ ਨਾ ਦਿੱਤੀ ਜਾਵੇ ਅਤੇ ਨਾਲ ਧਰਮ ਨਿਰਪੱਖਤਾ ਅਤੇ ਆਪਣੇ ਸਾਰੇ ਨਾਗਰਿਕਾਂ ਲਈ ਸੰਵਿਧਾਨਕ ਰਾਖੀਆਂ ਪ੍ਰਤੀ ਆਪਣੀ ਵਚਨਬੱਧਤਾ ਦ੍ਰਿੜ ਕੀਤੀ ਜਾਵੇ। ਇਨ੍ਹਾਂ ਕੂਟਨੀਤਕ ਤਣਾਵਾਂ ਦੇ ਬਾਵਜੂਦ ਭਾਰਤ ਅਤੇ ਇਰਾਨ ਵਿਚਕਾਰ ਜਟਿਲ ਸਬੰਧ ਬਣੇ ਹੋਏ ਹਨ ਜਿਨ੍ਹਾਂ ਦੀਆਂ ਜੜ੍ਹਾਂ ਰਣਨੀਤਕ ਹਿੱਤਾਂ ਵਿਚ ਲੱਗੀਆਂ ਹੋਈਆਂ ਹਨ। ਦੋਵਾਂ ਦੇਸ਼ਾਂ ਵਿਚਕਾਰ ਆਰਥਿਕ ਅਤੇ ਸਭਿਆਚਾਰਕ ਸਬੰਧਾਂ ਦਾ ਇਕ ਲੰਮਾ ਇਤਿਹਾਸ ਹੈ ਅਤੇ ਹਾਲ ਹੀ ਵਿਚ ਦੋਵਾਂ ਦੇਸ਼ਾਂ ਨੇ ਚਾਬਹਾਰ ਵਿਚ ਸ਼ਹੀਦ ਬਹਿਸ਼ਤੀ ਪੋਰਟ ਟਰਮੀਨਲ ਚਲਾਉਣ ਬਾਬਤ ਇਕ ਵੱਡਾ ਸਮਝੌਤਾ ਸਹੀਬੰਦ ਕੀਤਾ ਹੈ। ਇਰਾਨ ਨਾਲ ਸਾਂਝੇਦਾਰੀ ਭਾਰਤ ਦੀਆਂ ਇਲਾਕਾਈ ਵਪਾਰਕ ਖ਼ਾਹਸ਼ਾਂ ਲਈ ਬਹੁਤ ਅਹਿਮ ਹੈ ਖ਼ਾਸਕਰ ਇਸ ਕਰ ਕੇ ਕਿ ਇਸ ਨਾਲ ਪਾਕਿਸਤਾਨ ਨੂੰ ਬਾਈਪਾਸ ਕਰ ਕੇ ਅਫ਼ਗਾਨਿਸਤਾਨ ਅਤੇ ਮੱਧ ਏਸ਼ੀਆ ਤੱਕ ਰਸਾਈ ਮਿਲਦੀ ਹੈ। ਆਰਥਿਕ ਸਾਂਝੇਦਾਰੀ ਉਸ ਵਿਹਾਰਕ ਪਹੁੰਚ ਨੂੰ ਰੇਖਾਂਕਿਤ ਕਰਦੀ ਹੈ ਜੋ ਦੋਵੇਂ ਦੇਸ਼ ਕੂਟਨੀਤਕ ਮਤਭੇਦਾਂ ਦੇ ਬਾਵਜੂਦ ਆਪਣੇ ਸਬੰਧਾਂ ਨੂੰ ਸਾਵੇਂ ਰੱਖਣ ਲਈ ਅਪਣਾਉਂਦੇ ਆ ਰਹੇ ਹਨ।

ਦੋਵਾਂ ਦੇਸ਼ਾਂ ਨੂੰ 2019 ਵਿਚ ਵੀ ਆਪਣੇ ਵਡੇਰੇ ਸਬੰਧਾਂ ਨੂੰ ਸੰਭਾਲਣ ਲਈ ਵਿਵਾਦਿਤ ਮੁੱਦੇ ਵੱਖਰੇ ਰੱਖਣੇ ਪਏ ਸਨ ਤਾਂ ਕਿ ਭੜਕਾਹਟ ਵਾਲੀਆਂ ਟਿੱਪਣੀਆਂ ਕਰ ਕੇ ਕੂਟਨੀਤਕ ਸਬੰਧਾਂ ਵਿਚ ਤਣਾਅ ਨਾ ਬਣੇ ਜਾਂ ਮੁੜ ਭੂ-ਰਾਜਸੀ ਸਫ਼ਬੰਦੀ ਨਾ ਪੈਦਾ ਹੋਵੇ। ਉਂਝ, ਇਰਾਨ ਦੀ ਤਰਫ਼ੋਂ ਭਾਰਤ ਦੇ ਅੰਦਰੂਨੀ ਮਾਮਲਿਆਂ ਬਾਰੇ ਟਿੱਪਣੀਆਂ ਕਰਨ ਨਾਲ ਦੋਵਾਂ ਦੇਸ਼ਾਂ ਵਿਚਕਾਰ ਲੰਮੇ ਅਰਸੇ ਤੋਂ ਬਣੇ ਦੋਹਰਾ ਸਹਿਯੋਗ ਅਤੇ ਸਦਭਾਵਨਾ ਦੇ ਮਾਹੌਲ ਨੂੰ ਸੱਟ ਵੱਜਦੀ ਹੈ। ਇਰਾਨ ਨੂੰ ਭਾਰਤ ਦੀ ਤੁਲਨਾ ਮਿਆਂਮਾਰ ਅਤੇ ਗਾਜ਼ਾ ਨਾਲ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

### ਪੰਜਾਬ ਦੀ ਖੇਤੀ ਨੀਤੀ

ਪੰਜਾਬ ਦੀ ਨਵੀਂ ਖੇਤੀਬਾੜੀ ਨੀਤੀ ਵਿਚ ਉਨ੍ਹਾਂ 15 ਬਲਾਕਾਂ ਜਿੱਥੇ ਜ਼ਮੀਨ ਹੇਠਲੇ ਪਾਣੀ ਦੀ ਸਤਹਿ ਖ਼ਤਰਨਾਕ ਹੱਦ ਤੱਕ ਹੇਠਾਂ ਜਾ ਚੁੱਕੀ ਹੈ, ਵਿਚ ਝੋਨੇ ਦੀ ਕਾਸ਼ਤ ਖ਼ਾਸਕਰ ਜ਼ਿਆਦਾ ਸਮਾਂ ਲੈਣ ਵਾਲੀਆਂ ਕਿਸਮਾਂ ਦੀ ਕਾਸ਼ਤ ਉਪਰ ਪਾਬੰਦੀ ਲਾਉਣ ਦੀ ਸਿਫਾਰਸ਼ ਕੀਤੀ ਗਈ ਹੈ। ਝੋਨੇ ਦੀ ਕਾਸ਼ਤ ਲਈ ਬਹੁਤ ਜ਼ਿਆਦਾ ਪਾਣੀ ਦੀ ਲੋੜ ਪੈਂਦੀ ਹੈ ਅਤੇ ਨਹਿਰੀ ਪਾਣੀ ਨਾ ਮਿਲਣ ਕਰ ਕੇ ਕਿਸਾਨਾਂ ਨੂੰ ਇਸ ਦੀ ਭਰਪਾਈ ਟਿਊਬਵੈੱਲਾਂ ਰਾਹੀਂ ਜ਼ਮੀਨ ਹੇਠਲਾ ਪਾਣੀ ਕੱਢ ਕੇ ਕਰਨੀ ਪੈਂਦੀ ਹੈ। ਝੋਨੇ ਦੀ ਫ਼ਸਲ ਪੰਜਾਬ ਦੇ ਸਿਰ ਉਦੋਂ ਮੜ੍ਹ ਦਿੱਤੀ ਗਈ ਸੀ ਜਦੋਂ ਦੇਸ਼ ਨੂੰ ਅਨਾਜ ਦੀ ਥੁੜ ਅਤੇ ਆਪਣੇ ਕਰੋੜਾਂ ਲੋਕਾਂ ਦਾ ਢਿੱਡ ਭਰਨ ਦੀ ਸਮੱਸਿਆ ਨਾਲ ਜੂਝਣਾ ਪੈ ਰਿਹਾ ਸੀ। ਪੰਜਾਬ ਦੇ ਸਿਰੜੀ ਕਿਸਾਨਾਂ ਨੇ ਭਾਰਤ ਨੂੰ ਅਨਾਜ ਦੀ ਉਪਜ ਪੱਖੋਂ ਆਤਮ-ਨਿਰਭਰ ਤਾਂ ਬਣਾ ਦਿੱਤਾ ਪਰ ਇਸ ਸਭ ਕਾਸੇ ਵਿਚ ਆਪਣੇ ਕੁਦਰਤੀ ਸਰੋਤਾਂ ਦੀ ਜੱਖਣਾ ਪੁੱਟ ਛੱਡੀ। ਪੰਜਾਬ ਦੀ ਜ਼ਰਖੇਜ਼ ਧਰਤੀ ਰਸਾਇਣਕ ਖਾਦਾਂ ਅਤੇ ਜ਼ਹਿਰਾਂ ਨੇ ਬੰਜਰ ਅਤੇ ਬੇਜਾਨ ਬਣਾ ਦਿੱਤੀ ਹੈ ਅਤੇ ਪਾਣੀ ਨਾ ਕੇਵਲ ਗੰਧਲੇ ਹੋ ਗਏ ਹਨ ਸਗੋਂ ਇਸ ਦੀ ਸਤਹਿ ਵੀ ਬਹੁਤ ਡੂੰਘੀ ਚਲੀ ਗਈ ਹੈ ਜਿਸ ਕਰ ਕੇ ਇਸ ਖਿੱਤੇ ਨੂੰ ਇਕ ਵੱਡੇ ਵਾਤਾਵਰਨ ਸੰਕਟ ਦੀ ਮਾਰ ਝੱਲਣੀ ਪੈ ਰਹੀ ਹੈ।

ਹਾਲਾਂਕਿ ਪੰਜਾਬ ਵਿਚ ਚੌਲਾਂ ਦੀ ਖਪਤ ਨਾਮਾਤਰ ਹੈ ਪਰ ਕਿਸਾਨ ਝੋਨੇ ਦੀ ਕਾਸ਼ਤ ਦੇ ਚੱਕਰ ਵਿਚ ਫਸੇ ਹੋਏ ਹਨ ਕਿ ਉਨ੍ਹਾਂ ਨੂੰ ਹੋਰਨਾਂ ਫ਼ਸਲਾਂ ਦੀ ਯਕੀਨੀ ਖਰੀਦ ਅਤੇ ਲਾਹੇਵੰਦ ਕੀਮਤ ਨਹੀਂ ਦਿੱਤੀ ਜਾ ਰਹੀ। ਪੰਜਾਬ ਦੇ ਜ਼ਮੀਨ ਹੇਠਲੇ ਪਾਣੀ ਦੀ ਸਥਿਤੀ ਬਾਰੇ ਮਾਹਿਰਾਂ ਦਾ ਅਨੁਮਾਨ ਹੈ ਕਿ ਸੂਬੇ ਕੋਲ ਸਿਰਫ਼ ਦੋ ਕੁ ਦਹਾਕਿਆਂ ਜੋਗਾ ਪਾਣੀ ਬਚਿਆ ਹੈ ਜਿਸ ਤੋਂ ਬਾਅਦ ਖੇਤੀ ਲਈ ਤਾਂ ਕੀ ਸਗੋਂ ਪੀਣ ਲਈ ਵੀ ਪਾਣੀ ਨਹੀਂ ਮਿਲਣਾ।

ਇਸ ਤੋਂ ਇਲਾਵਾ ਬਹੁਤ ਜ਼ਿਆਦਾ ਰਕਬੇ ਵਿਚ ਝੋਨੇ ਦੀ ਕਾਸ਼ਤ ਕਰ ਕੇ ਕਿਸਾਨਾਂ ਨੂੰ ਮਜਬੂਰੀਵੱਸ ਝੋਨੇ ਦੀ ਪਰਾਲੀ ਸਾੜਨੀ ਪੈਂਦੀ ਹੈ ਜਿਸ ਕਰ ਕੇ ਅਕਤੂਬਰ ਅਤੇ ਨਵੰਬਰ ਦੇ ਦਿਨਾਂ ਵਿਚ ਹਵਾ ਦਾ ਪ੍ਰਦੂਸ਼ਣ ਬਹੁਤ ਜ਼ਿਆਦਾ ਵਧ ਜਾਂਦਾ ਹੈ। ਪਿਛਲੇ ਕਈ ਸਾਲਾਂ ਤੋਂ ਰਾਜ ਸਰਕਾਰਾਂ ਨੇ ਘੱਟ ਸਮੇਂ ਵਿਚ ਪੱਕਣ ਵਾਲੀਆਂ ਕਿਸਮਾਂ ਦੀ ਕਾਸ਼ਤ ਅਤੇ ਝੋਨੇ ਦੀ ਲੁਆਈ ਦਾ ਸਮਾਂ ਮਿੱਥਣ ਜਿਹੇ ਕੁਝ ਕਦਮ ਉਠਾਏ ਸਨ ਪਰ ਇਨ੍ਹਾਂ ਨਾਲ ਅੰਸ਼ਕ ਸਫ਼ਲਤਾ ਹੀ ਮਿਲ ਸਕੀ ਹੈ। ਮਾੜੀ ਗੱਲ ਇਹ ਰਹੀ ਕਿ ਫ਼ਸਲੀ ਵਿਭਿੰਨਤਾ ਨੂੰ ਜਿੰਨਾ ਹੱਲਾਸ਼ੇਰੀ ਦੇਣ ਦੀ ਲੋੜ ਸੀ, ਉਹ ਨਹੀਂ ਦਿੱਤੀ ਗਈ ਅਤੇ ਸਰਕਾਰਾਂ ਨੇ ਇਸ ਸਬੰਧ ਵਿਚ ਖਾਨਾਪੂਰਤੀ ਹੀ ਕੀਤੀ ਹੈ। ਫ਼ਸਲੀ ਵਿਭਿੰਨਤਾ ਲਈ ਕਿਸਾਨਾਂ ਨੂੰ ਵਾਜਬ ਇਵਜ਼ਾਨਾ ਦੇ ਕੇ ਝੋਨੇ ਦੀ ਕਾਸ਼ਤ ਵੰਨੀਓਂ ਮੋੜ ਕੇ ਹੋਰਨਾਂ ਫ਼ਸਲਾਂ ਵੱਲ ਤੋਰਿਆ ਜਾ ਸਕਦਾ ਹੈ।

ਪਿਛਲੇ ਸਾਲ ਨਵੰਬਰ ਵਿਚ ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਝੋਨੇ ਦੀ ਕਾਸ਼ਤ ਘਟਾਉਣ ਅਤੇ ਕਿਸਾਨਾਂ ਨੂੰ ਮੋਟੇ ਅਨਾਜ (ਮਿੱਲਟਸ) ਦੀ ਕਾਸ਼ਤ ਲਈ ਪ੍ਰੇਰਿਤ ਕਰਨ ਵਾਸਤੇ ਪੰਜਾਬ ਸਰਕਾਰ ਵਲੋਂ ਪੇਸ਼ ਕੀਤੇ ਸੁਝਾਅ 'ਤੇ ਸੰਜੀਦਗੀ ਨਾਲ ਗ਼ੌਰ ਕਰਨ ਲਈ ਕਿਹਾ ਸੀ। ਹਾਲੇ ਵੀ ਘੱਟੋਘੱਟ ਸਮਰਥਨ ਮੁੱਲ ਦੀ ਪ੍ਰਣਾਲੀ ਕਣਕ ਅਤੇ ਝੋਨੇ ਜਿਹੀਆਂ ਕੁਝ ਫ਼ਸਲਾਂ ਦੁਆਲੇ ਘੁੰਮ ਰਹੀ ਹੈ ਅਤੇ ਕਈ ਹੋਰ ਫ਼ਸਲਾਂ ਨੂੰ ਇਸ ਦੇ ਦਾਇਰੇ ਹੇਠ ਲਿਆਉਣ ਅਤੇ ਉਨ੍ਹਾਂ ਦੀ ਖਰੀਦ ਅਤੇ ਲਾਹੇਵੰਦ ਭਾਅ ਨੂੰ ਯਕੀਨੀ ਬਣਾਉਣ ਵੱਲ ਵਧਣ ਦੀ ਲੋੜ ਹੈ। ਪੰਜਾਬ ਨੇ ਅਨਾਜ ਦੇ ਕੇਂਦਰੀ ਪੂਲ ਵਿਚ ਅਥਾਹ ਯੋਗਦਾਨ ਪਾਇਆ ਹੈ ਅਤੇ ਹਾਲੇ ਵੀ ਪਾ ਰਿਹਾ ਹੈ ਪਰ ਹੁਣ ਜਦੋਂ ਸੂਬੇ ਨੂੰ ਖੇਤੀਬਾੜੀ ਦੇ ਐਨੇ ਵੱਡੇ ਸੰਕਟ ਨਾਲ ਜੂਝਣਾ ਪੈ ਰਿਹਾ ਹੈ ਤਾਂ ਕੇਂਦਰ ਸਰਕਾਰ ਇਸ ਤੋਂ ਪੱਲਾ ਝਾੜ ਕੇ ਅੱਗੇ ਨਹੀਂ ਵਧ ਸਕਦੀ ਸਗੋਂ ਪੰਜਾਬ ਅਤੇ ਇਸ ਦੇ ਹਿੰਮਤੀ ਕਿਸਾਨਾਂ ਦੀ ਹਰ ਪੱਖ ਤੋਂ ਮਦਦ ਕਰਨੀ ਬਣਦੀ ਹੈ।

# ਆਮ ਜਨਤਾ ਦਾ ਪੁਲੀਸ ਤੋਂ ਭਰੋਸਾ ਕਿਉਂ ਉੱਠ ਰਿਹੈ ?

**ਗੁਰਬਚਨ ਜਗਤ**



ਦੋ ਕੁ ਹਫ਼ਤੇ ਪਹਿਲਾਂ ਸੁਪਰੀਮ ਕੋਰਟ ਨੇ ਕੋਲਕਾਤਾ ਹੱਤਿਆ ਅਤੇ ਬਲਾਤਕਾਰ ਕੇਸ ਦਾ ਆਪਣੇ ਤੌਰ 'ਤੇ ਨੋਟਿਸ ਲੈਂਦਿਆਂ ਇਸ ਦੀ ਜਾਂਚ ਸੀਬੀਆਈ ਨੂੰ ਸੌਂਪੀ ਸੀ। ਇਹ ਹੱਤਿਆ ਤੇ ਬਲਾਤਕਾਰ ਦਾ ਬਹੁਤ ਹੀ ਘਿਣਾਉਣਾ ਮਾਮਲਾ ਸੀ ਜਿਸ ਨੇ ਦੇਸ਼ ਨੂੰ ਝੰਜੋੜ ਦਿੱਤਾ। ਇਸ ਦੇ ਖਿਲਾਫ਼ ਆਪ ਮੁਹਾਰੇ ਹਿੰਸਕ ਤੇ ਅਹਿੰਸਕ ਰੋਸ ਵਿਖਾਵੇ ਹੋਏ, ਖਾਸਕਰ ਦੇਸ਼ ਭਰ ਵਿਚ ਡਾਕਟਰਾਂ ਨੇ ਲੰਮਾ ਸਮਾਂ ਹੜਤਾਲ ਕੀਤੀ। ਝਟਪਟ ਨਤੀਜਿਆਂ ਦੀ ਸੀਬੀਆਈ ਤੋਂ ਲਾਈ ਗਈ ਆਸ ਪੂਰੀ ਨਾ ਹੋ ਸਕੀ।

ਇਸ ਦਖ਼ਲ ਤੋਂ ਬਾਅਦ ਵੀ ਦੇਸ਼ ਭਰ ਵਿਚ ਹੱਤਿਆ ਅਤੇ ਬਲਾਤਕਾਰ ਦੇ ਕਈ ਹੋਰ ਕੇਸ ਸਾਹਮਣੇ ਆਏ ਪਰ ਅਦਾਲਤਾਂ ਜਾਂ ਸਮਾਜਿਕ ਗਰੁੱਪਾਂ ਨੇ ਉਨ੍ਹਾਂ ਵੱਲ ਉਹੋ ਜਿਹੀ ਤਵੱਜੋ ਨਾ ਦਿੱਤੀ। ਪਹਿਲਾਂ ਵਾਪਰੇ ਕੇਸਾਂ ਵਿਚ ਸੁਪਰੀਮ ਕੋਰਟ ਦੇ ਦਖ਼ਲ ਨਾਲ ਇਹੋ ਜਿਹੇ ਕੇਸਾਂ ਦੇ ਵਾਰ-ਵਾਰ ਵਾਪਰਨ 'ਤੇ ਕੋਈ ਫ਼ਰਕ ਨਹੀਂ ਪਿਆ ਅਤੇ ਹੁਣ ਵਾਲੇ ਦਖ਼ਲ ਨਾਲ ਵੀ ਇਹ ਕੇਸ ਵਾਪਰਨੇ ਬੰਦ ਨਹੀਂ ਹੋਣਗੇ। ਹਾਲਾਂਕਿ ਸੀਬੀਆਈ ਨੂੰ ਇਹ ਕੇਸ ਸੌਂਪਣਾ ਬਿਲਕੁਲ ਸਹੀ ਹੈ ਜਿਸ ਕਰ ਕੇ ਮੇਰੇ ਮਨ ਵਿਚ ਵੱਖਰੀ ਤਰ੍ਹਾਂ ਦੇ ਖਿਆਲ ਉੱਠਦੇ ਹਨ, ਮਸਲਨ ਸੁਪਰੀਮ ਕੋਰਟ ਅਤੇ ਹਾਈ ਕੋਰਟਾਂ ਨੂੰ ਸੂਬਾਈ ਪੁਲੀਸ ਬਲਾਂ ਅਤੇ ਪੁਲੀਸ ਸਟੇਸ਼ਨਾਂ ਦੀ ਪੇਸ਼ੇਵਰ ਮੁਹਾਰਤ ਅਤੇ ਦਿਆਨਤਦਾਰੀ 'ਤੇ ਭਰੋਸਾ ਕਿਉਂ ਨਹੀਂ ਰਿਹਾ ? ਇਵੇਂ ਹੀ ਸੂਬਾਈ ਸਰਕਾਰਾਂ ਅਤੇ ਹੇਠਲੀ ਜੁਡੀਸ਼ਰੀ ਤੋਂ ਵੀ ਭਰੋਸਾ ਕਿਉਂ ਖਤਮ ਹੋ ਗਿਆ ਹੈ ? ਕੀ ਇਹ ਰਾਤੋਰਾਤ ਵਾਪਰਿਆ ਹੈ ਜਾਂ ਹੌਲੀ-ਹੌਲੀ ਅਜਿਹਾ ਹੋਇਆ ਹੈ ਪਰ ਇਸ ਕਰ ਕੇ ਜੋ ਸਥਿਤੀ ਬਣੀ ਹੈ, ਉਸ ਵਿਚ ਸਿਆਸਤਦਾਨ ਸਰਬ ਸ਼ਕਤੀਮਾਨ ਬਣਦਾ ਜਾ ਰਿਹਾ ਹੈ ਅਤੇ ਜੋ ਹੁਣ ਪੁਲੀਸ ਬਲ ਅਤੇ ਸਰਕਾਰ ਦੇ ਅੰਦਰ ਅਤੇ ਬਾਹਰ ਬੈਠੇ ਅਪਰਾਧੀ ਅਨਸਰਾਂ ਦੀ ਮਦਦ ਨਾਲ ਇਸ ਸ਼ੋਅ ਦਾ ਨਿਰਦੇਸ਼ਨ ਕਰ ਰਿਹਾ ਹੈ।

ਪਿਛਾਂਹ ਮੁੜ ਕੇ ਦੇਖੀਏ ਤਾਂ ਪਹਿਲਾਂ ਅਦਾਲਤਾਂ ਜਾਂ ਸੂਬਾਈ ਅਤੇ ਕੇਂਦਰ ਸਰਕਾਰਾਂ ਵਲੋਂ ਭ੍ਰਿਸ਼ਟਾਚਾਰ ਦੇ ਬਹੁਤ ਹੀ ਮਹੱਤਵਪੂਰਨ ਮਾਮਲੇ ਸੀਬੀਆਈ ਨੂੰ ਸੌਂਪੇ ਜਾਂਦੇ ਸਨ। ਸੂਬੇ ਦੇ ਅਧਿਕਾਰੀ ਅਜਿਹੇ ਮਾਮਲਿਆਂ ਦੇ ਤਬਾਦਲੇ 'ਤੇ ਉਜਰ ਕਰਦੇ ਸਨ ਕਿਉਂਕਿ ਉਹ ਸੋਚਦੇ ਸਨ ਕਿ ਇਸ ਨਾਲ ਉਨ੍ਹਾਂ ਦਾ ਅਕਸ ਖਰਾਬ ਹੁੰਦਾ ਹੈ। ਸੀਬੀਆਈ ਦੇ ਚੰਗੇ ਨਤੀਜੇ ਵੀ ਮਿਲੇ ਕਿਉਂਕਿ ਉਸ 'ਤੇ ਬਹੁਤਾ ਦਬਾਓ ਨਹੀਂ ਪਾਇਆ ਗਿਆ ਸੀ ਕਿਉਂਕਿ ਉਸ ਨੇ ਉਤਲੇ ਪੱਧਰ 'ਤੇ ਭ੍ਰਿਸ਼ਟਾਚਾਰ ਨਾਲ ਨਜਿੱਠਣ ਲਈ ਇੱਕ ਵਿਸ਼ੇਸ਼ੀਕ੍ਰਿਤ ਏਜੰਸੀ ਵਜੋਂ ਸ਼ੁਰੂਆਤ ਕੀਤੀ ਸੀ। ਸਿਆਸੀ ਸ਼ਾਖਾ ਦੇ ਲਗਾਤਾਰ ਮਜ਼ਬੂਤ ਹੋਣ ਅਤੇ ਇਸ ਦੇ ਨਾਲ ਨੈਤਿਕ ਗਿਰਾਵਟ ਅਤੇ ਦਿਆਨਤਦਾਰੀ ਦੀ ਘਾਟ ਕਾਰਨ ਲੋਕ ਕੇਸ ਤਬਦੀਲ ਕਰਾਉਣ ਲਈ ਸਿੱਧੇ ਅਦਾਲਤਾਂ ਤੱਕ ਪਹੁੰਚ ਕਰਨ ਲੱਗੇ। ਸੂਬਾਈ ਅਤੇ ਕੇਂਦਰ ਸਰਕਾਰਾਂ ਨੇ ਵੀ ਇੱਛਿਤ ਨਤੀਜੇ ਹਾਸਲ ਕਰਨ ਲਈ ਇਹ ਰਾਹ ਅਪਣਾਇਆ ਕਿਉਂਕਿ ਰਾਜ ਪ੍ਰਣਾਲੀ ਵਿਚ ਸਮੁੱਚੇ ਤੌਰ 'ਤੇ ਨਿਘਾਰ ਆਉਣ ਕਰ ਕੇ ਸੀਬੀਆਈ ਦਾ ਕੰਮਕਾਰ ਵੀ ਪ੍ਰਭਾਵਿਤ ਹੋਇਆ। ਜ਼ਿਆਦਾ ਫਰਮਾਬਰਦਾਰੀ ਵਾਲਾ ਢਾਂਚਾ ਕਾਇਮ ਕਰਨ ਲਈ ਉਚੇਚੇ ਤੌਰ 'ਤੇ ਅਫ਼ਸਰਾਂ ਨੂੰ ਲਿਆਂਦਾ ਗਿਆ। ਸੀਬੀਆਈ ਦਾ ਵਿਸਤਾਰ ਹੋਇਆ ਅਤੇ ਜ਼ਿਆਦਾਤਰ ਸੂਬਿਆਂ ਅੰਦਰ ਇਸ ਦੇ ਦਫ਼ਤਰ ਖੋਲ੍ਹ ਦਿੱਤੇ ਗਏ। ਉਂਝ, ਇਸ ਨਾਲ ਕੇਂਦਰ ਸਰਕਾਰ ਦੀ ਤਮਾਂ ਹੋਰ ਵਧ ਗਈ ਅਤੇ ਇਕ ਹੋਰ ਨਵੀਂ ਜਾਂਚ ਏਜੰਸੀ ਐੱਨਆਈਏ ਦਾ ਜਨਮ ਹੋਇਆ ਜਿਸ ਦਾ ਜ਼ਿਆਦਾ ਜ਼ੋਰ ਅੰਤਰਰਾਜੀ ਪ੍ਰਭਾਵ ਵਾਲੇ ਅਤਿਵਾਦੀ ਅਪਰਾਧਾਂ 'ਤੇ ਹੈ। ਇੱਥੇ ਵੀ ਕੇਂਦਰ ਸਰਕਾਰ ਦੀ ਮਰਜ਼ੀ ਹੈ ਕਿ ਉਹ ਕਿਸ ਕੇਸ ਨੂੰ ਲਵੇ ਜਾਂ ਨਾ ਲਵੇ। ਗ੍ਰਹਿ ਮੰਤਰਾਲੇ ਵਲੋਂ ਵਾਰ ਵਾਰ ਬਿਆਨ ਆਉਂਦੇ ਰਹਿੰਦੇ ਹਨ ਕਿ ਸਾਰੇ ਸੂਬਿਆਂ ਅੰਦਰ ਐਨਆਈਏ ਦੇ ਦਫ਼ਤਰ ਖੋਲ੍ਹੇ ਜਾਣਗੇ।

ਸਾਡੇ ਕੋਲ ਪਹਿਲਾਂ ਹੀ ਨਾਰਕੋਟਿਕਸ ਕੰਟਰੋਲ ਬਿਊਰੋ ਅਤੇ ਦੇਸ਼ ਵਿਆਪੀ ਤਾਕਤਾਂ ਨਾਲ ਲੈਸ ਕੀਤੀ ਐਨਫੋਰਸਮੈਂਟ ਡਾਇਰੈਕਟੋਰੇਟ ਤੇ ਨਾਲ ਹੀ ਆਈਬੀ ਅਤੇ ਰਾਅ ਵਰਗੀਆਂ ਏਜੰਸੀਆਂ ਮੌਜੂਦ ਹਨ। ਇਨ੍ਹਾਂ ਤੋਂ ਇਲਾਵਾ ਸਾਡੇ ਕੋਲ ਨੀਮ ਫ਼ੌਜੀ ਬਲ ਮੌਜੂਦ ਹਨ ਜਿਨ੍ਹਾਂ ਕੋਲ ਰਾਸ਼ਟਰੀ ਅਖਤਿਆਰ ਹਨ। ਨੀਮ ਫ਼ੌਜੀ ਦਸਤਿਆਂ ਨੂੰ ਅਮਨ ਕਾਨੂੰਨ ਦੀਆਂ ਅਜਿਹੀਆਂ ਹਾਲਤਾਂ ਨਾਲ ਸਿੱਝਣ ਲਈ ਭੇਜਿਆ ਜਾਂਦਾ ਹੈ ਜੋ ਸੂਬਾਈ ਪੁਲੀਸ ਬਲਾਂ ਤੋਂ ਨਾ ਸੰਭਾਲੀਆਂ ਜਾ ਰਹੀਆਂ ਹੋਣ। ਸੂਬੇ ਵੀ ਇਹ ਦਸਤੇ ਮੰਗਵਾ ਸਕਦੇ ਹਨ ਜਾਂ ਕੇਂਦਰੀ ਗ੍ਰਹਿ ਮੰਤਰਾਲਾ ਆਪਣੇ ਤੌਰ 'ਤੇ ਨਾਮਾਤਰ ਪ੍ਰਵਾਨਗੀ ਨਾਲ ਹੀ ਸੂਬਿਆਂ ਵਿਚ ਇਹ ਦਸਤੇ ਭੇਜ ਸਕਦਾ ਹੈ। ਕਈ ਸੂਬਿਆਂ ਵਿਚ ਨਿਰੰਤਰ ਕਈ ਕਈ ਦਹਾਕਿਆਂ ਤੋਂ ਸੀਆਰਪੀਐੱਫ, ਸੀਆਈਐੱਸਐੱਫ, ਬੀਐੱਸਐੱਫ, ਐੱਸਐੱਸਬੀ, ਆਈਟੀਬੀਪੀ ਦੇ ਬਲ ਤਾਇਨਾਤ ਕੀਤੇ ਹੋਏ ਹਨ। ਕਾਗਜ਼ੀ ਤੌਰ 'ਤੇ ਉਹ ਸੂਬਾਈ ਪੁਲੀਸ ਦੀ ਕਮਾਂਡ ਹੇਠ ਕੰਮ ਕਰਦੇ ਹਨ ਪਰ ਆਪਣੇ ਰੋਜ਼ਮਰ੍ਹਾ ਦੇ ਕੰਮਕਾਜ ਵਿਚ ਉਹ ਸੁਤੰਤਰ ਹੁੰਦੇ ਹਨ। ਜਦੋਂ ਸੰਵਿਧਾਨ ਮੁਤਾਬਕ ਅਮਨ ਕਾਨੂੰਨ ਸੂਬਾਈ ਵਿਸ਼ਾ ਹੈ ਤਾਂ ਸੂਬਾ ਸਰਕਾਰਾਂ ਦੀ ਕੀ ਸਥਿਤੀ ਬਚਦੀ ਹੈ ? ਪੁਲੀਸ ਸਟੇਸ਼ਨ ਅਤੇ ਜ਼ਿਲ੍ਹਾ ਐੱਸਪੀ ਪੁਲੀਸ ਵਿਭਾਗ ਦਾ ਮੂੰਹ ਮੁਹਾਂਦਰਾ ਮੰਨੇ ਜਾਂਦੇ ਹਨ। ਬਾਹਰੀ ਦਖ਼ਲਅੰਦਾਜ਼ੀ ਕਰ ਕੇ ਇਨ੍ਹਾਂ ਨੂੰ ਸੱਤਾਧਾਰੀ ਪਾਰਟੀ ਦੇ ਸਹਾਇਕਾਂ ਦਾ ਰੂਪ ਬਣਾ ਕੇ ਰੱਖ ਦਿੱਤਾ ਜਾਂਦਾ ਹੈ। ਸੂਬਾਈ ਪੁਲੀਸ ਦੀ ਪੇਸ਼ੇਵਰਾਨਾ ਪਹੁੰਚ ਦੇ ਰੂਪ ਵਿਚ ਇਸ ਦੀ ਕੀਮਤ ਤਾਰਨੀ ਪੈਂਦੀ ਹੈ ਜਿਸ ਕਰ ਕੇ ਪੁਲੀਸ ਸਟੇਸ਼ਨ ਅਤੇ ਜ਼ਿਲ੍ਹਾ ਐੱਸਪੀ ਦੀ ਧਾਰ ਖੁੰਢੀ ਹੁੰਦੀ ਹੈ। ਇਹ ਪੁਲੀਸ ਅਤੇ ਲੋਕਾਂ ਵਿਚਕਾਰ ਰਾਬਤੇ ਦੇ ਮੁਕਾਮ ਹੁੰਦੇ ਹਨ ਪਰ ਇਸ ਅੰਤਰਕਿਰਿਆ ਵਿਚ ਬਹੁਤ ਜ਼ਿਆਦਾ ਸੁਧਾਰ ਦੀ ਤਵੱਕੋ ਕੀਤੀ ਜਾਂਦੀ ਹੈ। ਇਹ ਇਹੋ ਜਿਹੀਆਂ ਥਾਵਾਂ ਨਹੀਂ ਰਹਿ ਗਈਆਂ ਜਿੱਥੇ ਨਾਗਰਿਕ ਇਸ ਭਰੋਸੇ ਨਾਲ ਜਾਂਦਾ ਹੋਵੇ ਕਿ ਉਸ ਨੂੰ ਇਨਸਾਫ਼ ਮਿਲੇਗਾ ਤੇ ਉਸ ਨੂੰ ਕੋਈ ਜੁਗਾੜ ਲਾਉਣ ਦੀ ਕੋਈ ਲੋੜ ਨਹੀਂ ਹੈ।

ਚੰਗੀ ਨਫ਼ਰੀ ਅਤੇ ਚੰਗੇ ਅਫ਼ਸਰਾਂ ਵਾਲੇ ਪੁਲੀਸ ਸਟੇਸ਼ਨ ਕੋਲ ਬਿਹਤਰੀਨ ਮੁਖ਼ਬਰ ਹੁੰਦੇ ਹਨ ਅਤੇ ਇਸ ਸੂਚਨਾ ਦੇ ਨਾਲ ਚੰਗੇ ਸਫਲ ਅਪਰੇਸ਼ਨ ਵੀ ਹੁੰਦੇ ਹਨ। ਅਸੀਂ ਵੇਖਿਆ ਹੈ ਕਿ ਜੰਮੂ ਕਸ਼ਮੀਰ, ਪੰਜਾਬ, ਉੱਤਰ ਪੂਰਬ ਵਿਚ ਉਗਰ ਵਿਦਰੋਹਾਂ ਅਤੇ ਮੱਧ ਭਾਰਤ, ਉੜੀਸਾ, ਆਂਧਰਾ ਪ੍ਰਦੇਸ਼ ਵਿਚ ਮਾਓਵਾਦੀ ਲਹਿਰਾਂ ਵੇਲੇ ਉਹੀ ਅਪਰੇਸ਼ਨਲ ਸੂਹ ਸਭ ਤੋਂ ਵਧੀਆ ਹੁੰਦੀ ਸੀ ਜੋ ਪੁਲੀਸ ਸਟੇਸ਼ਨ ਤੋਂ ਆਉਂਦੀ ਸੀ ਤੇ ਇਸੇ ਕਰ ਕੇ ਫ਼ੌਜ ਸਣੇ ਸਾਰੇ ਅਪਰੇਸ਼ਨ ਗਰੁੱਪਾਂ ਦਾ ਇਕ ਅਹਿਮ ਹਿੱਸਾ ਮੁਕਾਮੀ ਪੁਲੀਸ ਸਟੇਸ਼ਨ ਨਾਲ ਜੁੜਿਆ ਹੁੰਦਾ ਹੈ। ਆਮ ਅਪਰਾਧ ਜਾਂ ਬਗਾਵਤਾਂ ਜਿਹੇ ਜਟਿਲ ਅਪਰਾਧਾਂ ਵਿਚ ਵੀ ਸਫ਼ਲਤਾ ਤਾਂ ਹੀ ਮਿਲਦੀ ਹੈ ਜੇ ਪੁਲੀਸ ਦਾ ਮੋਹਰੀ ਢਾਂਚਾ ਭਾਵ ਪੁਲੀਸ ਸਟੇਸ਼ਨ ਪੂਰੀ ਤਰ੍ਹਾਂ ਸ਼ਾਮਲ ਹੋ ਕੇ ਕੰਮ ਕਰਦਾ ਹੈ। ਜੇ ਇਹ ਗੱਲ ਸਹੀ ਹੈ ਤਾਂ ਇਸ ਨੂੰ ਕਮਜ਼ੋਰ ਕਿਉਂ ਕੀਤਾ ਜਾਵੇ ?

ਇਸ ਦਾ ਕਾਰਨ ਇਹ ਹੈ ਕਿ ਸਮੇਂ ਦੇ ਹਾਕਮ ਇਕ ਅਜਿਹੀ ਵਫ਼ਾਦਾਰ ਪੁਲੀਸ ਚਾਹੁੰਦੇ ਹਨ ਜੋ ਦੇਸ਼ ਦੇ ਕਾਨੂੰਨ ਦੀ ਬਜਾਏ ਚੁੱਪ ਚਾਪ ਉਨ੍ਹਾਂ ਦੀ ਫਰਮਾਬਰਦਾਰੀ ਕਰਦੀ ਹੋਵੇ। ਕੇਂਦਰ ਸਰਕਾਰ ਨੇ ਢੇਰ ਸਾਰੀਆਂ ਜਾਂਚ ਏਜੰਸੀਆਂ ਦਾ ਗਠਨ ਕਰ ਕੇ ਅਤੇ ਆਪਣੇ ਪਸੰਦੀਦਾ ਕੇਸਾਂ ਦੀ ਪੁਣਛਾਣ ਕਰਵਾਉਣ ਦੀ ਨੀਤੀ ਰਾਹੀਂ ਸੂਬਾਈ ਜਾਂਚ ਏਜੰਸੀਆਂ ਨੂੰ ਕਮਜ਼ੋਰ ਕੀਤਾ ਹੈ। ਸੂਬਾਈ ਸਰਕਾਰਾਂ ਨੇ ਵੀ ਪੁਲੀਸ ਦੇ ਅੰਦਰੂਨੀ ਪ੍ਰਸ਼ਾਸਨ ਵਿਚ ਸਿੱਧੀ ਦਖ਼ਲਅੰਦਾਜ਼ੀ ਕਰ ਕੇ ਅਤੇ ਨਕਾਰਾ ਅਫ਼ਸਰਾਂ ਨੂੰ ਪ੍ਰਮੁੱਖ ਅਹੁਦਿਆਂ 'ਤੇ ਬਿਠਾ ਕੇ ਇਸ ਨੂੰ ਬਹੁਤ ਜ਼ਿਆਦਾ ਨੁਕਸਾਨ ਪਹੁੰਚਾਇਆ ਹੈ। ਪੁਲੀਸ ਸਟੇਸ਼ਨਾਂ ਵਿਚ ਅਜਿਹੀਆਂ ਤਾਕਤਾਂ ਦੀ ਹੀ ਤੂਤੀ ਬੋਲਦੀ ਹੈ। ਕਹਿਣ ਦੀ ਲੋੜ ਨਹੀਂ ਹੈ ਕਿ ਆਜ਼ਾਦੀ ਦੇ ਸਮੇਂ ਦੇ ਮੁਕਾਬਲੇ ਕਿਤੇ ਵੱਧ ਆਬਾਦੀ ਹੋਣ ਕਰ ਕੇ ਆਧੁਨਿਕ ਭਾਰਤ ਦੀਆਂ ਵਧਦੀਆਂ ਲੋੜਾਂ ਦੇ ਮੱਦੇਨਜ਼ਰ ਬਿਹਤਰ ਅਤੇ ਵਧੇਰੇ ਪੇਸ਼ੇਵਰ ਤੇ ਵਿਸ਼ੇਸ਼ੀਕ੍ਰਿਤ ਬਲਾਂ ਦੀ ਲੋੜ ਹੈ, ਮਿਸਾਲ ਦੇ ਤੌਰ 'ਤੇ ਸਾਇਬਰ ਅਪਰਾਧ। ਪਰ ਇਸ ਦੀ ਕੁੰਜੀ ਪੇਸ਼ੇਵਰ ਏਜੰਸੀਆਂ ਵਿਚ ਪਈ ਹੈ ਜਿੱਥੇ ਸਿਆਸੀ ਨਿਗਰਾਨੀ ਘੱਟ ਹੁੰਦੀ ਹੈ ਅਤੇ ਸੂਬਾਈ ਅਤੇ ਕੇਂਦਰੀ ਸਹਿਯੋਗ ਦੇ ਉੱਚ ਮਿਆਰ ਸਥਾਪਤ ਕੀਤੇ ਜਾਂਦੇ ਹਨ।

ਪੁਲੀਸ ਸੁਧਾਰਾਂ ਜਾਂ ਅਪਰਾਧ ਜਾਂ ਅਮਨ ਕਾਨੂੰਨ ਨਾਲ ਸਬੰਧਤ ਸਾਰੇ ਪਹਿਲੂਆਂ ਨੂੰ ਜੋੜਨ ਵਾਲੀ ਇਕ ਸਾਂਝੀ ਤੰਦ ਹੈ ਸਿਆਸੀ ਨਿਜ਼ਾਮ। ਜਦੋਂ ਤੱਕ ਇਨ੍ਹਾਂ ਨੂੰ ਸੁਧਾਰਨ ਲਈ ਅਤੇ ਪੁਲੀਸ ਦੇ ਕੰਮਕਾਜ ਵਿਚ ਅੰਦਰੂਨੀ ਦਖ਼ਲਅੰਦਾਜ਼ੀ ਖਤਮ ਕਰਨ ਲਈ ਸਿਆਸੀ ਇੱਛਾ ਸ਼ਕਤੀ ਨਹੀਂ ਹੋਵੇਗੀ ਉਦੋਂ ਤੱਕ ਹਾਲਾਤ ਬਦਤਰ ਹੀ ਹੁੰਦੇ ਜਾਣਗੇ। ਇੱਥੋਂ ਤੱਕ ਕਿ ਪੁਲੀਸ ਸੁਧਾਰਾਂ ਲਈ ਉਚੇਰੀ ਨਿਆਂਪਾਲਿਕਾ ਦੇ ਆਦੇਸ਼ ਵੀ ਨੌਕਰਸ਼ਾਹੀ ਦੀਆਂ ਨੁੱਕਰਾਂ ਵਿਚ ਗੁਆਚ ਕੇ ਰਹਿ ਜਾਂਦੇ ਹਨ। ਸਾਡੀ ਸ਼ਾਸਨ ਪ੍ਰਣਾਲੀ ਵਿਚ ਸਿਰਮੌਰ ਸ਼ਕਤੀ ਚੁਣੀ ਹੋਈ ਸਿਆਸੀ ਪਾਰਟੀ ਦੇ ਹੱਥਾਂ ਵਿਚ ਹੁੰਦੀ ਹੈ। ਇਹ ਕਹਿਣ ਦੀ ਲੋੜ ਨਹੀਂ ਕਿ ਇਹ ਤਾਕਤ ਬੇਲਗਾਮ ਨਹੀਂ ਹੁੰਦੀ ਕਿਉਂਕਿ ਸੰਵਿਧਾਨ ਅਤੇ ਦੇਸ਼ ਦੇ ਕਾਨੂੰਨਾਂ ਵਿਚ ਸ਼ਾਸਨ ਲਈ ਵਿਸ਼ੇਸ਼ ਦਿਸ਼ਾ-ਨਿਰਦੇਸ਼ ਤੈਅ ਕੀਤੇ ਗਏ ਹਨ। ਸਭ ਤੋਂ ਵਧ ਕੇ ਇਹ ਕਿ ਸੱਤਾਧਾਰੀ ਪਾਰਟੀਆਂ ਦੀ ਚੋਣ ਲੋਕਾਂ ਵਲੋਂ ਕੀਤੀ ਜਾਂਦੀ ਹੈ ਅਤੇ ਲੋਕ ਸ਼ਾਂਤੀ ਅਤੇ ਨਿਆਂਪੂਰਨ ਪ੍ਰਸ਼ਾਸਨ ਚਾਹੁੰਦੇ ਹਨ। ਕੀ ਲੋਕਾਂ ਨੂੰ ਸੁਧਾਰਾਂ ਅਤੇ ਨਿਆਂ ਲਈ ਸੜਕਾਂ 'ਤੇ ਨਿਕਲਣਾ ਪਵੇਗਾ ? ਆਸ ਹੈ ਕਿ ਚੁਣੀਆਂ ਹੋਈਆਂ ਸਰਕਾਰਾਂ ਸੜਕ ਦੇ ਇਸ ਸੰਦੇਸ਼ ਨੂੰ ਸਮਝਣਗੀਆਂ।

# ਪੁਰਾਣੀ ਪੈਨਸ਼ਨ ਯੋਜਨਾ ਲਾਗੂ ਨਾ ਹੋਣ ਕਾਰਨ ਵਿਧਾਇਕਾਂ ਨੂੰ ਕਾਰਨ ਦੱਸੋ ਨੋਟਿਸ

## 30 ਤੱਕ ਨੋਟਿਸ ਦਾ ਜਵਾਬ ਨਾ ਮਿਲਣ 'ਤੇ ਫਰੰਟ ਵੱਲੋਂ ਮੁੱਖ ਮੰਤਰੀ ਦੇ ਸ਼ਹਿਰ 'ਚ ਮੋਰਚੇ ਦੀ ਚਿਤਾਵਨੀ



ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਪੁੱਤਰ ਨੂੰ ਨੋਟਿਸ ਸੌਂਪਦੇ ਹੋਏ ਫਰੰਟ ਦੇ ਆਗੂ।

**ਪਾਤੜਾਂ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਅੱਜ ਪਾਤੜਾਂ ਵਿੱਚ ਐਨਪੀਐੱਸ ਮੁਲਾਜ਼ਮਾਂ ਦੇ ਵੱਡੇ ਇਕੱਠ ਨਾਲ ਮਾਰਚ ਕਰ ਕੇ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਨਾਂ 'ਕਾਰਨ ਦੱਸੋ ਨੋਟਿਸ' ਜਾਰੀ ਕੀਤਾ ਗਿਆ ਜਿਸ ਨੂੰ ਵਿਧਾਇਕ ਦੇ ਪੁੱਤਰ ਹਰਜੀਤ ਸਿੰਘ ਨੇ ਪ੍ਰਾਪਤ ਕੀਤਾ। ਫਰੰਟ ਦੇ ਸੂਬਾ ਕਨਵੀਨਰ ਅਤਿੰਦਰਪਾਲ ਸਿੰਘ, ਜ਼ਿਲ੍ਹਾ ਪ੍ਰੈਸ ਸੱਕਤਰ ਜਗਤਾਰ ਰਾਮ, ਡੀਟੀਐੱਫ ਦੇ ਜ਼ਿਲ੍ਹਾ ਸੱਕਤਰ ਜਸਪਾਲ ਚੌਧਰੀ ਤੇ ਬਲਾਕ ਪ੍ਰਧਾਨ ਰਾਜੀਵ ਕੁਮਾਰ ਨੇ ਦੱਸਿਆ ਕਿ 'ਆਪ' ਸਰਕਾਰ ਪੁਰਾਣੀ ਪੈਨਸ਼ਨ ਲਾਗੂ ਕਰਨ ਦੇ ਆਪਣੇ ਚੋਣ ਵਾਅਦੇ ਤੋਂ ਭੱਜ ਰਹੀ ਹੈ। ਉਨ੍ਹਾਂ ਦੱਸਿਆ ਕਿ 'ਆਪ' ਸਰਕਾਰ ਦੇ ਢਾਈ ਸਾਲ ਬੀਤਣ ਦੇ ਬਾਵਜੂਦ ਕਿਸੇ ਮੁਲਾਜ਼ਮ ਦਾ ਜੀਪੀਐੱਫ ਖਾਤਾ ਨਹੀਂ ਖੁੱਲ੍ਹਿਆ ਸਗੋਂ ਨਵੀਆਂ ਭਰਤੀਆਂ 'ਤੇ ਵੀ ਐੱਨਪੀਐੱਸ ਸਕੀਮ ਲਾਗੂ ਕੀਤੀ ਜਾ ਰਹੀ ਹੈ। 'ਆਪ' ਸਰਕਾਰ ਵੱਲੋਂ 18 ਨਵੰਬਰ 2022 ਨੂੰ ਜਾਰੀ ਕੀਤਾ ਪੁਰਾਣੀ ਪੈਨਸ਼ਨ ਦਾ ਨੋਟੀਫਿਕੇਸ਼ਨ ਇੱਕ ਕਾਗਜ਼ੀ ਜੁਮਲਾ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਹੈ ਕਿ ਇਸ ਨੋਟਿਸ ਦਾ ਕੋਈ ਸਪੱਸ਼ਟੀਕਰਨ 30 ਸਤੰਬਰ ਤੱਕ ਜਾਰੀ ਨਾ ਹੋਣ ਦੀ ਸੂਰਤ ਵਿੱਚ 1 ਤੋਂ 3 ਅਕਤੂਬਰ ਤੱਕ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿੱਚ ਪੈਨਸ਼ਨ ਪ੍ਰਾਪਤੀ ਮੋਰਚਾ ਲਗਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਸੱਕਤਰ ਬਲਜਿੰਦਰ ਘੱਗਾ, ਬਲਵਿੰਦਰ ਸਿੰਘ, ਬਖਸ਼ੀਸ਼ ਸਿੰਘ, ਸਤੀਸ਼ ਕੁਮਾਰ, ਰਾਮ ਕੁਮਾਰ ਤੇ ਸੁਨੀਲ ਕੁਮਾਰ ਆਦਿ ਹਾਜ਼ਰ ਸਨ। ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਵੱਲੋਂ ਅੱਜ ਲਹਿਰਾਗਾਗਾ ਵਿੱਚ ਐੱਨਪੀਐੱਸ ਮੁਲਾਜ਼ਮਾਂ ਦੇ ਇਕੱਠ ਨਾਲ ਹਲਕਾ ਵਿਧਾਇਕ ਬਰਿੰਦਰ ਗੋਇਲ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ। ਇਸ ਮੌਕੇ ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ ਦੇ ਜ਼ਿਲ੍ਹਾ ਕੋ-ਕਨਵੀਨਰ ਖੁਸ਼ਦੀਪ ਸਿੰਘ ਅਤੇ ਮਨਜੀਤ ਸਿੰਘ, ਜ਼ਿਲ੍ਹਾ ਕਮੇਟੀ ਮੈਂਬਰ ਪ੍ਰਦੀਪ ਬਾਂਸਲ, ਡੀਟੀਐੱਫ ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਗਿਰ, ਡੀਟੀਐੱਫ ਲਹਿਰਾਗਾਗਾ ਬਲਾਕ ਪ੍ਰਧਾਨ ਮਨੋਜ ਕੁਮਾਰ, ਹਰਪ੍ਰੀਤ ਖਾਈ, ਸੁਖਵਿੰਦਰ ਖਾਈ, ਗੁਰਪਿਆਰ ਸਿੰਘ, ਅਸ਼ਵਨੀ ਕੁਮਾਰ, ਤਰੁਣ ਕੁਮਾਰ, ਰਤਨ ਕੁਮਾਰ ਤੇ ਰਮਨ ਗੋਇਲ ਆਦਿ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਨੂੰ ਪੈਨਸ਼ਨ ਦੇਣ ਤੋਂ ਇਨਕਾਰੀ ਹੈ ਜਿਸ ਖ਼ਿਲਾਫ਼ ਸਰਕਾਰ ਵਿਰੁੱਧ ਰੋਸ ਹੈ। ਇਸੇ ਕਰਕੇ ਮੁਲਾਜ਼ਮਾਂ ਨੇ ਕਾਰਨ ਦੱਸੋ ਨੋਟਿਸ ਦੇਣ ਸਮੇਂ ਭਰਵੀਂ ਸ਼ਮੂਲੀਅਤ ਕੀਤੀ।

# ਵਿੱਤੀ ਸਾਲ 2024-25 ਦੌਰਾਨ ਉਦਯੋਗਿਕ ਨਿਤੀ-2017 ਅਧੀਨ ਐਫ.ਸੀ.ਆਈ ਵੈਰੀਫਿਕੇਸ਼ਨ ਐਂਡ ਬਿਜਲੀ ਡਿਊਟੀ ਛੋਟ ਲਈ ਪੰਜ ਉਦਯੋਗਿਕ ਯੂਨਿਟਾਂ ਨੂੰ ਦਿੱਤੀ ਜਾ ਚੁੱਕੀ ਹੈ ਪ੍ਰਵਾਨਗੀ: ਡਾ ਪੱਲਵੀ

**ਮਲੇਰਕੋਟਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਜ਼ਿਲ੍ਹਾ ਮਾਲੇਰਕੋਟਲਾ ਸੱਭਿਆਚਾਰਕ, ਸਮਾਜਿਕ, ਉਦਯੋਗਿਕ ਭਾਈਵਾਲਤਾ ਦੇ ਨਾਲ ਕਾਰੋਬਾਰ, ਵਪਾਰ ਅਤੇ ਬੁਨਿਆਦੀ ਢਾਂਚੇ ਨੂੰ ਵਿਕਸਿਤ ਕਰਨ ਦੀ ਮਨਸਾ ਰੱਖਦਾ ਹੈ । ਜ਼ਿਲ੍ਹੇ ਵਿੱਚ ਉਦਯੋਗਿਕ ਨਿਤੀ 2017 ਤਹਿਤ ਵਿੱਤੀ ਸਾਲ 2024-25 ਦੌਰਾਨ ਜ਼ਿਲ੍ਹੇ ਵਿੱਚ 05 ਉਦਯੋਗਿਕ ਯੂਨਿਟਾਂ ਨੂੰ ਐਫ.ਸੀ.ਆਈ ਵੈਰੀਫਿਕੇਸ਼ਨ ਐਂਡ ਬਿਜਲੀ ਡਿਊਟੀ ਛੋਟ ਦੇ ਕੇ ਉਦਯੋਗਿਕ ਵਿਕਾਸ ਨੂੰ ਪ੍ਰੋਤਸਾਹਿਤ ਕੀਤਾ ਗਿਆ ਹੈ। ਹੁਣ ਤੱਕ ਇਸ ਸਕੀਮ ਤਹਿਤ ਜ਼ਿਲ੍ਹੇ ਵਿੱਚ 98 ਕਰੋੜ 86 ਲੱਖ ਰੁਪਏ ਤੋਂ ਵੱਧ ਤੇ ਨਿਵੇਸ਼ ਨਾਲ ਉਦਯੋਗਿਕ ਗਤੀਵਿਧੀਆਂ ਨੂੰ ਹੁਲਾਰਾ ਮਿਲਿਆ ਹੈ। ਇਸ ਗੱਲ ਦੀ ਜਾਣਕਾਰੀ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਜ਼ਿਲ੍ਹੇ ਦੇ ਦੋ ਨਵੀਆਂ ਉਦਯੋਗਿਕ ਇਕਾਈਆਂ ਨੂੰ ਪ੍ਰਵਾਨਗੀ ਦੇਣ ਮੌਕੇ ਕੀਤੇ । ਉਨ੍ਹਾਂ ਦੱਸਿਆ ਕਿ ਇਨਾਂ ਦੋ ਉਦਯੋਗਿਕ ਇਕਾਕੀਆਂ ਨਾਲ ਜ਼ਿਲ੍ਹੇ ਵਿੱਚ 01 ਕਰੋੜ 96 ਲੱਖ 86 ਹਜਾਰ ਰੁਪਏ ਦਾ ਉਦਯੋਗਿਕ ਨਿਵੇਸ ਨੂੰ ਹੁਲਾਰਾ ਮਿਲਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਦੋਵੇ ਉਦਯੋਗਿਕ ਯੂਨਿਟਾਂ ਦੇ ਸਥਾਪਿਤ ਹੋਣ ਨਾਲ ਜ਼ਿਲ੍ਹੇ ਦੇ ਕਰੀਬ 35 ਉਦਮੀਆਂ ਨੂੰ ਰੋਜਗਾਰ ਦੇ ਮੌਕੇ ਮਿਲਣਗੇ ਅਤੇ ਜ਼ਿਲ੍ਹੇ ਦੀ ਅਰਥ ਵਿਵਸਥਾ ਨੂੰ ਮਜਬੂਤੀ ਮਿਲੇਗੀ। ਜ਼ਿਲ੍ਹੇ ਦੇ ਬੇਰੁਜਗਾਰਾਂ ਨੂੰ ਸਿੱਧੇ ਅਤੇ ਅਸਿੱਧੇ ਤੌਰ ਤੇ ਰੋਜ਼ਗਾਰ ਦੇ ਮੌਕੇ ਮਿਲਣਗੇ ।

ਪੰਜਾਬ ਸਰਕਾਰ ਵੱਲੋਂ ਬੇਰੁਜ਼ਗਾਰੀ ਦਾ ਖ਼ਾਤਮਾ ਕਰਨ ਅਤੇ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰਨ ਵਾਸਤੇ ਵੱਖ-ਵੱਖ ਉਦਯੋਗਾਂ ਲਈ ਨਿਵੇਸ਼ ਕਰਨ ਵਾਸਤੇ ਮਨਜ਼ੂਰੀਆਂ ਜਾਰੀ ਕੀਤੀਆਂ ਜਾ ਰਹੀਆਂ ਹਨ ਇਸੇ ਤਹਿਤ ਮਾਲੇਰਕੋਟਲਾ ਜ਼ਿਲ੍ਹੇ ਵਿੱਚ ਮੈਸ.ਚੌਧਰੀ ਰੋਲਜ਼ ਕਾਰਪੋਰੇਸ਼ਨ ਮਾਂਦੇਵੀ ਰੋਡ ਅਤੇ ਮੈਸ.ਸ਼ਿਵਮ ਇੰਡਕਸ਼ਨ ਪਿੰਡ ਰਟੋਲਾ ਨੂੰ ਉਦਯੋਗਿਕ ਨਿਤੀ-2017 ਅਧੀਨ ਆਈ.ਸੀ.ਏ.ਐਫ ਵੈਰੀਫਿਕੇਸ਼ਨ ਐਂਡ ਬਿਜਲੀ ਡਿਊਟੀ ਛੋਟ ਦੀ ਪ੍ਰਵਾਨਗੀ ਦਿੱਤੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਉਦਯੋਗ ਸਥਾਪਿਤ ਹੋਣ ਨਾਲ ਜਿੱਥੇ ਕਾਰੋਬਾਰ, ਵਪਾਰ ਅਤੇ ਬੁਨਿਆਂਦੀ ਢਾਂਚੇ ਦਾ ਵਿਕਾਸ ਹੋਵੇਗਾ, ਉੱਥੇ ਜ਼ਿਲ੍ਹੇ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮਿਲਣਗੇ ।

ਜ਼ਿਲ੍ਹੇ ਵਿੱਚ ਉਦਯੋਗ ਲਗਾਉਣ ਦੇ ਚਾਹਵਾਨ ਵਿਅਕਤੀਆਂ ਨੂੰ ਅਪੀਲ ਕੀਤੀ ਕਿ ਇਸ ਨਿਤੀ ਤਹਿਤ ਦਿੱਤੀ ਜਾ ਰਹੀ ਸੁਵਿਧਾ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਕਿਹਾ ਕਿ ਜੇਕਰ ਉਦਯੋਗ ਸਥਾਪਤ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਪੇਸ਼ ਆਉਂਦੀ ਹੈ ਤਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ।

ਉਨ੍ਹਾਂ ਜ਼ਿਲ੍ਹਾ ਉਦਯੋਗ ਕੇਂਦਰ ਦੇ ਜਨਰਲ ਮੈਨੇਜਰ ਅਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਕਿ ਨਵੇਂ ਉਦਯੋਗ ਸਥਾਪਤ ਹੋਣ ਮੌਕੇ ਇਸ ਗੱਲ ਨੂੰ ਯਕੀਨੀ ਬਣਾਇਆ ਜਾਵੇ ਕਿ ਇਕਾਈ ਵੱਲੋਂ ਲੋੜੀਂਦੀਆਂ ਸ਼ਰਤਾਂ ਪੂਰੀਆਂ ਕੀਤੀਆਂ ਜਾਣ ਤਾਂ ਜੋ ਸਰਕਾਰ ਵੱਲੋਂ ਦਿੱਤੀ ਜਾ ਰਹੀ ਇਸ ਸੁਵਿਧਾ ਨਾਲ ਵੱਧ ਤੋਂ ਵੱਧ ਉਦਯੋਗ ਸਥਾਪਤ ਕਰਕੇ ਬੇਰੁਜ਼ਗਾਰੀ ਦਾ ਖ਼ਾਤਮਾ ਕੀਤਾ ਜਾ ਸਕੇ ।

ਵਧੇਰੇ ਜਾਣਕਾਰੀ ਲਈ ਜਨਰਲ ਮੈਨੇਜਰ,ਜ਼ਿਲ੍ਹਾ ਉਦਯੋਗ ਕੇਂਦਰ,ਮਾਲੇਰਕੋਟਲਾ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸੁਖਪ੍ਰੀਤ ਸਿੰਘ ਸਿੱਧੂ,ਜ਼ਿਲ੍ਹਾ ਉਦਯੋਗ ਕੇਂਦਰ ਦੇ ਜਨਰਲ ਮੈਨੇਜਰ ਮਨਿੰਦਰ ਸਿੰਘ,ਐਕਸ਼ੀਅਨ ਪੀ.ਐਸ.ਪੀ.ਸੀ.ਐਲ ਇੰਜ. ਹਰਵਿੰਦਰ ਸਿੰਘ, ਸ੍ਰੀ ਜਗਦੇਵ ਸ਼ਰਮਾ, ਐਲ.ਡੀ. ਐਮ. ਰਾਜੇਸ਼ ਕੁਮਾਰ,ਰੋਮਿਲ ਬਾਂਸਲ ਤੋਂ ਇਲਾਵਾ ਜ਼ਿਲ੍ਹਾ ਪੱਧਰੀ ਕਮੇਟੀ ਦੇ ਮੈਂਬਰ ਅਤੇ ਉਦਯੋਗਿਕ ਇਕਾਈਆਂ ਦੇ ਨੁਮਾਇੰਦੇ ਮੌਜੂਦ ਸਨ ।

# ਪਰਾਲੀ ਦੀ ਸਾਂਭ-ਸੰਭਾਲ ਸਬੰਧੀ ਕਲੱਸਟਰ ਅ.ਫਸਰਾਂ ਅਤੇ ਬਲਾਕ ਅਫਸਰਾਂ ਨੂੰ ਉਨਤ ਕਿਸਾਨ ਐਪ ਦੀ ਦਿੱਤੀ ਗਈ ਸਿਖਲਾਈ



**ਫਾਜ਼ਿਲਕਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਦੀ ਸੁਯੋਗ ਢੰਗ ਨਾਲ ਸਾਂਭ-ਸੰਭਾਲ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਵਧੀਕ ਡਿਪਟੀ ਕਮਿਸ਼ਨਰ (ਵਿ) ਅਮਰਿੰਦਰ ਸਿੰਘ ਮੱਲੀ ਵੱਲੋਂ ਕਲਸਟਰ ਅਫਸਰਾਂ ਅਤੇ ਨੋਡਲ ਅਫਸਰਾਂ ਨੂੰ ਐਪ ਦੀ ਵਰਤੋਂ ਕਰਨ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਸ ਮੋਬਾਈਲ ਐਪ ਨੂੰ ਪਲੇਅ ਸਟੋਰ ਤੋਂ ਡਾਉਨਲੋਡ ਕੀਤਾ ਜਾ ਸਕਦਾ ਹੈ ਤੇ ਆਪਣੇ ਆਪ ਨੂੰ ਰਜਿਸਟਰ ਕਰਕੇ ਖੇਤੀ ਮਸ਼ੀਨਰੀ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਐਪ ਬਣਾਉਣ ਦਾ ਮੁੱਖ ਉਦੇਸ਼ ਝੋਨੇ ਦੀ ਪਰਾਲੀ ਪ੍ਰਬੰਧਨ ਲਈ ਮੌਜੂਦ ਖੇਤੀ ਮਸ਼ੀਨਰੀ ਦੀ ਮੈਪਿੰਗ ਕਰਨਾ ਹੈ ਤਾਂ ਜੋ ਹਰ ਇੱਕ ਮਸ਼ੀਨ ਨੂੰ ਹਰ ਇੱਕ ਕਿਸਾਨ ਨਾਲ ਜੋੜਿਆ ਜਾ ਸਕੇ। ਇਸ ਐਪ ਰਾਹੀਂ ਕਿਸਾਨ ਆਪਣੇ ਜ਼ਿਲ੍ਹੇ ਵਿੱਚ ਮੌਜੂਦ ਪਰਾਲੀ ਪ੍ਰਬੰਧਨ ਸਬੰਧੀ ਲੋੜੀਂਦੀ ਖੇਤੀ ਮਸ਼ੀਨਰੀ ਦੀ ਬੁਕਿੰਗ ਕਰ ਸਕਦਾ ਹੈ। ਇਸ ਤੋਂ ਇਲਾਵਾ ਕਿਸਾਨ ਪਿੰਡ ਪੱਧਰ *ਤੇ ਨੋਡਲ ਅਫ਼ਸਰ ਰਾਹੀਂ ਵੀ ਖੇਤੀ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਸਮੂਹ ਨੋਡਲ ਅਫਸਰਾਂ ਨੂੰ ਸਿਖਲਾਈ ਦੇਣ ਦਾ ਉਦੇਸ਼ ਹੈ ਕਿ ਉਹ ਅੱਗੇ ਜਾ ਸਕੇ ਇਸ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰ ਸਕਣ। ਉਨ੍ਹਾਂ ਦੱਸਿਆ ਕਿ ਇਸ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਅਤੇ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਮੰਗ ਅਨੁਸਾਰ ਆਪਣੇ ਸੰਦ ਲੈ ਸਕਦੇ ਹਨ।

# ਆਯੁਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ: ਪੰਜਾਬ ਦੇ ਸਿਹਤ ਮੰਤਰੀ ਵੱਲੋਂ ਸਟੇਟ ਹੈਲਥ ਏਜੰਸੀ ਨੂੰ ਸੂਚੀਬੱਧ ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਦੇ ਨਿਰਦੇਸ਼

> ➢ ਦਾਅਵਿਆਂ ਸਬੰਧੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ ਮੈਡੀਕਲ ਪੇਸ਼ੇਵਰ ਭਰਤੀ ਕਰਨ ਦੇ ਵੀ ਹੁਕਮ ➢ ਇਸ ਬੀਮਾ ਸਕੀਮ ਅਧੀਨ ਵੱਧ ਤੋਂ ਵੱਧ ਵਿਅਕਤੀਆਂ ਦਾ ਨਾਮ ਦਰਜ ਕਰੋ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਵਾਂਝਾ ਨਾ ਰਹੇ ਸਕੇ: ਡਾ. ਬਲਬੀਰ ਸਿੰਘ

**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਕੀਮ ਤਹਿਤ ਸੂਚੀਬੱਧ ਹਸਪਤਾਲਾਂ ਨੂੰ ਸਮੇਂ ਸਿਰ ਭੁਗਤਾਨ ਯਕੀਨੀ ਬਣਾਉਣ ਸਬੰਧੀ ਅਹਿਮ ਕਦਮ ਵਜੋਂ, ਸਟੇਟ ਹੈਲਥ ਏਜੰਸੀ (ਐਸਐਚਏ) ਵੱਲੋਂ ਦਾਅਵਿਆਂ ਸਬੰਧੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣ ਲਈ ਮੈਡੀਕਲ ਪੇਸ਼ੇਵਰ ਨਿਯੁਕਤ ਕੀਤੇ ਜਾਣਗੇ। ਇਹ ਜਾਣਕਾਰੀ ਅੱਜ ਇੱਥੇ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦਿੱਤੀ।

ਸਿਹਤ ਮੰਤਰੀ ਅੱਜ ਇੱਥੇ ਸਟੇਟ ਹੈਲਥ ਏਜੰਸੀ ਦੀ ਸਬ-ਕਮੇਟੀ ਨਾਲ ਪਾਲਿਸੀ ਸਬੰਧੀ ਮਾਮਲਿਆਂ, ਕਰਮਚਾਰੀਆਂ ਦੀ ਘਾਟ ਅਤੇ ਸਟੇਟ ਹੈਲਥ ਏਜੰਸੀ ਦੇ ਚੱਲ ਰਹੇ ਵੱਖ-ਵੱਖ ਮੁੱਦਿਆਂ 'ਤੇ ਚਰਚਾ ਕਰਨ ਲਈ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੀਟਿੰਗ ਵਿੱਚ ਪ੍ਰਸ਼ਾਸਨਿਕ ਸਕੱਤਰ ਸਿਹਤ ਕੁਮਾਰ ਰਾਹੁਲ, ਪੰਜਾਬ ਵਿਕਾਸ ਕਮਿਸ਼ਨ ਦੇ ਮੈਂਬਰ ਅਨੁਰਾਗ ਕੁੰਡੂ ਅਤੇ ਸਟੇਟ ਹੈਲਥ ਏਜੰਸੀ (ਐਸਐਚਏ) ਪੰਜਾਬ ਦੀ ਸੀਈਓ ਮਿਸ ਬਬੀਤਾ ਵੀ ਮੌਜੂਦ ਸਨ।

ਉਨ੍ਹਾਂ ਕਿਹਾ ਕਿ ਮੈਡੀਕਲ ਪੇਸ਼ੇਵਰਾਂ ਦੀ ਭਰਤੀ ਦਾ ਉਦੇਸ਼ ਦਾਅਵੇ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣਾ, ਦੇਰੀ ਨੂੰ ਘਟਾਉਣਾ ਅਤੇ ਸਮੁੱਚੀ ਕੁਸ਼ਲਤਾ ਵਿੱਚ ਸੁਧਾਰ ਕਰਨ ਦੇ ਨਾਲ ਨਾਲ ਕੰਮ ਦੇ ਮੌਜੂਦਾ ਬੋਝ ਨੂੰ ਘਟਾਉਣਾ ਅਤੇ ਦਾਅਵਿਆਂ ਦੇ ਮੁਲਾਂਕਣ ਵਿੱਚ ਲੱਗਣ ਵਾਲੀ ਦੇਰੀ ਨੂੰ ਘੱਟ ਕਰਨਾ ਹੈ।

ਸਿਹਤ ਮੰਤਰੀ ਨੇ ਕਿਹਾ ਕਿ ਇਹ ਭਰਤੀ ਮੁਹਿੰਮ ਯੋਗਤਾ ਪ੍ਰਾਪਤ ਮੈਡੀਕਲ ਪੇਸ਼ੇਵਰਾਂ 'ਤੇ ਕੇਂਦ੍ਰਤ ਕਰੇਗੀ ਜੋ ਦਾਅਵਿਆਂ ਦਾ ਪ੍ਰਭਾਵਸ਼ਾਲੀ ਢੰਗ ਨਾਲ ਮੁਲਾਂਕਣ ਅਤੇ ਇਸ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆ ਸਕਦੇ ਹਨ, ਜਿਸ ਨਾਲ ਸਿਹਤ ਸੰਭਾਲ ਪ੍ਰਦਾਤਾਵਾਂ ਨੂੰ ਤੁਰੰਤ ਅਦਾਇਗੀ ਕੀਤੀ ਜਾ ਸਕੇਗੀ। ਉਨ੍ਹਾਂ ਅੱਗੇ ਕਿਹਾ ਕਿ ਨਵ ਨਿਯੁਕਤ ਸਟਾਫ ਨੂੰ ਦਾਅਵਿਆਂ ਦੀ ਪ੍ਰਕਿਰਿਆ ਸਬੰਧੀ ਪ੍ਰੋਟੋਕੋਲ ਅਤੇ ਵਿਸ਼ੇਸ਼ ਲੋੜਾਂ 'ਤੇ ਕੇਂਦ੍ਰਤ ਵਿਆਪਕ ਸਿਖਲਾਈ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਦਾਅਵਿਆਂ ਦੀ ਪ੍ਰਕਿਰਿਆ ਵਿੱਚ ਸ਼ਾਮਲ ਸਾਰੇ ਮੌਜੂਦਾ ਸਟਾਫ ਨੂੰ ਵੀ ਸਿਖਲਾਈ ਦਿੱਤੀ ਜਾਵੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਵਧੀਆ ਅਭਿਆਸਾਂ ਅਤੇ ਪ੍ਰਕਿਰਿਆ ਤੋਂ ਜਾਣੂ ਹੋ ਸਕਣ। ਉਨ੍ਹਾਂ ਅੱਗੇ ਕਿਹਾ ਕਿ ਇਸ ਨਾਲ ਸੇਵਾਵਾਂ ਦੇ ਉੱਚ ਮਿਆਰਾਂ ਅਤੇ ਮੁਲਾਂਕਣਾਂ ਵਿੱਚ ਸਟੀਕਤਾ ਨੂੰ ਕਾਇਮ ਰੱਖਣ ਵਿੱਚ ਮਦਦ ਮਿਲੇਗੀ।

ਡਾ. ਬਲਬੀਰ ਸਿੰਘ ਨੇ ਸਬੰਧਤ ਅਧਿਕਾਰੀਆਂ ਨੂੰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਸੂਚੀਬੱਧ ਸਾਰੇ ਹਸਪਤਾਲਾਂ ਦੀਆਂ ਬਕਾਇਆ ਅਦਾਇਗੀਆਂ ਕਲੀਅਰ ਕਰਨ ਦੇ ਵੀ ਨਿਰਦੇਸ਼ ਦਿੱਤੇ। ਜ਼ਿਕਰਯੋਗ ਹੈ ਕਿ ਇਸ ਸਕੀਮ ਤਹਿਤ ਪੰਜਾਬ ਸਰਕਾਰ ਵੱਲੋਂ 1 ਅਪ੍ਰੈਲ, 2024 ਤੋਂ 15 ਸਤੰਬਰ ਤੱਕ 210 ਕਰੋੜ ਰੁਪਏ ਦੀ ਅਦਾਇਗੀ ਕੀਤੀ ਗਈ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਾਰੇ ਨਾਗਰਿਕਾਂ ਨੂੰ ਸਮੇਂ ਸਿਰ ਅਤੇ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਵੱਧ ਤੋਂ ਵੱਧ ਵਿਅਕਤੀਆਂ ਨੂੰ ਸ਼ਾਮਲ ਕਰਨ ਲਈ ਵਿਸ਼ੇਸ਼ ਮੁਹਿੰਮ ਸ਼ੁਰੂ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਕੋਈ ਵੀ ਯੋਗ ਲਾਭਪਾਤਰੀ ਇਸ ਤੋਂ ਵਾਂਝਾ ਨਾ ਰਹਿ ਸਕੇ।

ਇਹ ਸਕੀਮ ਸੂਬੇ ਭਰ ਦੇ 772 ਸਰਕਾਰੀ ਅਤੇ ਨਿੱਜੀ ਸੂਚੀਬੱਧ ਹਸਪਤਾਲਾਂ ਵਿੱਚ ਪ੍ਰਤੀ ਪਰਿਵਾਰ ਪ੍ਰਤੀ ਸਾਲ 5 ਲੱਖ ਰੁਪਏ ਤੱਕ ਦਾ ਨਕਦ ਰਹਿਤ ਇਲਾਜ ਪ੍ਰਦਾਨ ਕਰਦੀ ਹੈ। ਸਟੇਟ ਹੈਲਥ ਏਜੰਸੀ ਨੇ ਪੰਜਾਬ ਦੇ 45 ਲੱਖ ਤੋਂ ਵੱਧ ਪਰਿਵਾਰਾਂ ਨੂੰ ਇਸ ਸਕੀਮ ਦਾ ਲਾਭ ਦੇਣ ਲਈ 84.44 ਲੱਖ ਕਾਰਡ ਜਾਰੀ ਕੀਤੇ ਹਨ, ਜਿੰਨ੍ਹਾਂ ਵਿੱਚ ਗੋਡੇ ਬਦਲਣ, ਦਿਲ ਦੀਆਂ ਬਿਮਾਰੀਆਂ ਸਬੰਧੀ ਸਰਜਰੀ, ਕੈਂਸਰ ਦੇ ਇਲਾਜ ਆਦਿ ਸਮੇਤ ਲਗਭਗ 1600 ਕਿਸਮਾਂ ਦੇ ਇਲਾਜ ਕਰਵਾਉਣ ਦੀ ਸਹੂਲਤ ਹੈ।

ਇਸ ਸਕੀਮ ਦਾ ਲਾਭ ਲੈਣ ਵਾਲਿਆਂ ਵਿੱਚ ਐਨਐਫਐਸਏ ਕਾਰਡ ਧਾਰਕ, ਜੇ-ਫਾਰਮ-ਧਾਰਕ ਕਿਸਾਨ, ਰਜਿਸਟਰਡ ਮਜ਼ਦੂਰ, ਰਜਿਸਟਰਡ ਛੋਟੇ ਵਪਾਰੀ, ਮਾਨਤਾ ਪ੍ਰਾਪਤ ਅਤੇ ਪੀਲੇ ਕਾਰਡ ਧਾਰਕ ਪੱਤਰਕਾਰ, ਅਤੇ 2011 ਦੇ ਸਮਾਜਿਕ-ਆਰਥਿਕ ਜਾਤੀ ਜਨਗਣਨਾ ਡੇਟਾ ਤਹਿਤ ਕਵਰ ਕੀਤੇ ਗਏ ਪਰਿਵਾਰ ਸ਼ਾਮਲ ਹਨ।

ਜ਼ਿਕਰਯੋਗ ਹੈ ਕਿ ਲਾਭਪਾਤਰੀ "ਆਯੂਸ਼ਮਾਨ ਐਪ" ਦੀ ਵਰਤੋਂ ਕਰਕੇ, ਵੈਬਸਾਈਟ "beneficiary.nha.gov.in" 'ਤੇ ਜਾ ਕੇ, ਜਾਂ ਆਪਣੇ ਨਜ਼ਦੀਕੀ ਆਸ਼ਾ ਵਰਕਰ ਜਾਂ ਸੂਚੀਬੱਧ ਹਸਪਤਾਲਾਂ ਤੱਕ ਪਹੁੰਚ ਕਰ ਕੇ ਆਸਾਨੀ ਨਾਲ ਆਪਣੇ ਕਾਰਡ ਪ੍ਰਾਪਤ ਕਰ ਸਕਦੇ ਹਨ।

# ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਵੱਲੋਂ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਤੇ ਪੋਲਿੰਗ ਸਟੇਸ਼ਨਾਂ ਦੀ ਰੈਸਨਲਾਈਜੇਸ਼ਨ ਸਬੰਧੀ ਸਿਆਸੀ ਪਾਰਟੀਆਂ ਨਾਲ ਮੀਟਿੰਗ

**ਫਤਹਿਗੜ੍ਹ ਸਾਹਿਬ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਮਿਤੀ 30 ਸਤੰਬਰ ਤੱਕ ਪੋਲਿੰਗ ਸਟੇਸ਼ਨਾਂ ਦੀ ਹੋਣ ਵਾਲੀ ਰੈਸ਼ਨੇਲਾਈਜੇਸ਼ਨ ਸਬੰਧੀ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ, ਜਿਸ ਵਿੱਚ ਉਨ੍ਹਾਂ ਦੱਸਿਆ ਕਿ ਭਾਰਤ ਦੇ ਚੋਣ ਕਮਿਸ਼ਨ ਵੱਲੋਂ ਇੱਕ ਪੋਲਿੰਗ ਸਟੇਸ਼ਨ 'ਤੇ 1500 ਵੋਟਾਂ ਹੋਣੀਆਂ ਨਿਸ਼ਚਿਤ ਕੀਤਾ ਗਿਆ ਹੈ। ਪਰ ਫਤਹਿਗੜ੍ਹ ਸਾਹਿਬ ਦੇ ਕਿਸੇ ਵੀ ਚੋਣ ਹਲਕੇ ਵਿੱਚ 1500 ਤੋਂ ਵੱਧ ਵੋਟਰਾਂ ਵਾਲਾ ਕੋਈ ਵੀ ਪੋਲਿੰਗ ਸਟੇਸ਼ਨ ਨਹੀਂ ਹੈ। ਇਸ ਲਈ ਕਿਸੇ ਵੀ ਹਲਕੇ ਵਿੱਚ ਕੋਈ ਵੀ ਨਵੀਂ ਪੋਲਿੰਗ ਸਟੇਸ਼ਨ ਨਹੀਂ ਬਣਾਇਆ ਜਾ ਰਿਹਾ ਹੈ।




ਰੈਸ਼ਨੇਲਾਈਜੇਸ਼ਨ ਸਬੰਧੀ ਰਾਜਨੀਤਿਕ ਪਾਰਟੀਆਂ ਵੱਲੋਂ ਸਹਿਮਤੀ ਪ੍ਰਗਟ ਕੀਤੀ ਗਈ।

ਡਾ.ਥਿੰਦ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ 54-ਬੱਸੀ ਪਠਾਣਾ (ਅ.ਜ) ਦੇ ਬੂਥ ਨੰ. 143 ਗਿਆਨੀ ਦਿੱਤ ਸਿੰਘ, ਸੀਨੀਅਰ ਸੈਕੰਡਰੀ ਸਕੂਲ, ਕਲੌੜ ਦੀ ਥਾਂ 'ਤੇ ਸਰਕਾਰੀ ਐਲੀਮੈਂਟਰੀ ਸਕੂਲ, ਕਲੌੜ ਦੀ ਤਜਵੀਜ ਰੱਖੀ ਗਈ ਹੈ, ਕਿਉਂਕਿ ਸੀਨੀਅਰ ਸੈਕੰਡਰੀ ਸਕੂਲ ਉਚਾਈ ਉੱਤੇ ਬਣਾਇਆ ਹੋਣ ਕਰ ਕੇ ਕਈ ਵੋਟਰਾਂ ਨੂੰ ਉੱਥੇ ਪੁੱਜਣ ਵਿੱਚ ਦਿੱਕਤ ਦਰਪੇਸ਼ ਹੁੰਦੀ ਹੈ।

ਇਸ ਦੇ ਨਾਲ ਹੀ ਪੋਲਿੰਗ ਬੂਥ ਦੀ ਇਮਾਰਤ ਦੀ ਹਾਲਤ ਦੇ ਮੱਦੇਨਜ਼ਰ ਬੂਥ ਨੰ.11 ਸਰਕਾਰੀ ਐਲੀਮੈਂਟਰੀ ਸਕੂਲ, ਖੇੜੀ ਦੀ ਥਾਂ 'ਤੇ ਸਰਕਾਰੀ ਮਿਡਲ ਸਕੂਲ, ਖੇੜੀ ਦੀ ਤਜਵੀਜ਼ ਰੱਖੀ ਗਈ ਹੈ।

ਜ਼ਿਲ੍ਹੇ ਅੰਦਰ 01-01-2025 ਦੀ ਯੋਗਤਾ ਦੇ ਆਧਾਰ 'ਤੇ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਦਾ ਕੰਮ ਸ਼ੁਰੂ ਹੋ ਚੁੱਕਿਆ ਹੈ। ਇਸ ਦੌਰਾਨ ਬੀ.ਐਲ.ਓਜ਼ 01 ਜਨਵਰੀ, 2025 ਨੂੰ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਹੋਣ ਵਾਲੇ ਵੋਟਰਾਂ ਦੀਆਂ ਨਵੀਆਂ ਵੋਟਾਂ ਬਣਾਉਣ ਲਈ ਫਾਰਮ ਨੰਬਰ 6 ਪ੍ਰਾਪਤ ਕਰਨਗੇ।

ਉਨ੍ਹਾਂ ਦੱਸਿਆ ਕਿ ਨਵੀਂ ਵੋਟ ਬਣਵਾਉਣ ਲਈ ਫਾਰਮ ਨੰ; 6, ਵੋਟ ਕਟਵਾਉਣ ਲਈ ਫਾਰਮ ਨੰਬਰ 7, ਕਿਸੇ ਵੀ ਪ੍ਰਕਾਰ ਦੀ ਦਰੁਸਤਗੀ, ਪਤਾ ਬਦਲਣ, ਡੁਪਲੀਕੇਟ ਸ਼ਨਾਖਤੀ ਕਾਰਡ ਬਨਵਾਉਣ, ਪੀ. ਡਬਲਯੂ.ਡੀ. ਮਾਰਕਿੰਗ ਲਈ ਫਾਰਮ ਨੰਬਰ 8 ਭਰਿਆ ਜਾਵੇਗਾ। ਇਸ ਤੋਂ ਇਲਾਵਾ ਐਨ.ਆਰ.ਆਈ. ਨਾਗਰਿਕ ਆਪਣੀ ਵੋਟ ਬਨਵਾਉਣ ਲਈ ਫਾਰਮ ਨੰਬਰ 6-ਏ ਵੀ ਭਰ ਕੇ ਦੇ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵੋਟਰ ਸੂਚੀਆਂ ਦੀ ਸਰਸਰੀ ਸੁਧਾਈ ਸਬੰਧੀ 9 ਨਵੰਬਰ, 10 ਨਵੰਬਰ, 23 ਨਵੰਬਰ ਤੇ 24 ਨਵੰਬਰ ਨੂੰ ਵਿਸ਼ੇਸ਼ ਕੈਂਪ ਵੀ ਲਗਾਏ ਜਾਣਗੇ। ਉਨ੍ਹਾਂ ਦੱਸਿਆ ਕਿ 29 ਅਕਤੂਬਰ, 2024 ਨੂੰ ਵੋਟਰ ਸੂਚੀਆਂ ਦੇ ਡਰਾਫਟ ਦੀ ਪ੍ਰਕਾਸ਼ਨਾ ਹੋਵੇਗੀ ਅਤੇ 29 ਅਕਤੂਬਰ ਤੋਂ 28 ਨਵੰਬਰ ਤੱਕ ਦਾਅਵੇ ਤੇ ਇਤਰਾਜਜ਼ ਦਾਖਲ ਕਰਵਾਏ ਜਾ ਸਕਦੇ ਹਨ। ਉਨ੍ਹਾਂ ਹੋਰ ਦੱਸਿਆ ਕਿ 06 ਜਨਵਰੀ, 2025 ਨੂੰ ਵੋਟਰ ਸੂਚੀਆਂ ਦੀ ਅੰਤਿਮ ਪ੍ਰਕਾਸ਼ਨਾ ਕਰਵਾਈ ਜਾਵੇਗੀ।

ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ(ਜ) ਸ੍ਰੀਮਤੀ ਇਸ਼ਾ ਸਿੰਗਲ, ਤਹਿਸੀਲਦਾਰ ਚੋਣਾਂ ਸ੍ਰੀਮਤੀ ਨਿਰਮਲਾ ਰਾਣੀ, ਆਮ ਆਦਮੀ ਪਾਰਟੀ ਦੇ ਰਜਵੰਤ ਸਿੰਘ, ਕਾਂਗਰਸ ਤੋਂ ਅਸ਼ੋਕ ਕੁਮਾਰ ਗੌਤਮ, ਬਹੁਜਨ ਸਮਾਜ ਪਾਰਟੀ ਤੋਂ ਮੋਹਣ ਸਿੰਘ ਭੱਟਮਾਜਰਾ ਹਾਜ਼ਰ ਸਨ।

# ਡਾ. ਬਲਜੀਤ ਕੌਰ ਨੇ ਸਮਾਜਿਕ ਸੁਰੱਖਿਆ ਵਿਭਾਗ ਦੇ 2 ਸਟੈਨੋਗ੍ਰਾਫਰ ਨੂੰ ਸੌਂਪੇ ਨਿਯੁਕਤੀ ਪੱਤਰ

## ਨਵ-ਨਿਯੁਕਤ ਸਟੈਨੋਗ੍ਰਾਫਰ ਨੂੰ ਦਿੱਤੀਆਂ ਸ਼ੁਭਕਾਮਨਾਵਾਂ ਅਤੇ ਪੂਰੇ ਸਮਰਪਣ ਤੇ ਤਨਦੇਹੀ ਨਾਲ ਲੋਕਾਂ ਦੀ ਸੇਵਾ ਕਰਨ ਲਈ ਪ੍ਰੇਰਿਆ



**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀ ਦੇਣ ਦੀ ਵਚਨਬੱਧਤਾ ਉਤੇ ਚੱਲਦਿਆਂ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ 2 ਸਟੈਨੋਗ੍ਰਾਫਰਾਂ ਨੂੰ ਆਪਣੇ ਪੰਜਾਬ ਸਿਵਲ ਸਕੱਤਰੇਤ ਸਥਿਤ ਦਫਤਰ, ਚੰਡੀਗੜ੍ਹ ਵਿਖੇ ਨਿਯੁਕਤੀ ਪੱਤਰ ਸੌਂਪੇ।

ਇਸ ਮੌਕੇ ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਇਮਾਨਦਾਰੀ ਨਾਲ ਕੰਮ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਇਹ ਵਿਭਾਗ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਦਾ ਹੈ।

ਇਸ ਲਈ ਮੁਲਾਜ਼ਮਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਹਮੇਸ਼ਾ ਸੇਵਾ ਭਾਵਨਾ ਨਾਲ ਡਿਊਟੀ ਨਿਭਾਉਣ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪੰਜਾਬੀਆਂ ਨਾਲ ਕੀਤੇ ਵਾਅਦੇ ਅਨੁਸਾਰ ਰੁਜਗਾਰ ਦੇ ਨਵੇਂ ਮੌਕੇ ਪ੍ਰਦਾਨ ਕਰ ਰਹੀ ਹੈ ਤਾਂ ਜੋ ਨੌਜਵਾਨਾਂ ਨੂੰ ਆਪਣੇ ਸੁਪਨੇ ਪੂਰੇ ਕਰਨ ਲਈ ਵਿਦੇਸ਼ਾਂ ਵਿੱਚ ਨਾ ਜਾਣਾ ਪਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਸੁਪਨੇ ਨੂੰ ਉਜਾਗਰ ਕਰਦਿਆਂ ਡਾ ਬਲਜੀਤ ਕੌਰ ਨੇ ਕਿਹਾ ਕਿ ਸਾਡੀ ਸੂਬਾ ਸਰਕਾਰ ਪੰਜਾਬ ਨੂੰ ÷ਰੰਗਲਾ ਪੰਜਾਬ÷ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰ ਰਹੀ ਹੈ।

ਇਸ ਮੌਕੇ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਸਪੈਸ਼ਲ ਸਕੱਤਰ ਸ੍ਰੀ ਕੇਸ਼ਵ ਹਿਗੋਨੀਆ, ਡਾਇਰੈਕਟਰ ਡਾ. ਸ਼ੇਨਾ ਅਗਰਵਾਲ ਅਤੇ ਸੁਪਰਡੈਂਟ ਬਲਰਾਜ ਕੌਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਪਰਾਲੀ ਖੇਤਾਂ 'ਚ ਮਿਲਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ 'ਚ ਹੁੰਦੇ ਵਾਧਾ : ਮੁੱਖ ਖੇਤੀਬਾੜੀ ਅ.ਫਸਰ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਪਟਿਆਲਾ ਜ਼ਿਲ੍ਹੇ ਵਿੱਚ ਲਗਾਤਾਰ ਕੈਂਪ ਲਗਾਏ ਜਾ ਰਹੇ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅ.ਫਸਰ ਪਟਿਆਲਾ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅੱਜ ਪਿੰਡ ਕਾਮੀ ਖ਼ੁਰਦ ਵਿਖੇ ਬਲਾਕ ਪੱਧਰੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ।

ਉਨ੍ਹਾਂ ਦੱਸਿਆ ਕਿ ਕੈਂਪ ਵਿਚ ਕਿਸਾਨਾਂ ਨੂੰ ਸਾਉਣੀ ਦੀ ਫ਼ਸਲ ਨੂੰ ਵੱਢਣ ਉਪਰੰਤ ਪਰਾਲੀ ਨੂੰ ਅੱਗ ਨਾ ਲਗਾ ਕੇ ਖੇਤਾਂ ਵਿਚ ਮਿਲਾਉਣ ਅਤੇ ਪਰਾਲੀ ਦੀਆਂ ਗੰਢਾਂ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੋ ਜ਼ਮੀਨ ਦੀ ਉਪਜਾਊ ਸ਼ਕਤੀ ਵਿਚ ਵਾਧਾ ਕਰਕੇ ਖਾਦਾਂ ਦੀ ਵਰਤੋਂ ਘਟਾਈ ਜਾ ਸਕੇ ਅਤੇ ਖੇਤੀ ਖ਼ਰਚੇ ਨੂੰ ਘਟਾ ਕੇ ਆਮਦਨੀ ਵਿਚ ਵਾਧਾ ਕੀਤਾ ਜਾ ਸਕੇ।

ਕੈਂਪ ਵਿਚ ਖੇਤੀਬਾੜੀ ਵਿਕਾਸ ਅਫ਼ਸਰ ਡਾ. ਰਸ਼ਪਿੰਦਰ ਸਿੰਘ, ਡਾ. ਸਿਕੰਦਰ ਸਿੰਘ, ਡਾ. ਗੁਰਮੇਲ ਸਿੰਘ, ਡਾ. ਅਮਨਪ੍ਰੀਤ ਸਿੰਘ ਸੰਧੂ, ਡਾ. ਅਮਨਦੀਪ ਕੌਰ ਅਤੇ ਬਲਾਕ ਘਨੌਰ ਦੇ ਖੇਤੀਬਾੜੀ ਵਿਕਾਸ ਅਫ਼ਸਰ ਡਾ. ਅਨੁਰਾਗ ਅੱਤਰੀ, ਡਾ. ਜ਼ਸਨੀਨ ਕੌਰ ਅਤੇ ਖੇਤੀਬਾੜੀ ਵਿਸਥਾਰ ਅਫ਼ਸਰ ਡਾ. ਸੰਜੀਵ ਕੁਮਾਰ ਅਤੇ ਡਾ. ਮਨਪ੍ਰੀਤ ਸਿੰਘ ਨੇ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਮਿੱਟੀ ਪਰਖ, ਬਿਮਾਰੀਆਂ ਦੀ ਰੋਕਥਾਮ, ਪੀ.ਐਮ.ਕਿਸਾਨ ਨਿਧੀ, ਖਾਦਾਂ ਦੀ ਸੁਚੱਜੀ ਵਰਤੋਂ ਅਤੇ ਫ਼ਸਲੀ ਵਿਭਿੰਨਤਾ ਸਬੰਧੀ ਕਿਸਾਨਾਂ ਨੂੰ ਤਕਨੀਕੀ ਜਾਣਕਾਰੀ ਦਿੱਤੀ।

ਇਸ ਕੈਂਪ ਦੌਰਾਨ ਖੇਤੀਬਾੜੀ ਵਿਭਾਗ ਦੇ ਬਲਜਿੰਦਰ ਸਿੰਘ ਏ.ਐਸ.ਆਈ. ਅਤੇ ਦਲਜੀਤ ਸਿੰਘ ਏ.ਟੀ.ਐਮ., ਬੇਲਦਾਰ ਮਨਜੋਤ ਸਿੰਘ, ਪਲਵਿੰਦਰ ਸਿੰਘ, ਗੁਰਦੀਪ ਸਿੰਘ ਅਤੇ ਸਰਵਜੀਤ ਸਿੰਘ ਨੇ ਭਾਗ ਲਿਆ। ਇਸ ਕੈਂਪ ਵਿਚ ਡਾ. ਅਨੁਰਾਗ ਅੱਤਰੀ ਨੇ ਕਿਸਾਨਾਂ ਨੂੰ ਮਸ਼ੀਨਾਂ ਉੱਪਰ ਦਿੱਤੀ ਜਾਣ ਵਾਲੀ ਸਬਸਿਡੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਰਾਲੀ ਪ੍ਰਬੰਧਨ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਦੱਸਿਆ ਅਤੇ ਅਪੀਲ ਕੀਤੀ ਕਿ ਕਿਸਾਨ ਇਸ ਕੰਮ ਵਿਚ ਖੇਤੀਬਾੜੀ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਸਹਿਯੋਗ ਦੇਣ। ਇਸ ਕੈਂਪ ਵਿਚ ਨਰ ਸਿੰਘ, ਸਰਦੂਲ ਸਿੰਘ, ਗੁਰਜੰਟ ਸਿੰਘ, ਨਰਿੰਦਰ ਸਿੰਘ, ਗੁਰਮੇਲ ਸਿੰਘ ਅਤੇ ਲਗਭਗ 105 ਕਿਸਾਨਾਂ ਨੇ ਭਾਗ ਲਿਆ।

# ਖੇਤੀਬਾੜੀ ਵਿਭਾਗ ਨੇ ਪਿੰਡ ਮੰਡੋਲੀ ਅਤੇ ਕੋਟਲਾ ਵਿਖੇ ਪਿੰਡ ਪੱਧਰੀ ਜਾਗਰੂਕਤਾ ਕੈਂਪ ਲਗਾਇਆ




**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਟਿਆਲਾ ਡਾ. ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੁੱਖ ਖੇਤੀਬਾੜੀ ਅਫ਼ਸਰ ਪਟਿਆਲਾ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਪਿੰਡ ਮੰਡੋਲੀ ਬਲਾਕ ਘਨੌਰ ਅਤੇ ਪਿੰਡ ਕੋਟਲਾ ਬਲਾਕ ਰਾਜਪੁਰਾ ਵਿਖੇ ਸਾਉਣੀ 2024 ਦੌਰਾਨ ਪਰਾਲੀ ਦੀਆਂ ਘਟਨਾਵਾਂ ਨੂੰ ਘੱਟ ਕਰਨ ਲਈ ਰਾਜ ਪੱਧਰ ਤੇ ਬਣਾਏ ਗਏ ਐਕਸ਼ਨ ਪਲਾਨ ਅਨੁਸਾਰ ਜਾਗਰੂਕਤਾ ਕੈਂਪ ਲਗਾਇਆ ਗਿਆ।

ਇਸ ਦੇ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਐਕਸ਼ਨ ਪਲਾਨ ਮੁਤਾਬਿਕ ਵਾਲ ਪੇਂਟਿੰਗਜ਼, ਆਸ਼ਾਂ ਵਰਕਰ, ਨੁੱਕੜ ਨਾਟਕਾਂ, ਮੋਬਾਇਲ ਵੈਨਾਂ ਅਤੇ ਸਕੂਲੀ ਬੱਚਿਆਂ ਦੇ ਸਹਿਯੋਗ ਨਾਲ ਪਿੰਡ ਪੱਧਰ ਤੇ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਕਿਸਾਨਾਂ ਨੂੰ ਪਰਾਲੀ ਰਾਹੀਂ ਜ਼ਮੀਨੀ ਜੈਵਿਕ ਕਾਰਬਨ ਵਧਾਉਣ ਲਈ ਅਤੇ ਇਸ ਤੋਂ ਤਿਆਰ ਹੋਣ ਵਾਲੀਆਂ ਵਸਤੂਆਂ ਸਬੰਧੀ ਡਾ. ਨੀਤੂ ਰਾਣੀ, ਡਾ. ਅਨੁਰਾਗ ਅੱਤਰੀ ਅਤੇ ਏ.ਈ.ਓ ਮਨਪ੍ਰੀਤ ਸਿੰਘ, ਸੰਜੀਵ ਕੁਮਾਰ ਵੱਲੋਂ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਕਿਸਾਨਾਂ ਨੂੰ ਜ਼ਿਲ੍ਹੇ ਵਿਚ ਉਪਲਬੱਧ ਮਸ਼ੀਨਾਂ ਪਿੰਡ ਪੱਧਰ 'ਤੇ ਉਪਲਬੱਧ ਕਰਵਾਉਣ ਲਈ ਵੀ ਯਤਨ ਕੀਤੇ ਜਾ ਰਹੇ ਹਨ ਅਤੇ ਪਰਾਲੀ ਵਾਲੇ ਖੇਤਾਂ ਵਿਚ ਸਿਉਂਕ, ਚੂਹੇ ਅਤੇ ਸੁੰਡੀ ਦੇ ਹਮਲੇ ਦੇ ਬਚਾਅ ਲਈ ਤਕਨੀਕੀ ਜਾਣਕਾਰੀ ਸਾਂਝੀ ਕੀਤੀ ਜਾ ਰਹੀ ਹੈ। ਇਸ ਲੜੀ ਤਹਿਤ ਮੁੱਖ ਖੇਤੀਬਾੜੀ ਅਫ਼ਸਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਮਿਤੀ 17.09.2024 ਨੂੰ ਪਿੰਡ ਚਲੇਲਾ ਬਲਾਕ ਪਟਿਆਲਾ ਅਤੇ ਮਿਤੀ 18.09.2024 ਨੂੰ ਪਿੰਡ ਕਾਮੀ ਖੁਰਦ ਬਲਾਕ ਘਨੌਰ ਵਿਖੇ ਬਲਾਕ ਪੱਧਰੀ ਕੈਂਪ ਲਗਾਇਆ ਜਾ ਰਿਹਾ ਹੈ।

ਇਹਨਾਂ ਕੈਂਪਾਂ ਵਿਚ ਪਿੰਡ ਦੇ ਅਗਾਂਹਵਧੂ ਕਿਸਾਨ ਜਰਨੈਲ ਸਿੰਘ, ਹਰਨੇਕ ਸਿੰਘ, ਗੁਰਦੀਪ ਸਿੰਘ, ਬਲਦੇਵ ਸਿੰਘ, ਗੁਰਸੇਵਕ ਸਿੰਘ, ਇੰਦਰਜੀਤ ਸਿੰਘ, ਗੁਰਮੀਤ ਸਿੰਘ, ਸੁਰਜਨ ਸਿੰਘ ਸਮੇਤ ਲਗਭਗ 80 ਕਿਸਾਨਾਂ ਨੇ ਭਾਗ ਲਿਆ।

# ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸੰਗੀਤ ਵਿਭਾਗ ਪ੍ਰਤਿਭਾ ਖੋਜ ਸਮਾਰੋਹ ਕਰਵਾਇਆ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਸੰਗੀਤ ਵਿਭਾਗ ਵੱਲੋਂ ਮੌਜੂਦਾ ਸੈਸ਼ਨ ਵਿਚ ਵਿਭਾਗ ਦੇ ਵੱਖ-ਵੱਖ ਕੋਰਸਾਂ ਵਿਚ ਨਵੇਂ ਦਾਖਲ ਹੋਏ ਵਿਦਿਆਰਥੀਆਂ ਦੀ ਸੰਗੀਤਕ ਪ੍ਰਤਿਭਾ ਨੂੰ ਪਰਖਣ ਲਈ ਪ੍ਰਤਿਭਾ ਖੋਜ ਸਮਾਰੋਹ ਕਰਵਾਇਆ ਗਿਆ। ਵਰਣਨਯੋਗ ਹੈ ਕਿ ਵਿਭਾਗ ਵਿਚ ਪੰਜਾਬ ਦੇ ਵੱਖ-ਵੱਖ ਸਥਾਨਾਂ ਤੋਂ ਇਲਾਵਾ ਹੋਰ ਰਾਜਾਂ ਜਿਵੇਂ ਹਰਿਆਣਾ, ਹਿਮਾਚਲ ਪ੍ਰਦੇਸ਼, ਰਾਜਸਥਾਨ, ਦਿੱਲੀ ਅਤੇ ਜੰਮੂ ਤੋਂ ਵੀ ਕਾਫ਼ੀ ਗਿਣਤੀ ਵਿਚ ਵਿਦਿਆਰਥੀ ਦਾਖਲਾ ਲੈਂਦੇ ਹਨ। ਐਮ.ਏ. ਸੰਗੀਤ ਗਾਇਨ, ਵਾਦਨ ਅਤੇ ਪੰਜਾਬੀ ਲੋਕ ਸੰਗੀਤ ਅਤੇ ਸੂਫ਼ੀ ਸੰਗੀਤ ਡਿਪਲੋਮਾ ਦੇ ਵਿਦਿਆਰਥੀਆਂ ਨੇ ਵੱਖ-ਵੱਖ ਸੰਗੀਤਕ ਵੰਨਗੀਆਂ ਦੀ ਪੇਸ਼ਕਾਰੀ ਦੇ ਕੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਜਿਸ ਵਿਚ ਸ਼ਬਦ, ਭਜਨ, ਗ਼ਜ਼ਲ, ਸੂਫ਼ੀਆਨਾ ਕਲਾਮ, ਲੋਕ ਗੀਤ, ਰਾਗਦਾਰੀ ਸੰਗੀਤ ਸ਼ਾਮਿਲ ਹਨ। ਵਿਦਿਆਰਥੀਆਂ ਨੇ ਹੀ ਇੱਕ-ਦੂਜੇ ਨਾਲ ਤਬਲਾ, ਹਾਰਮੋਨੀਅਮ, ਗਿਟਾਰ, ਰਬਾਬ, ਢੋਲਕ ਅਤੇ ਢੋਲ ਉੱਤੇ ਸੰਗਤ ਕੀਤੀ। ਇਸ ਪ੍ਰੋਗਰਾਮ ਦੀ ਇੱਕ ਹੋਰ



ਵਿਸ਼ੇਸ਼ਤਾ ਸਾਫ਼-ਸੁਥਰੀ ਸੰਜੀਦਾ ਗਾਇਕੀ ਦੀ ਪੇਸ਼ਕਾਰੀ ਸੀ, ਜਿਸ ਦਾ ਕਲਾ ਭਵਨ ਵਿਚ ਹਾਜ਼ਿਰ ਸ੍ਰੋਤਿਆਂ ਨੇ ਭਰਪੂਰ ਆਨੰਦ ਮਾਣਿਆ।

ਪ੍ਰੋਗਰਾਮ ਦੀ ਨਿਗਰਾਨੀ ਅਤੇ ਸੰਚਾਲਨ ਸੰਗੀਤਕ ਵਿਭਾਗ ਦੇ ਪ੍ਰੋ. ਨਿਵੇਦਿਤਾ ਉੱਪਲ ਨੇ ਕੀਤਾ। ਇਸ ਮੌਕੇ ਸੰਗੀਤ ਵਿਭਾਗ ਦੇ ਮੁਖੀ ਡਾ. ਅਲੰਕਾਰ ਸਿੰਘ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮੰਚ ਪ੍ਰਦਾਨ ਕਰਨਾ ਅਤੇ ਉਹਨਾਂ ਦੀ ਪ੍ਰਤਿਭਾ ਨੂੰ ਨਿਖਾਰਨਾ ਸਾਡਾ ਮੁੱਖ ਉਦੇਸ਼ ਹੈ। ਸਮਾਰੋਹ ਵਿਚ ਵਿਭਾਗ ਦੇ ਹੋਰ ਸਟਾਫ਼ ਮੈਂਬਰਾਨ ਡਾ. ਜਯੋਤੀ ਸ਼ਰਮਾ, ਸ੍ਰੀਮਤੀ ਵਨੀਤਾ, ਡਾ. ਕਮਲਜੀਤ ਕੌਰ, ਡਾ. ਰਾਜਵੀਰ ਕੌਰ, ਡਾ. ਰਹਿਮੋ, ਸ੍ਰੀ ਜੈਦੇਵ, ਮਨਦੀਪ ਸਿੰਘ, ਡਾ. ਨਿਰਮਲ ਸਿੰਘ, ਡਾ. ਰਣਜੀਤ ਸਿੰਘ, ਨਰਿੰਦਰਪਾਲ ਸਿੰਘ, ਅਮਰੇਸ਼ ਭੱਟ ਅਤੇ ਖੋਜਾਰਥੀ ਹਾਜ਼ਰ ਰਹੇ।

# ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੀਆਂ ਭਲਾਈ ਸਕੀਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਜਿਲਾ ਪੱਧਰੀ ਕੈਂਪ ਲਗਾਏ ਜਾਣਗੇ: ਡਾ. ਬਲਜੀਤ ਕੌਰ



**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਜਾਗਰੂਕ ਕਰਨ ਲਈ ਜ਼ਿਲ੍ਹਾ ਪੱਧਰੀ ਕੈਂਪ ਲਗਾਏ ਜਾਣਗੇ ਤਾਂ ਜੋ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਨੂੰ ਵੱਧ ਤੋਂ ਵੱਧ ਲਾਭ ਦਿੱਤਾ ਜਾ ਸਕੇ। ਇਸ ਦਾ ਪ੍ਰਗਟਾਵਾ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਸਿਵਲ ਸਕੱਤਰੇਤ ਵਿਖੇ ਐਸ.ਸੀ./ ਬੀ.ਸੀ. ਅਧਿਆਪਕ ਯੂਨੀਅਨ ਪੰਜਾਬ ਨਾਲ ਵੱਖ-ਵੱਖ ਮੁੱਦਿਆਂ 'ਤੇ ਮੀਟਿੰਗ ਕਰਦਿਆਂ ਕੀਤਾ।

ਮੀਟਿੰਗ ਦੌਰਾਨ ਵਧੀਕ ਮੁੱਖ ਸਕੱਤਰ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਡੀ.ਕੇ.ਤਿਵਾੜੀ, ਡਾਇਰੈਕਟਰ ਅੰਮ੍ਰਿਤ ਸਿੰਘ, ਡਾਇਰੈਕਟਰ-ਕਮ-ਸੰਯੁਕਤ ਸਕੱਤਰ ਰਾਜ ਬਹਾਦਰ ਸਿੰਘ ਅਤੇ ਡਿਪਟੀ ਡਾਇਰੈਕਟਰ ਰਵਿੰਦਰਪਾਲ ਸਿੰਘ ਨਾਲ ਯੂਨੀਅਨ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ।

ਮੀਟਿੰਗ ਦੌਰਾਨ ਐਸ.ਸੀ/ਬੀ.ਸੀ ਅਧਿਆਪਕ ਯੂਨੀਅਨ, ਪੰਜਾਬ ਵੱਲੋਂ ਡਾ ਬਲਜੀਤ ਕੌਰ ਨੂੰ ਆਪਣੀ ਮੰਗਾਂ, ਅਬਾਦੀ ਅਨੁਸਾਰ ਰਾਖਵਾਂਕਰਨ ਲਾਗੂ ਕਰਨ ਸਬੰਧੀ, ਵਿਭਾਗੀ ਭਰਤੀਆਂ ਅਤੇ ਤਰੱਕੀਆਂ ਦੌਰਾਨ ਓਪਨ ਮੈਰਿਟ ਰਿਜ਼ਰਵ ਸ਼੍ਰੇਣੀ ਉਮੀਦਵਾਰ (ਜਨਰਲ ਕੈਟਾਗਿਰੀ ਉਮੀਦਵਾਰ ਦੀ ਮੈਰਿਟ ਤੱਕ ਸਾਰੇ ਰਿਜਰਵ ਸ਼੍ਰੇਣੀ ਉਮੀਦਵਾਰਾਂ) ਨੂੰ ਰੋਸਟਰ ਨੁਕਤਿਆਂ ਉੱਤੇ ਰਾਖਵਾਂਕਰਨ ਵਿੱਚ ਨਾ ਗਿਣਨ ਸਬੰਧੀ, ਵਿਭਾਗੀ ਭਰਤੀਆਂ ਦੌਰਾਨ ਰਿਜ਼ਰਵ ਸ਼੍ਰੇਣੀ ਉਮੀਦਵਾਰਾਂ ਨੂੰ ਅੰਕਾਂ ਅਤੇ ਅਪਲਾਈ ਫੀਸਾਂ ਵਿੱਚ ਬਣਦੀ ਛੋਟ ਦੇਣ ਸਬੰਧੀ, ਮੈਰੀਟੋਰੀਅਸ ਸਕੂਲਾਂ ਵਿੱਚ ਦਾਖਲੇ ਸਮੇਂ ਰਾਖਵਾਂਕਰਨ ਲਾਗੂ ਕਰਨ ਸਬੰਧੀ ਅਤੇ ਸਿੱਖਿਆ ਬੋਰਡ ਵੱਲੋਂ ਐਸ.ਸੀ ਅਤੇ ਬੀ.ਸੀ ਵਿਦਿਆਰਥੀਆਂ ਤੋਂ ਲਈ ਜਾਂਦੀ ਪ੍ਰੀਖਿਆ ਫੀਸ ਬੰਦ ਕਰਦੇ ਹੋਏ ਇਸਦੀ ਅਦਾਇਗੀ ਸਮਾਜਿਕ ਨਿਆਂ ਵਿਭਾਗ ਵੱਲੋਂ ਕਰਨ ਸਬੰਧੀ ਆਦਿ ਮੰਗਾਂ ਤੋਂ ਜਾਣੂ ਕਰਵਾਇਆ ਗਿਆ। ਡਾ ਬਲਜੀਤ ਕੌਰ ਨੇ ਯੂਨੀਅਨਾਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਯੂਨੀਅਨ ਦੇ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਹਰ ਜਾਇਜ਼ ਮੰਗ ਨੂੰ ਪੂਰਾ ਕੀਤਾ ਜਾਵੇਗਾ।

ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀ ਵਰਗ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਅਨੁਸੂਚਿਤ ਜਾਤੀ ਤੇ ਪੱਛੜੇ ਵਰਗਾਂ ਦੇ ਨੌਜਵਾਨਾਂ ਦੀ ਸਮਾਜਿਕ ਤੇ ਆਰਥਿਕ ਸਥਿਤੀ ਵਿੱਚ ਸੁਧਾਰ ਲਿਆਉਣਾ ਹੈ।

ਇਸ ਉਦੇਸ਼ ਦੀ ਪੂਰਤੀ ਲਈ ਵਿਭਾਗ ਵੱਲੋਂ ਲਗਾਤਾਰ ਕੰਮ ਕੀਤੇ ਜਾ ਰਹੇ ਹਨ।

# ਐਨਪੀਐਸ ਵਾਤਸਲਯ ਯੋਜਨਾ ਦੀ ਹੋਈ ਸ਼ੁਰੂਆਤ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਐਨਪੀਐਸ ਵਾਤਸਲਯ ਦੇ ਨਾਮ ਹੇਠ ਕੰਟਰੀਬਿਊਟਰੀ ਪੈਨਸ਼ਨ ਸਕੀਮ ਜੋ ਪੀਐਫਆਰਡੀਏ ਵੱਲੋਂ ਨਿਯੰਤ੍ਰਿਤ ਅਤੇ ਸੰਚਾਲਿਤ ਕੀਤੀ ਜਾਂਦੀ ਹੈ, ਨੂੰ ਅੱਜ ਵਿੱਤ ਮੰਤਰੀ, ਭਾਰਤ ਸਰਕਾਰ, ਸ਼੍ਰੀਮਤੀ ਨਿਰਮਲਾ ਸੀਤਾਰਮਨ ਵੱਲੋਂ ਲਾਂਚ ਕੀਤਾ ਗਿਆ। ਲਾਂਚਿੰਗ ਦਾ ਸਿੱਧਾ ਪ੍ਰਸਾਰਣ ਅੱਜ ਲੀਡ ਬੈਂਕ ਦਫ਼ਤਰ, ਪਟਿਆਲਾ ਵੱਲੋਂ ਸਰਕਾਰੀ ਮੈਰੀਟੋਰੀਅਸ ਸਕੂਲ, ਪਟਿਆਲਾ ਵਿਖੇ ਕੀਤਾ ਗਿਆ। ਇਸ ਮੌਕੇ ਸਟੇਟ ਬੈਂਕ ਆਫ ਇੰਡੀਆ ਦੇ ਖੇਤਰੀ ਮੈਨੇਜਰ ਪ੍ਰਵੀਨ ਪ੍ਰਸਾਦ ਸਮੇਤ ਸਟੇਟ ਲੈਵਲ ਬੈਂਕਰਜ਼ ਕਮੇਟੀ (ਐੱਸ.ਐੱਲ.ਬੀ.ਸੀ.), ਪੰਜਾਬ ਦੇ ਅਧਿਕਾਰੀ ਹਾਜ਼ਰ ਸਨ।

ਇਸ ਮੌਕੇ 'ਤੇ ਸ਼੍ਰੀ ਪਰਵੀਨ ਪ੍ਰਸਾਦ ਨੇ ਦੱਸਿਆ ਕਿ ਇਹ ਯੋਜਨਾ ਪੈਨਸ਼ਨ ਪ੍ਰਾਪਤ ਸਮਾਜ ਦੀ ਸਿਰਜਣਾ ਦੇ ਅੰਤਮ ਉਦੇਸ਼ ਨਾਲ ਬੱਚਿਆਂ ਦੇ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ 18 ਸਾਲ ਤੱਕ ਦੇ ਸਾਰੇ ਨਾਬਾਲਗ ਨਾਗਰਿਕ ਇਸ ਸਕੀਮ ਵਿੱਚ ਸ਼ਾਮਲ ਹੋ ਸਕਦੇ ਹਨ। ਖ਼ਾਤਾ ਖੋਲ੍ਹਣ ਲਈ ਘੱਟੋ-ਘੱਟ ਯੋਗਦਾਨ ਰੁਪਏ 1,000/- ਹੈ। ਨਾਬਾਲਗ ਇਸ ਸਕੀਮ ਦੇ ਇਕੱਲੇ ਲਾਭਪਾਤਰੀ ਹੋਣਗੇ ਅਤੇ ਮਾਪੇ/ ਸਰਪ੍ਰਸਤ ਨਾਬਾਲਗਾਂ ਦੇ ਨਾਮ 'ਤੇ ਖ਼ਾਤਾ ਖੋਲ੍ਹ ਸਕਦੇ ਹਨ ਅਤੇ ਯੋਗਦਾਨ ਪਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨਾਬਾਲਗ ਖਾਤਾਧਾਰਕ ਵੱਲੋਂ 18 ਸਾਲ ਦੀ ਉਮਰ ਪੂਰੀ ਹੋਣ 'ਤੇ ਨਿਯਮਤ ਐਨਪੀਐਸ ਖ਼ਾਤੇ ਵਿੱਚ ਨਿਰਵਿਘਨ ਰੂਪਾਂਤਰਨ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਖ਼ਾਤਾ ਧਾਰਕ ਵੱਲੋਂ ਵੱਧ ਤੋਂ ਵੱਧ ਯੋਗਦਾਨ ਦੀ ਕੋਈ ਹੱਦ ਨਹੀਂ ਹੋਵੇਗੀ।

ਲੀਡ ਬੈਂਕ ਮੈਨੇਜਰ ਰਾਜੀਵ ਸਰਹਿੰਦੀ ਨੇ ਦੱਸਿਆ ਕਿ ਇਸ ਮੌਕੇ ਬੱਚਿਆਂ ਲਈ ਆਨਲਾਈਨ ਕਠਪੁਤਲੀ ਅਤੇ ਮੈਜਿਕ ਸ਼ੋਅ ਦੇ ਨਾਲ-ਨਾਲ ਕੁਇਜ਼ ਦਾ ਵੀ ਪ੍ਰਬੰਧ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਸਰਕਾਰੀ ਮੈਰੀਟੋਰੀਅਸ ਸਕੂਲ, ਪਟਿਆਲਾ ਦੇ ਸਹਿਯੋਗ ਨਾਲ ਪ੍ਰਿੰਸੀਪਲ ਸ਼੍ਰੀਮਤੀ ਦੀਪ ਮਾਲਾ ਅਤੇ ਵਾਈਸ ਪ੍ਰਿੰਸੀਪਲ ਗਗਨ ਬਾਂਸਲ ਦੀ ਯੋਗ ਅਗਵਾਈ ਵਿੱਚ ਨੁੱਕੜ ਨਾਟਕ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਲੀਡ ਬੈਂਕ ਆਫਿਸ ਵੱਲੋਂ ਬੱਚਿਆਂ ਨੂੰ ਉਨ੍ਹਾਂ ਦੇ ਪ੍ਰਦਰਸ਼ਨ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀਡੀਐਮ ਨਬਾਰਡ ਪਰਵਿੰਦਰ ਕੌਰ ਨਾਗਰਾ ਨੇ ਹਾਜ਼ਰ ਬੱਚਿਆਂ ਨੂੰ ਮਿਠਾਈਆਂ ਅਤੇ ਤੋਹਫ਼ੇ ਵੰਡੇ।

# ਪਟਿਆਲਾ ਜੇਲ੍ਹ 'ਚ ਕੈਦੀਆਂ ਦੇ ਦੋ ਗੁੱਟ ਭਿੜੇ, ਛੇ ਜ਼ਖ਼ਮੀ

**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਇਥੇ ਕੇਂਦਰੀ ਜੇਲ੍ਹ ਵਿੱਚ ਸ਼ਾਮ ਕੈਦੀਆਂ ਦੇ ਦੋ ਗੁੱਟ ਆਪਸ ਵਿੱਚ ਭਿੜ ਗਏ। ਇਸ ਦੌਰਾਨ ਛੇ ਕੈਦੀ ਜ਼ਖ਼ਮੀ ਹੋ ਗਏ, ਜਿਨ੍ਹਾਂ ਵਿਚੋਂ ਦੋ ਜਣਿਆਂ ਨੂੰ ਜੇਲ੍ਹ ਵਿਚਲੇ ਹਸਪਤਾਲ ਵਿਚੋਂ ਹੀ ਦਵਾਈ ਬੂਟੀ ਦਿੱਤੀ ਜਾ ਰਹੀ ਹੈ, ਜਦੋਂਕਿ ਦੋ ਹੋਰਨਾਂ ਨੂੰ ਜ਼ਿਆਦਾ ਸੱਟਾਂ ਲੱਗਣ ਕਰਕੇ ਜੇਲ੍ਹ ਹਸਪਤਾਲ ਦੇ ਡਾਕਟਰ ਨੇ ਸਰਕਾਰੀ ਰਾਜਿੰਦਰਾ ਹਸਪਤਾਲ ਰੈਫਰ ਕਰ ਦਿੱਤਾ। ਹਸਪਤਾਲ ਵਿੱਚ ਜ਼ੇਰੇ ਇਲਾਜ ਇਨ੍ਹਾਂ ਜ਼ਖ਼ਮੀਆਂ ਵਿਚੋਂ ਬੰਟੀ ਦੇ ਸਿਰ ਤੇ ਬਾਂਹ 'ਤੇ ਸੱਟ ਹੈ, ਜਦੋਂਕਿ ਸੋਮਵੀਰ ਦੇ ਢਿੱਡ ਅਤੇ ਹੋਰ ਥਾਈਂ ਗੁੱਝੀਆਂ ਸੱਟਾਂ ਲੱਗੀਆਂ ਹਨ। ਉਸ ਨੂੰ ਪਿਸ਼ਾਬ ਦਾ ਬੰਨ੍ਹ ਪਿਆ ਹੋਣ ਦਾ ਵੀ ਪਤਾ ਲੱਗਾ ਹੈ। ਡਾਕਟਰਾਂ ਨੇ ਹਾਲਾਂਕਿ ਦੋਵਾਂ ਦਾ ਇਲਾਜ ਸ਼ੁਰੂ ਕਰ ਦਿੱਤਾ ਹੈ। ਉਂਝ ਕੈਦੀਆਂ ਦੇ ਇਨ੍ਹਾਂ ਦੋ ਗੁੱਟਾਂ ਦਰਮਿਆਨ ਹੋਈ ਝੜਪ ਦੇ ਕਾਰਨਾਂ ਦਾ ਤੱਕ ਪਤਾ ਨਹੀਂ ਲੱਗਿਆ। ਉਧਰ ਥਾਣਾ ਤ੍ਰਿਪੜੀ ਦੇ ਐੱਸਐੱਚਓ ਇੰਸਪੈਕਟਰ ਪਰਦੀਪ ਸਿੰਘ ਬਾਜਵਾ ਨੇ ਕਿਹਾ ਕਿ ਕਾਰਵਾਈ ਕੀਤੀ ਜਾਣੀ ਹੈ ਤੇ ਜ਼ਖ਼ਮੀਆਂ ਦੇ ਬਿਆਨ ਲਏ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਪੁਲੀਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

# ਮਜੀਠੀਆ ਨੇ ਸਾਬਕਾ ਓਐੱਸਡੀ ਰਾਕੇਸ਼ ਪ੍ਰਾਸ਼ਰ ਨੂੰ ਮੁੜ ਅਕਾਲੀ ਦਲ ਵਿੱਚ ਕੀਤਾ ਸ਼ਾਮਲ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਨੇ ਬੀਤੇ ਦਿਨ ਚੰਡੀਗੜ੍ਹ ਹਵਾਈ ਅੱਡੇ 'ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਜਹਾਜ਼ ਵਿੱਚੋਂ ਉੱਤਰਨ ਵੇਲੇ ਕਥਿਤ ਤੌਰ 'ਤੇ ਡਿੱਗਣ ਦੀ ਘਟਨਾ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ। ਮਜੀਠੀਆ ਨੇ ਤਰਕ ਦਿੱਤਾ ਕਿ ਭਗਵੰਤ ਮਾਨ ਨੇ ਦਿੱਲੀ ਤੋਂ ਚੰਡੀਗੜ੍ਹ ਆਉਣ ਵੇਲੇ ਚਾਰਟਡ ਫਲਾਈਟ ਵਿੱਚ ਗੈਰ-ਕਾਨੂੰਨੀ ਤੌਰ 'ਤੇ ਕਥਿਤ ਸ਼ਰਾਬ ਪੀਤੀ ਸੀ, ਜਿਸ ਕਾਰਨ ਹੀ ਉਹ ਜਹਾਜ਼ ਵਿੱਚੋਂ ਉਤਰਨ ਵੇਲੇ ਥੱਲੇ ਡਿੱਗ ਪਏ ਸਨ। ਇੱਥੇ ਅੱਜ ਪਿਛਲੇ ਸਮੇਂ ਦੌਰਾਨ ਅਕਾਲੀ ਦਲ ਛੱਡ ਕੇ ਭਾਜਪਾ 'ਚ ਗਏ ਸਾਬਕਾ ਓਐੱਸਡੀ ਰਾਕੇਸ਼ ਪ੍ਰਾਸ਼ਰ ਨੂੰ ਮੁੜ ਅਕਾਲੀ ਦਲ ਵਿੱਚ ਸ਼ਾਮਲ ਕਰਨ ਮੌਕੇ ਅਰਬਨ ਅਸਟੇਟ ਸਥਿਤ ਰਿਹਾਇਸ਼ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਜੀਠੀਆ ਨੇ ਕਿਹਾ ਕਿ ਰਾਕੇਸ਼ ਪ੍ਰਾਸ਼ਰ ਦੇ ਆਉਣ ਨਾਲ ਅਕਾਲੀ ਦਲ ਨੂੰ ਹੋਰ ਮਜ਼ਬੂਤੀ ਮਿਲੇਗੀ। ਮਜੀਠੀਆ ਨੇ ਕਿਹਾ ਕਿ ਭਗਵੰਤ ਮਾਨ ਉਦੋਂ ਤੋਂ ਪ੍ਰੇਸ਼ਾਨ ਹਨ, ਜਦੋਂ ਤੋਂ ਅਰਵਿੰਦ ਕੇਜਰੀਵਾਲ ਨੇ ਇਹ ਆਖਿਆ ਹੈ ਕਿ ਉਨ੍ਹਾਂ ਨੂੰ ਵੀ ਮੁੱਖ ਮੰਤਰੀ ਦਾ ਅਹੁਦਾ ਛੱਡਣਾ ਪਵੇਗਾ, ਜਿਸ ਕਾਰਨ ਹੀ ਉਨ੍ਹਾਂ ਨੂੰ ਕਥਿਤ ਤੌਰ 'ਤੇ ਸ਼ਰਾਬ ਦਾ ਸਹਾਰਾ ਲੈਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੂੰ ਦੁਬਾਰਾ ਚਾਰਟਡ ਫਲਾਈਟ ਵਿਚ ਵਾਪਸ ਦਿੱਲੀ ਲਿਜਾਣ ਦੀ ਕਾਰਵਾਈ ਵੀ ਸੂਬੇ ਦੇ ਸਰੋਤਾਂ ਦੀ ਸਿੱਧੀ ਬਰਬਾਦੀ ਹੈ। ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਦੱਸੇ ਕਿ ਉਨ੍ਹਾਂ ਨੂੰ ਚੰਡੀਗੜ੍ਹ ਜਾਂ ਪੰਜਾਬ ਦੇ ਕਿਸੇ ਹਸਪਤਾਲ ਵਿੱਚ ਦਾਖਲ ਕਿਉਂ ਨਹੀਂ ਦਾਖਲ ਕਰਵਾਇਆ ਗਿਆ।

# ਦਸਵੀਂ ਕਲਾਸ ਚੋਂ 98 ਪ੍ਰਤੀਸ਼ਤ ਅੰਕ ਪ੍ਰਾਪਤ ਕਰਨ ਤੇ ਚਾਹਤਪ੍ਰੀਤ ਕੌਰ ਨੂੰ ਰਾਸ਼ਟਰੀ ਭਾਸ਼ਾ ਪ੍ਰੀਸ਼ਦ ਵਲੋਂ ਸਨਮਾਨਿਤ



**ਨਾਭਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਥਾਨਕ ਸਰਕਾਰੀ ਮਾਡਲ ਹਾਈ ਸਕੂਲ ਦੀ ਦਸਵੀਂ ਕਲਾਸ ਦੀ ਹੋਣਹਾਰ ਵਿਦਿਆਰਥਣ ਚਾਹਤਪ੍ਰੀਤ ਕੌਰ ਪੁੱਤਰੀ ਪਿਤਾ ਤੇਜਿੰਦਰ ਸਿੰਘ ਮਾਤਾ ਕਮਲੇਸ਼ ਕੌਰ ਗਿੱਲ ਨੂੰ ਦਸਵੀਂ ਚ ਹਿੰਦੀ ਸਬਜੈਕਟ ਵਿੱਚ 98 ਵੇ ਪਰੀਤਸਤ ਅੰਕ ਪ੍ਰਾਪਤ ਕਰਨ ਤੇ ਰਾਸ਼ਟਰੀ ਭਾਸ਼ਾ ਪਰਿਸਦ ਵਲੋਂ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਪ੍ਰਿੰਸੀਪਲ ਜੀਵਨ ਕੁਮਾਰ ਸ਼ਰਮਾ,ਮੈਡਮ ਪੂਜਾ ਰਾਣੀ, ਸ੍ਰੀਮਤੀ ਸਰੂਪਾਂ ਸਿੰਗਲਾ, ਰੂਬੀ ਜੈਨ, ਰਮਨਪ੍ਰੀਤ ਕੌਰ, ਸਿਮਰਪ੍ਰੀਤ ਕੌਰ, ਜਸਵਿੰਦਰ ਸਿੰਘ ਸੰਧੂ, ਬਲਜੀਤ ਸਿੰਘ ਧਾਰੋਕੀ ਮੌਜੂਦ ਸਨ।

# ਚੋਣ ਐਲਾਨ ਪੱਤਰ ਜਾਰੀ ਕਰਨ ਦੇ ਤਿੰਨ ਦਿਨਾਂ ਤੇ ਅੰਦਰ ਮੁੱਖ ਚੋਣ ਅਧਿਕਾਰੀ ਦਫਤਰ ਵਿਚ ਜਮ੍ਹਾ ਕਰਵਾਉਣੀ ਹੋਵੇਗੀ ਤਿੰਨ ਕਾਪੀਆਂ

**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੇ ਮੁੱਖ ਚੋਣ ਅਧਿਕਾਰੀ ਸ੍ਰੀ ਪੰਕਜ ਅਗਰਵਾਲ ਨੇ ਸਾਰੇ ਰਾਜਨੀਤਕ ਪਾਰਟੀਆਂ ਤੇ ਚੋਣ ਲੜ੍ਹ ਰਹੇ ਉਮੀਦਵਾਰਾਂ ਨੂੰ ਅਪੀਲ ਕੀਤੀ ਹੈ ਕਿ ਜਿੰਦਾਂ ਹੀ ਐਲਾਨ ਪੱਤਰ ਜਾਰੀ ਕਰਨ, ਉਸ ਦੇ ਤਿੰਨ ਦਿਨਾਂ ਦੇ ਅੰਦਰ-ਅੰਦਰ ਮੁੱਖ ਚੋਣ ਅਧਿਕਾਰੀ ਦਫਤਰ ਵਿਚ ਚੋਣ ਐਲਾਨ ਪੱਤਰ ਦੀ ਹਿੰਦੀ ਤੇ ਅੰਗ੍ਰੇਜੀ ਦੀ ਤਿੰਨ - ਤਿੰਨ ਕਾਪੀਆਂ ਜਮ੍ਹਾ ਕਰਵਾਉਣਾ ਯਕੀਨੀ ਕਰਨ। ਸ੍ਰੀ ਪੰਕਜ ਅਗਰਵਾਲ ਨੇ ਸਾਰੇ ਰਾਜਨੀਤਕ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਚੋਣ ਕਮਿਸ਼ਨ ਵੱਲੋਂ ਜਾਰੀ ਚੋਣ ਜਾਬਤਾ ਦੇ ਸਾਰੇ ਪਹਿਲੂਆਂ ਦਾ ਗੰਭੀਰਤਾ ਨਾਲ ਅਧਿਐਨ ਕਰਨ ਅਤੇ ਚੋਣ ਦੌਰਾਨ ਇਸ ਦੀ ਪਾਲਣਾ ਕਰਨ। ਚੋਣ ਜਾਂਬਤਾ ਦੇ ਪੈਰਾ-8 (iii) ਅਨੁਸਾਰ ਚੋਣ ਐਲਾਨ ਪੱਤਰ ਵਿਚ ਪਾਰਦਰਸ਼ਿਤਾ, ਸਮਾਨ ਮੌਕਾ ਅਤੇ ਵਾਦਿਆਂ ਦੀ ਭਰੋਸਮੰਦਗੀ ਦੇ ਹਿੱਤ ਵਿਚ, ਇਹ ਉਮੀਦ ਕੀਤੀ ਜਾਂਦੀ ਹੈ ਕਿ ਐਲਾਨ ਪੱਤਰ ਵਾਦਿਆਂ ਉਚਿਤਅ ਨੂੰ ਦਰਸ਼ਾਉਣ ਅਤੇ ਮੁੱਖ ਰੂਪ ਨਾਲ ਇਸ ਦੇ ਲਈ ਮਾਲੀ ਜਰੂਰਤ ਵੇਜ ਐਂਡ ਮੀਨਸ ਨੂੰ ਰੇਖਾਂਕਿਤ ਕਰਨ ਅਤੇ ਵੋਟਰਾਂ ਦਾ ਭਰੋਸਾ ਸਿਰਫ ਉਨ੍ਹਾਂ ਵਾਦਿਆਂ 'ਤੇ ਮੰਗਿਆ ਜਾਣਾ ਚਾਹੀਦਾ ਹੈ ਜਿਨ੍ਹਾਂ ਦਾ ਪੂਰਾ ਹੋਣਾ ਸੰਭਵ ਹੋਵੇ।

# ਪੈਨਸ਼ਰਜ਼ ਜੁਆਇੰਟ ਫਰੰਟ ਪਟਿਆਲਾ ਵੱਲੋਂ 22 ਅਕਤੂਬਰ ਨੂੰ ਮੁਹਾਲੀ ਵਿਖੇ ਰੈਲੀ ਸਬੰਧੀ ਦਿੱਤਾ ਗਿਆ ਮੰਗ ਪੱਤਰ



**ਪਟਿਆਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵੱਲੋਂ ਕੀਤੇ ਫੈਸਲੇ ਅਨੁਸਾਰ ਅੱਜ ਡਿਪਟੀ ਕਮਿਸ਼ਨਰ ਪਟਿਆਲਾ ਦੇ ਦਫਤਰ ਅੱਗੇ ਸ੍ਰੀ ਧਨਵੰਤ ਸਿੰਘ ਭੱਠਲ, ਗੁਰਦੀਪ ਸਿੰਘ ਵਾਲੀਆ ਅਤੇ ਸੁਖਵਿੰਦਰ ਸਿੰਘ ਸੈਣੀ ਦੀ ਅਗਵਾਈ ਵਿੱਚ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਵਿੱਚ ਪੈਨਸ਼ਨ ਐਸੋਸੀਏਸ਼ਨ ਪਾਵਰਕਾਮ ਅਤੇ ਟਰਾਂਸਕੋ , ਪੰਜਾਬ ਸਟੇਟ ਪੈਨਸ਼ਨ ਕਨਸਟਰੇਸ਼ਨ ਤੇ ਪੰਜਾਬ ਪੁਲਿਸ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਪਟਿਆਲਾ ਸਥਿਤ ਪੈਨਸ਼ਨਰਜ਼ ਤੇ ਹੋਰ ਸਾਥੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਇਸ ਉਪਰੰਤ ਅਡੀਸ਼ਨਲ ਡਿਪਟੀ ਕਮਿਸ਼ਨਰ ਪਟਿਆਲਾ ਨੂੰ ਮੰਗ ਪੱਤਰ ਅਤੇ ਨੋਟਿਸ ਦਿੱਤਾ ਗਿਆ। ਇਸ ਸਮੇਂ ਬੁਲਾਰਿਆਂ ਵੱਲੋਂ ਪੈਨਸ਼ਰਜ਼ ਦੀਆਂ ਮੰਗਾ ਜਿਨ੍ਹਾਂ ਵਿੱਚ 31—12—2015 ਤੋਂ ਪਹਿਲਾਂ ਰਿਟਾਇਰ ਹੋਏ ਮੁਲਾਜਮਾਂ ਲਈ 2.59 ਦਾ ਫੈਕਟਰ ਲਾਗੂ ਕਰਨਾ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਬਕਾਇਆ, 1—1—16 ਤੋਂ 30—06—2021 ਤੱਕ ਦਾ ਪੇਅ ਕਮਿਸ਼ਨ ਦਾ ਬਕਾਇਆ, ਮੈਡੀਕਲ ਭੱਤੇ ਵਿੱਚ ਵਾਧਾ ਆਦਿ ਨਾ ਕਰਨ ਦੀ ਨਿਖੇਧੀ ਕੀਤੀ ਤੇ ਮੰਗ ਕੀਤੀ ਗਈ ਕਿ ਫਰੰਟ ਨੂੰ 15 ਅਕਤੂਬਰ 2024 ਤੱਕ ਮੀਟਿੰਗ ਦੇ ਕੇ ਮੰਗਾਂ ਦਾ ਹੱਲ ਕੀਤਾ ਜਾਵੇ ਅਜਿਹਾ ਨਾ ਹੋਣ ਦੀ ਸੂਰਤ ਵਿੱਚ 22 ਅਕਤੂਬਰ 2024 ਨੂੰ ਮੁਹਾਲੀ / ਚੰਡੀਗੜ੍ਹ ਵਿਖੇ ਮਹਾ ਰੈਲੀ ਕਰਕੇ ਮਾਰਚ ਕੀਤਾ ਜਾਵੇਗਾ। ਅੱਜ ਦੇ ਇਸ ਪ੍ਰਦਰਸ਼ਨ ਵਿੱਚ ਸਰਵ ਸ੍ਰੀ ਸਤਪਾਲ ਸਿੰਘ, ਗੁਰਮੀਤ ਸਿੰਘ ਟਿਵਾਣਾ, ਸਤਪਾਲ ਰਾਹੀ, ਜਗਮੇਲ ਸਿੰਘ, ਸੁਖਵਿੰਦਰ ਸਿੰਘ ਸੈਣੀ, ਪ੍ਰੇਮ ਚੰਦ ਪੰਜੋਲਾ, ਨਾਹਰ ਸਿੰਘ, ਦਰਸ਼ਨ ਸਿੰਘ ਬੇਲੂਮਾਜਰਾ, ਸੰਤ ਰਾਮ ਚੀਮਾ, ਰਾਮ ਚੰਦ ਲਹਿਲ, ਰਾਮ ਚੰਦ ਧਾਮੋਮਾਜਰਾ, ਕ੍ਰਿਸ਼ਨ ਸਿੰਘ, ਸੋਹਨ ਸਿੰਘ ਸਮਾਣਾ, ਰਾਮ ਚੰਦ ਬਖਸ਼ੀਵਾਲਾ ਅਤੇ ਕ੍ਰਿਸ਼ਨ ਦੇਵ ਆਦਿ ਨੇ ਆਪਣੇ ਵਿਚਾਰ ਰੱਖੇ। ਸਟੇਜ਼ ਦਾ ਸੰਚਾਲਣ ਸ੍ਰੀ ਰਾਮ ਚੰਦ ਬਖਸ਼ੀਵਾਲਾ ਵੱਲੋਂ ਕੀਤਾ ਗਿਆ।

# ਵਿਧਾਇਕ ਰਹਿਮਾਨ ਦੀ ਟੀਮ ਨੇ ਹੇਮਕੁੰਟ ਸਾਹਿਬ ਵਿਖੇ ਹਲਕੇ ਦੀ ਸੁੱਖ ਸਾਂਤੀ ਦੀ ਕੀਤੀ ਅਰਦਾਸ

**ਮਲੇਰਕੋਟਲਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਮਲੇਰਕੋਟਲਾ ਤੋਂ ਵਿਧਾਇਕ ਡਾ.ਮੁਹੰਮਦ ਜਮੀਲ-ਉਰ-ਰਹਿਮਾਨ ਦੀ ਟੀਮ ਵਲੋਂ ਸਰਬੰਸ਼ਦਾਨੀ ਦਸਮੇਸ਼ ਪਿਤਾ ਧੰਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਤਪ ਅਸਥਾਨ ਤਖਤ ਸ਼੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕੀਤੇ ਅਤੇ ਹਲਕਾ ਮਲੇਰਕੋਟਲਾ ਦੇ ਲੋਕਾਂ ਦੇ ਭਲੇ ਅਤੇ ਹਲਕੇ ਵਿਚ ਸੁੱਖ ਸਾਂਤੀ ਦੀ ਅਰਦਾਸ ਕੀਤੀ।

ਵਿਧਾਇਕ ਰਹਿਮਾਨ ਦੇ ਪੀ.ਏ ਸਾਬਕਾ ਸਰਪੰਚ ਗੁਰਮੁੱਖ ਸਿੰਘ ਖਾਨਪੁਰ, ਵਿਧਾਇਕ ਦੇ ਸਪੁੱਤਰ ਮੋਨਿਸ਼ ਰਹਿਮਾਨ, ਸਰਕਲ ਸੰਦੋੜ ਦੇ ਆਗੂ ਟਰੱਕ ਯੂਨੀਅਨ ਦੇ ਪ੍ਰਧਾਨ ਸੰਤੋਖ ਸਿੰਘ ਦਸੌਂਦਾ ਸਿੰਘ ਵਾਲਾ, ਸੂਬਾ ਯੂਥ ਜਰਨਲ ਸਕੱਤਰ ਜਗਤਾਰ ਸਿੰਘ ਜੱਸਲ ਵਲੋਂ ਤਪ ਅਸਥਾਨ ਤਖਤ ਸ਼੍ਰੀ ਹੇਮਕੁੰਟ ਸਾਹਿਬ ਦੇ ਦਰਸ਼ਨ ਕੀਤੇ ਗਏ। ਜਿੱਥੇ ਉਹਨਾਂ ਹਲਕਾ ਦੀ ਤਰੱਕੀ ਦੀ ਅਰਦਾਸ ਅਤੇ ਹਲਕੇ ਦੇ ਲੋਕਾਂ ਦੀ ਸਿਹਤਯਾਬੀ ਦੀ ਅਰਦਾਸ ਕੀਤੀ ਗਈ।



ਇਸ ਦੌਰਾਨ ਉਹਨਾਂ ਭਾਰਤ ਅਤੇ ਚਾਇਨਾ ਬਾਡਰ ਦੇ ਨਾਲ ਲੱਗਦੇ ਭਾਰਤ ਦੇ ਆਖਰੀ ਪਿੰਡ ਮਾਣਾ ਦੇ ਇਤਿਹਾਸ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਉਹਨਾ ਨਾਲ ਇੰਸਪੈਕਟਰ ਪਵਿੱਤਰ ਸਿੰਘ, ਡਾਕਟਰ ਕਮਲਦੀਪ ਸਿੰਘ ਖੰਨਾ, ਏ.ਐਸ ਆਈ ਮਹਿੰਗਾ ਸਿੰਘ, ਜਗਤਾਰ ਸਿੰਘ ਜੱਸਲ ਸੰਦੌੜ, ਮੋਨਿਸ ਰਹਿਮਾਨ ਮਲੇਰਕੋਟਲਾ, ਗਗਨਦੀਪ ਕੁਮਾਰ ਜਿੰਦਲ ਖਾਨਪੁਰ, ਨਾਨਕਜੀਤ ਸਿੰਘ ਜਗਦਿਓ, ਸਤਨਾਮ ਸਿੰਘ ਸੰਗਾਲਾ , ਕਰਨਵੀਰ ਸਿੰਘ ਨਹਿਲ, ਤੇਜਿੰਦਰ ਸਿੰਘ ਨਹਿਲ, ਗਗਨਦੀਪ ਸਿੰਘ ਨਹਿਲ, ਹਰਦੀਪ ਸਿੰਘ ਖੰਨਾ ਹਾਜ਼ਰ ਸਨ।




# ਬਨਾਨਾ ਐਂਡ ਪੀਨਟ ਬਟਰ ਮਿਲਕਸ਼ੇਕ



**ਸਮੱਗਰੀ**
ਕੇਲਾ– 1
ਪੀਨਟ ਬਟਰ– 3 ਚਮਚ
ਦੁੱਧ– 1 ਕੱਪ
ਆਈਸ– 4 ਕਿਊਬ
ਪ੍ਰੋਟੀਨ ਪਾਊਡਰ– 1 ਚਮਚ
**ਵਿਧੀ**
ਸਭ ਤੋਂ ਪਹਿਲਾਂ ਮਿਕਸੀ ’ਚ ਥੋੜ੍ਹਾ ਜਿਹਾ ਦੁੱਧ ਪਾ ਕੇ ਉਸ ’ਚ ਕੱਟੇ ਹੋਏ ਕੇਲੇ ਪਾ ਲਓ। ਫ਼ਿਰ ਉਸ ਨੂੰ 2 ਸੈਕਿੰਡ ਲਈ ਬਲੈਂਡ ਕਰੋ। ਫ਼ਿਰ ਮਿਕਸੀ ’ਚ ਪੀਨਟ ਬਟਰ, ਥੋੜ੍ਹਾ ਜਿਹਾ ਦੁੱਧ ਅਤੇ ਆਈਸ ਕਿਊਬ ਪਾ ਕੇ ਗ੍ਰਾਈਡ ਕਰੋ। ਹੁਣ ਸ਼ੇਕ ’ਚ ਪ੍ਰੋਟੀਨ ਪਾਊਡਰ ਰਲਾ ਲਓ ਅਤੇ 2 ਸੈਕਿੰਡ ਲਈ ਫ਼ਿਰ ਤੋਂ ਬਲੈਂਡ ਕਰੋ। ਇਸ ਸ਼ੇ ਨੂੰ ਥੋੜ੍ਹਾ ਜਿਹਾ ਗਾੜਾ ਬਣਾਉਣ ਲਈ ਇਸ ’ਚ ਥੋੜ੍ਹਾ ਜਿਹਾ ਦੁੱਧ ਹੋਰ ਪਾਓ।

# ਲਸੁਣੀ ਬੈਂਗਣ ਰੈਸਿਪੀ



ਸਮਗਰੀ
ਬੈਂਗਣ– 1
ਪਿਆਜ਼–1
ਲਣਸ– 15– 20 ਕਲੀਆਂ
ਲਸਣ ਪੇਸਟ– 1 ਚਮਚ
ਟਮਾਟਰ– 1
ਹਰੀ ਮਿਰਚ– 3
ਨਮਕ ਸੁਆਦ ਅਨੁਸਾਰ
ਜੀਰਾ ਪਾਊਡਰ– 1 ਚਮਚ
ਹਲਦੀ ਪਾਊਡਰ–1/2 ਚਮਚ
ਗਰਮ ਮਸਾਲਾ– 1/2 ਚਮਚ
ਧਨੀਆ ਦੇ ਪੱਤੇ– 2 ਚਮਚ
ਤੇਲ
ਵਿਧੀ – ਸਭ ਤੋਂ ਪਹਿਲਾਂ ਬੈਂਗਣ ਨੂੰ ਧੋ ਲਓ ਅਤੇ ਚਾਕੂ ਦੀ ਮਦਦ ਨਾਲ ਉਸ ’ਚ ਲੰਬੇ–ਲੰਬੇ ਚੀਰੇ ਲਗਾ ਲਓ। ਚੀਰੇ ’ਚ ਹਰ ਸਾਈਡ ’ਤੇ ਤੇਲ ਲਗਾਓ। ਹਰ ਚੀਰੇ ਦੇ ਅੰਦਰ ਲਸਣ ਦੀਆਂ ਕਲੀਆਂ ਨੂੰ ਉਂਗਲੀਆਂ ਨਾਲ ਡੂੰਘਾਈ ਤੱਕ ਪਾਓ। ਗੈਸ ਚਲਾਓ ਅਤੇ ਉਸ ’ਤੇ ਬੈਂਗਣ ਰੱਖ ਦਿਓ। ਬੈਂਗਣ ਨੂੰ ਪੂਰਾ ਕਾਲਾ ਹਣ ਤੱਕ 5 ਮਿੰਟ ਤੱਕ ਭੁੰਨੋ। ਫ਼ਿਰ ਗੈਸ ਬੰਦ ਕਰ ਦਿਓ ਅਤੇ ਬੈਂਗਣ ਨੂੰ ਠੰਡੇ ਪਾਣੀ ’ਚ ਪਾਓ ਇਸ ਤੋਂ ਬਾਅਦ ਉਸ ਨੂੰ ਛਿੱਲ ਲਓ ਙੁਣ ਇਸ ’ਚ ਬੈਂਗਣ ਨੂੰ ਕਟੋਰੇ ’ਚ ਰੱਖ ਕੇ ਚੰਗੀ ਨਾਲ ਮਸਲ ਲਓ। ਹੁਣ ਗੈਸ ’ਤੇ ਪੈਨ ਰੱਖੋ ਉਸ ’ਚ ਹਲਕਾ ਜਿਹਾ ਤੇਲ ਪਾ ਕੇ ਗਰਮ ਕਰੋ, ਫ਼ਿਰ ਉਸ ’ਚ ਕੱਟੇ ਹੋਏ ਪਿਆਜ਼ ਅਤੇ ਲਸਣ ਪੇਸਟ ਪਾ ਕੇ 4 ਮਿੰਟ ਤੱਕ ਫ਼ਰਾਈ ਕਰੋ, ਅੱਗ ਹੌਲੀ ਰੱਖੋ। ਹੁਣ ਇਸ ’ਚ ਅਦਰਕ ਪੇਸਟ, ਹਰੀ ਮਿਰਚ, ਹਲਦੀ ਪਾਊਡਰ, ਲਾਲ ਮਿਰਚ ਪਾਊਡਰ, ਜੀਰਾ ਪਾਊਡਰ ਪਾ ਕੇ 3 ਮਿੰਟ ਤੱਕ ਪਕਾਓ। ਹੁਣ ਇਸ ’ਚ ਟਮਾਟਰ ਅਤੇ ਨਮਕ ਪਾ ਕੇ 4 ਮਿੰਟ ਤੱਕ ਪਕਾਓ। ਹੁਣ ਇਸ ’ਚ ਸਮਲਿਆਂ ਹੋਇਆ ਬੈਂਗਣ ਪਾ ਕੇ 2–3 ਮਿੰਟ ਤੱਕ ਪਕਾਓ। ਇੱਕ ਵਾਰ ਹੋ ਜਾਣ ਤੋਂ ਬਾਅਦ ਅੱਗ ਬੰਦ ਕਰ ਦਿਓ ਅਤੇ ਇਸ ’ਚ ਕੱਟਿਆ ਹੋਣ ਧਨੀਆ ਪਾ ਦਿਓ।

# ਆਲੂ-ਪਨੀਰ ਸਲਾਦ



ਸਮੱਗਰੀ
ਸਮੱਗਰੀ–ਮੱਖਣ 1 ਚੱਮਚ, ਪਨੀਰ 1 ਕੱਪ, ਆਲੂ ਛੋਟੇ ਆਕਾਰ ਦੇ ਡੇਢ ਕੱਪ, ਬਰਾਊਨ ਸ਼ੂਗਰ 1 ਚੱਮਚ, ਕਾਰਨ (ਉਬਲੇ ਹੋਏ) ਅੱਧਾ ਕੱਪ, ਲਾਲ ਸ਼ਿਮਲਾ ਮਿਰਚ ਕਟੀ ਹੋਈ ਅੱਧਾ ਕੱਪ, ਹਰੀ ਸ਼ਿਮਲਾ ਮਿਰਚ ਕਟੀ ਹੋਈ ਅੱਧਾ ਕੱਪ, ਚੈਰੀ 4–5, ਨਮਕ ਤੇ ਕਾਲੀ ਮਿਰਚ ਸਵਾਦ ਅਨੁਸਾਰ।
ਸਜਾਵਟ ਲਈ–ਮਿਊਨੀਜ਼ 1 ਚੱਮਚ, ਕਾਲੀ ਮਿਰਚ ਕਸਟਰਡ 1/2 ਚੱਮਚ, ਕੁੱਟੀ ਹੋਈ ਲਾਲ ਮਿਰਚ ਅੱਧਾ ਚੱਮਚ, ਆਰਗੇਨੋ ਅੱਧਾ ਚੱਮਚ। ਸਜਾਵਟ ਲਈ ਉੱਬਲੇ ਹੋਏ ਅਮਰੀਕਨ ਕਾਰਨ।
ਵਿਧੀ
ਬਣਾਉਣ ਦਾ ਤਰੀਕਾ–ਕੜਾਹੀ ’ਚ ਮੱਖਣ ਪਾ ਕੇ ਗਰਮ ਕਰੋ।
ਇਸ ’ਚ ਸਭ ਤੋਂ ਪਹਿਲਾਂ ਪਨੀਰ ਨੂੰ ਚੰਗੀ ਤਰ੍ਹਾਂ ਤਲ ਲਓ। ਫ਼ਿਰ ਇਸ ਵਿੱਚ ਬਰਾਊਨ ਸ਼ੂਗਰ, ਬੇਬੀ ਪਟੈਟੋ, ਨਮਕ ਤੇ ਮਿਰਚ ਪਾ ਕੇ ਲੱਗਭੱਗ ਦੋ ਮਿੰਟ ਤੱਕ ਘੱਟ ਸੇਕ ’ਤੇ ਪਕਾਓ। ਇਸ ਤੋਂ ਬਾਅਦ ਉੱਬਲੇ ਹੋਏ ਕਾਰਨ, ਲਾਲ ਅਤੇ ਹਰੀ ਸ਼ਿਮਲਾ ਮਿਰਚ ਨੂੰ ਪਾ ਕੇ ਚੰਗੀ ਤਰ੍ਹਾਂ ਮਿਲਾ ਲਓ। ਇਸ ਤੋਂ ਬਾਅਦ ਇਸ ਨੂੰ ਡੌਂਗੇ ਵਿੱਚ ਕੱਢ ਕੇ ਡ੍ਰੈਸਿੰਗ ਸਮੱਗਰੀ ਨੂੰ ਵੀ ਇਸ ’ਤੇ ਅਮਰੀਕਨ ਉੱਬਲੇ ਹੋਏ ਕਾਰਨ ਪਾ ਦਿਓ। ਜੇਕਰ ਤੁਸੀਂ ਇਸ ਵਿੱਚ ਹੋਰ ਸਬਜ਼ੀਆਂ ਮਿਲਾਉਣਾ ਚਾਹੋ, ਤਾਂ ਉਹ ਵੀ ਪਾ ਸਕਦੇ ਹੋ, ਜਿਵੇਂ–ਗਾਜਰ, ਫ਼ਰਾਂਸਬੀਨ ਆਦਿ।

# ਪੰਜਾਬੀ ਲੋਕ ਸੱਭਿਆਚਾਰ ਵਿੱਚ ਤ੍ਰਿੰਞਣ



➢ ਡਾ. ਪ੍ਰਿਤਪਾਲ ਸਿੰਘ ਮਹਿਰੋਕ

ਪੰਜਾਬੀ ਲੋਕ ਸੱਭਿਆਚਾਰ ਵਿੱਚ ਚਰਖੇ ਦਾ ਅਤੇ ਚਰਖਾ ਕੱਤਣ ਵਾਲੀਆਂ ਕੁੜੀਆਂ ਦਾ ਸਨਮਾਨਯੋਗ ਸਥਾਨ ਰਿਹਾ ਹੈ। ਸਾਧਾਰਨ ਅਰਥਾਂ ਵਿੱਚ ਕੁੜੀਆਂ ਜਦੋਂ ਇਕੱਠੀਆਂ ਹੋ ਕੇ ਚਰਖੇ ਕੱਤਦੀਆਂ ਹਨ, ਨੱਚਦੀਆਂ–ਗਾਉਂਦੀਆਂ ਹਨ ਅਤੇ ਇੱਕ–ਦੂਜੀ ਨਾਲ ਆਪਣੇ ਦਿਲੀ ਵਲਵਲੇ ਸਾਂਝੇ ਕਰਦੀਆਂ ਹਨ ਤਾਂ ਤ੍ਰਿੰਞਣ ਜੁੜ ਜਾਂਦਾ ਹੈ। ਸਮੇਂ ਦੇ ਬਦਲਣ ਨਾਲ ਹੁਣ ਪੰਜਾਬ ਦੇ ਪਿੰਡਾਂ ਵਿੱਚ ਤ੍ਰਿੰਞਣ ਦੀਆਂ ਅਜਿਹੀਆਂ ਝਾਕੀਆਂ ਕਿਧਰੇ ਘੱਟ ਹੀ ਵੇਖਣ ਨੂੰ ਮਿਲਦੀਆਂ ਹਨ। ਅਜਿਹਾ ਸਮਾਂ ਵੀ ਸੀ ਜਦੋਂ ਤ੍ਰਿੰਞਣ ਪੰਜਾਬੀ ਸੱਭਿਆਚਾਰ ਦਾ ਅਨਿੱਖੜਵਾਂ ਅੰਗ ਹੁੰਦਾ ਸੀ। ਪੰਜਾਬ ਵਿੱਚ ਹਰੇਕ ਰੁੱਤੇ ਤ੍ਰਿੰਞਣ ਜੁੜਦੇ ਰਹੇ ਹਨ, ਪਰ ਸਿਆਲ ਦੀਆਂ ਲੰਮੀਆਂ ਰਾਤਾਂ ਵਿੱਚ ਅੱਠੇ ਪਹਿਰ ਚੱਲਦੇ ਰਹਿਣ ਵਾਲੇ ਤ੍ਰਿੰਞਣਾਂ ਦਾ ਵਿਸ਼ੇਸ਼ ਆਨੰਦ, ਨਜ਼ਾਰਾ ਤੇ ਮਹੱਤਵ ਹੁੰਦਾ ਸੀ। ਸ਼ਾਮ ਹੋਣ ਤੋਂ ਪਹਿਲਾਂ ਕੁੜੀਆਂ ਆਪਣੇ ਚਰਖੇ, ਪੀੜ੍ਹੀਆਂ ਤੇ ਕੱਤਣੀਆਂ ਉਸ ਘਰ ਵਿੱਚ ਰੱਖ ਆਉਂਦੀਆਂ ਸਨ ਜਿਸ ਘਰ ਵਿੱਚ ਤ੍ਰਿੰਞਣ ਦਾ ਇਕੱਠ ਜੁੜਨਾ ਹੁੰਦਾ ਸੀ। ਰਾਤ ਹੋ ਜਾਣ ’ਤੇ ਤ੍ਰਿੰਞਣ ਵਿੱਚ ਭਾਗ ਲੈਣ ਵਾਲੀਆਂ ਕੁੜੀਆਂ ਕਿਸੇ ਨਿਸ਼ਚਿਤ ਸਥਾਨ ’ਤੇ ਇਕੱਠੀਆਂ ਹੁੰਦੀਆਂ ਤੇ ਫਿਰ ਇਕੱਠੀਆਂ ਇੱਕ ਜੁੱਟ ਦੇ ਰੂਪ ਵਿੱਚ ਤ੍ਰਿੰਞਣ ਵਾਲੇ ਘਰ ਪਹੁੰਚਦੀਆਂ। ਕੁੜੀਆਂ ਆਪਣੇ ਨਾਲ ਆਪਣੇ ਘਰਾਂ ਤੋਂ ਖਾਣ–ਪੀਣ ਲਈ ਨਿਕ–ਸੁੱਕ ਜਿਵੇਂ ਤਿਲਚੌਲੀ, ਭੁੱਜੀ ਹੋਈ ਮੱਕੀ ਜਾਂ ਛੋਲਿਆਂ ਦੇ ਦਾਣੇ, ਗੁੜ, ਮੂੰਗਫਲੀ, ਪਿੰਨੀਆਂ, ਗੁੜ–ਸ਼ੱਕਰ ਆਦਿ ਲੈ ਕੇ ਆਉਂਦੀਆਂ ਸਨ। ਇਸੇ ਕਰਕੇ ਤ੍ਰਿੰਞਣ ਨੂੰ ‘ਭੰਡਾਰਾ ਮੇਲਣਾ’ ਵੀ ਕਿਹਾ ਜਾਂਦਾ ਸੀ। ਘਰੋਂ ਲਿਆਂਦੀਆਂ ਵਸਤਾਂ ਨੂੰ ਕੁੜੀਆਂ ਜਦੋਂ ਦਿਲ ਕਰਦਾ ਜਾਂ ਚਰਖਾ ਕੱਤਣ ਤੋਂ ਜਦੋਂ ਵੀ ਵਿਹਲ ਮਿਲਦੀ ਖਾ ਲੈਂਦੀਆਂ। ਖਾਣ ਵਾਲੀਆਂ ਚੀਜ਼ਾਂ ਦਾ ਵਟਾਂਦਰਾ ਕਰਕੇ ਖਾਣ ਵਿੱਚ ਉਹ ਵੱਖਰੀ ਤਰ੍ਹਾਂ ਦੀ ਖ਼ੁਸ਼ੀ ਦਾ ਅਨੁਭਵ ਕਰਦੀਆਂ ਸਨ। ਦੀਵਿਆਂ ਵਿੱਚ ਪਾਉਣ ਲਈ ਉਹ ਸਰੋਂ ਦਾ ਤੇਲ ਲਿਆਉਣਾ ਨਹੀਂ ਸਨ ਭੁੱਲਦੀਆਂ। ਕੱਤਣ ਦੌਰਾਨ ਹਾਸਾ–ਮਜ਼ਾਕ ਕਰਨ, ਗੀਤ ਗਾਉਣ ਤੇ ਕੁਝ ਨਾ ਕੁਝ ਖਾਈ ਜਾਣ ਦਾ ਸਿਲਸਿਲਾ ਸਾਰੀ ਰਾਤ ਚੱਲਦਾ ਰਹਿੰਦਾ ਸੀ। ਰਾਤ ਭਰ ਚੱਲਦੇ ਰਹਿੰਦੇ ਤ੍ਰਿੰਞਣ ਨੂੰ ‘ਰਾਤ ਕੱਤਣੀ’ ਵੀ ਕਹਿ ਲਿਆ ਜਾਂਦਾ ਸੀ। ਸਰਦੀਆਂ ਦੇ ਦਿਨੀਂ ਰੋਟੀ ਟੁੱਕ ਕਰਨ ਤੇ ਚੁੱਲ੍ਹੇ–ਚੌਂਕੇ ਦੇ ਆਹਰ ਤੋਂ ਵਿਹਲੀਆਂ ਹੋ ਕੇ ਵੀ ਕੁੜੀਆਂ ਤ੍ਰਿੰਞਣ ਛੋਹ ਬੈਠਦੀਆਂ ਸਨ ਤੇ ਰਲ–ਮਿਲ ਕੇ ਚਰਖੇ ਕੱਤਦੀਆਂ ਸਨ। ਇਸ ਤ੍ਰਿੰਞਣ ਨੂੰ ‘ਚਿੜੀ ਚੜੂੰਗਾ’ ਕਿਹਾ ਜਾਂਦਾ ਸੀ। ਰਾਤ ਭਰ ਚੱਲਦੇ ਰਹਿਣ ਵਾਲੇ ਤ੍ਰਿੰਞਣ ਵਿੱਚ ਕੱਤਣ ਦੇ ਮੁਕਾਬਲੇ ਵੀ ਹੁੰਦੇ ਸਨ। ਉਨ੍ਹਾਂ ਨੂੰ ਛੋਪੇ ਕਿਹਾ ਜਾਂਦਾ ਸੀ। ਉਸ ਨੂੰ ਛੋਪ ਪਾ ਕੇ ਕੱਤਣਾ ਵੀ ਕਹਿ ਲਿਆ ਜਾਂਦਾ ਸੀ। ਸਰੋਂ ਦੇ ਤੇਲ ਦੇ ਦੀਵੇ ਜਗਾ ਲਏ ਜਾਂਦੇ ਸਨ। ਉਨ੍ਹਾਂ ਦੀ ਮਿੱਠੀ–ਮਿੱਠੀ ਰੌਸ਼ਨੀ ਵਿੱਚ ਚਰਖੇ ਕੱਤਦੀਆਂ ਮੁਟਿਆਰਾਂ ਵੀ ਮਸਤੀ ਵਿੱਚ ਆ ਕੇ ਚਰਚੇ ਕੱਤਦੀਆਂ ਤੇ ਵੰਨ–ਸੁਵੰਨੀ ਘੂਕਰ ਦੀਆਂ ਧੁਨਾਂ ਪੈਦਾ ਕਰਦੀਆਂ ਸਨ। ਚਰਖੇ ਗੂੰਜ ਉੱਠਦੇ ਸਨ, ਪੂਣੀਆਂ ਕੱਤੀਆਂ ਜਾਂਦੀਆਂ ਸਨ, ਕੁੜੀਆਂ ਗਲੋਟੇ ਬਣਾਈ ਜਾਂਦੀਆਂ ਸਨ ਤੇ ਨਾਲ–ਨਾਲ ਉਹ ਲੋਕ ਗੀਤਾਂ ਦੀਆਂ ਤੁਕਾਂ ਅਲਾਪਦੀਆਂ ਜਾਂਦੀਆਂ। ਰਾਤ ਦਾ ਤਾਰਾ ਚੜ੍ਹਦਿਆਂ ਹੀ ਛੋਪ ਪਾਉਣ ਦੀ ਤਿਆਰੀ ਸ਼ੁਰੂ ਹੋ ਜਾਂਦੀ। ਕੁੜੀਆਂ ਚੱਕਰ ਦੀ ਗੋਲਾਈ ਵਿੱਚ ਆਪਣੇ ਚਰਖੇ ਡਾਹ ਲੈਂਦੀਆਂ ਸਨ। ਕਿਸੇ ਚੁਸਤ ਤੇਜ਼ ਹੁਸ਼ਿਆਰ ਤੇ ਵਧੀਆ ਕੱਤਣ ਵਾਲੀ ਕੁੜੀ ਦੇ ਕੋਲ ਇੱਕ ਛੱਜ ਜਾਂ ਟੋਕਰਾ ਰੱਖ ਦਿੱਤਾ ਜਾਂਦਾ ਸੀ। ਸਾਰੀਆਂ ਕੁੜੀਆਂ ਆਪਣੇ ਆਪਣੇ ਹਿੱਸੇ ਦੀਆਂ ਚਾਰ–ਚਾਰ ਪੂਣੀਆਂ ਉਸ ਮੋਹਤਬਰ ਕੁੜੀ ਵੱਲ ਵਾਰੋ–ਵਾਰੀ ਸੁੱਟਦੀਆਂ ਜਾਂਦੀਆਂ, ਉਹ ਬੜੀ ਜੁਗਤ ਤੇ ਤਰਤੀਬ ਨਾਲ ਉਨ੍ਹਾਂ ਨੂੰ ਛੱਜ ਨਾਲ ਜਾਂ ਟੋਕਰੇ ਵਿੱਚ ਟਿਕਾਉਂਦੀ ਜਾਂਦੀ। ਇਸ ਤਰ੍ਹਾਂ ਨਾਲ ਚਾਰ–ਚਾਰ ਪੂਣੀਆਂ ਦੇ ਇੱਕ ਤੋਂ ਬਾਅਦ ਇੱਕ ਕਈ ਗੇੜ, ਪਹਿਲਾਂ ਬਣਾਈ ਤਰਤੀਬ ਨਾਲ ਹੀ, ਉੱਪਰ ਤੋਂ ਉੱਪਰ ਟਿਕਾ ਲਏ ਜਾਂਦੇ ਸਨ। ਮੋਹਤਬਰ ਕੁੜੀ ਇਸ ਗੱਲ ਦਾ ਸਹਿਜੇ ਹੀ ਅਨੁਮਾਨ ਲਗਾ ਲੈਂਦੀ ਸੀ ਕਿ ਸਾਰੀ ਰਾਤ ਵਿੱਚ ਕਿੰਨੀਆਂ ਕੁ ਪੂਣੀਆਂ ਕੱਤੀਆਂ ਜਾ ਸਕਣਗੀਆਂ। ਉਸ ਅੰਦਾਜ਼ੇ ਅਨੁਸਾਰ ਹੀ ਛੋਪ ਪਾਏ ਜਾਂਦੇ ਸਨ। ਛੋਪ ਪਾ ਲਏ ਜਾਣ ਪਿੱਛੋਂ ਕੁੜੀਆਂ ਕੱਤਣਾ ਸ਼ੁਰੂ ਕਰ ਦਿੰਦੀਆਂ। ਮੋਹਤਬਰ ਕੁੜੀ ਸਾਰੀਆਂ ਕੁੜੀਆਂ ਵੱਲ ਪਹਿਲੇ ਗੇੜ ਦੀਆਂ ਚਾਰ–ਚਾਰ ਪੂਣੀਆਂ ਸੁੱਟ ਦਿੰਦੀ। ਮੋਹਤਬਰ ਬਣਾਈ ਕੁੜੀ ਨੂੰ ਬਾਕੀਆਂ ਨਾਲੋਂ ਦੁੱਗਣਾ ਕੰਮ ਕਰਨਾ ਪੈਂਦਾ ਸੀ। ਉਸ ਨੇ ਕੁੜੀਆਂ ਵੱਲ ਪੂਣੀਆਂ ਵੀ ਸੁੱਟਣੀਆਂ ਹੁੰਦੀਆਂ ਸਨ ਤੇ ਆਪਣੇ ਹਿੱਸੇ ਦਾ ਕੱਤਣਾ ਵੀ ਹੁੰਦਾ ਸੀ। ਜਿਉਂ–ਜਿਉਂ ਪੂਣੀਆਂ ਦੇ ਗੇੜਾਂ ਦੀ ਗਿਣਤੀ ਵਧਦੀ ਜਾਂਦੀ, ਕੋਈ ਨਾ ਕੋਈ ਕੁੜੀ ਕੱਤਣ ਵਿੱਚ ਪੱਛੜਦੀ ਜਾਂਦੀ ਤੇ ਪੂਣੀਆਂ ਸੁੱਟਣ ਵਾਲੀ ਕੁੜੀ ਕੋਲ ਟੋਕਰੇ ਵਿੱਚ ਪੂਣੀਆਂ ਜਮ੍ਹਾਂ ਹੋਣੀਆਂ ਸ਼ੁਰੂ ਹੋ ਜਾਂਦੀਆਂ। ਛੋਪ ਪਾਉਣ ਦੇ ਗੇੜ ਚੱਲਦੇ ਰਹਿੰਦੇ, ਉਪਰੋਥਲੀ ਹਾਸਾ ਠੱਠਾ ਵੀ ਚੱਲਦਾ ਰਹਿੰਦਾ, ਚਾਹ ਬਣਾਈ ਤੇ ਵਰਤਾਈ ਜਾਂਦੀ, ਅੱਧੀ ਰਾਤ ਤੇ ਫਿਰ ਸਵੇਰ ਹੋਣ ਤਕ ਇਹ ਸਿਲਸਿਲਾ ਚੱਲਦਾ ਰਹਿੰਦਾ। ਵੇਖੋ–ਵੇਖੀ ਕੁੜੀਆਂ ਵਧੀਆ ਤੋਂ ਵਧੀਆ ਚਰਖਾ ਲੈਣ ਦੀ ਰੀਝ ਆਪਣੇ ਮਨ ਵਿੱਚ ਪਾਲਦੀਆਂ ਸੁਣੀਆਂ ਜਾਂਦੀਆਂ:

ਕਿੱਕਰ ਦਾ ਮੇਰਾ ਚਰਖਾ ਮਾਏ
ਟਾਹਲੀ ਦਾ ਬਣਵਾ ਦੇ।
ਇਸ ਚਰਖੇ ਦੇ ਹਿੱਲੇ ਮਝੇਰੂ
ਮਾਲ੍ਹਾਂ ਬਹੁਤੀਆਂ ਖਾਵੇ।
ਮੇਰੇ ਹਾਣ ਦੀਆਂ ਕੱਤ ਕੇ ਸੌਂ ਗਈਆਂ
ਮੈਥੋਂ ਕੱਤਿਆ ਨਾ ਜਾਵੇ।
ਚਰਖਾ ਬੂਹ ਚੰਦਰਾ
ਮੇਰੀ ਨੀਂਦ ਉਡਾਵੇ।

ਧੀ ਦੀ ਅਜਿਹੀ ਫ਼ਰਮਾਇਸ਼ ਨੂੰ ਸੁਣਨ ਤੋਂ ਪਿੱਛੋਂ ਹਾਜ਼ਰ ਜਵਾਬ ਮਾਂ ਟਟ–ਫਟ ਕਹਿਣ ਲੱਗ ਜਾਂਦੀ ਸੀ:

ਧੀਏ, ਚੱਜ ਨਾ ਕੱਤਣ ਦਾ ਤੈਨੂੰ
ਚਰਖੇ ਨੂੰ ਦੋਸ਼ ਦੇਨੀਂ ਏਂ।

ਤ੍ਰਿੰਞਣ ਸਜਾ ਕੇ ਬੈਠੀਆਂ ਕੁੜੀਆਂ ਪਹੁ ਫੁਟਾਲੇ ਤਕ ਵਾਹੋ–ਦਾਹੀ ਚਰਖੇ ਕੱਤਦੀਆਂ ਰਹਿੰਦੀਆਂ। ਰਾਤ ਭਰ ਕਈ ਕਈ ਵਾਰ ਉੱਠ ਕੇ ਦੀਵਿਆਂ ਵਿੱਚ ਤੇਲ ਪਾਇਆ ਜਾਂਦਾ। ਪੰਜਾਬੀ ਸੱਭਿਆਚਾਰ ਵਿੱਚ ਆਪਸੀ ਮੇਲਜੋਲ, ਸਦਭਾਵਨਾ ਅਤੇ ਭਾਈਚਾਰੇ ਵਿੱਚ ਆਪਸੀ ਵਿਸ਼ਵਾਸ ਦਾ ਕਮਾਲ ਵੇਖੋ ਕਿ ਛੋਪ ਕੱਤ ਲੈਣ ਪਿੱਛੋਂ ਤ੍ਰਿੰਞਣ ਦੀਆਂ ਖ਼ੁਸ਼ੀਆਂ ਸਾਂਝੀਆਂ ਕਰ ਲੈਣ ਪਿੱਛੋਂ ਕੁੜੀਆਂ ਉੱਥੇ ਹੀ ਸੌਂ ਜਾਂਦੀਆਂ ਸਨ। ਦਿਨ ਚੜ੍ਹੇ ਆਪਣੇ–ਆਪਣੇ ਚਰਖੇ, ਕੱਤਿਆ ਸੂਤ ਅਤੇ ਕੱਤਣੀਆਂ ਲੈ ਕੇ ਕੁੜੀਆਂ ਘਰੋ–ਘਰੀ ਤੁਰ ਜਾਂਦੀਆਂ। ਸਿਆਲੀ ਰੁੱਤੇ ਅਜਿਹੇ ਤ੍ਰਿੰਞਣ ਜੁੜਨੇ, ਛੋਪ ਪੈਣੇ ਤੇ ਖ਼ੁਸ਼ੀਆਂ ਵੰਡਣੀਆਂ–ਵੰਡਾਉਣੀਆਂ ਬੜੀ ਆਮ ਗੱਲ ਹੁੰਦੀ ਸੀ। ਬਜ਼ੁਰਗ ਦੱਸਦੇ ਹਨ ਕਿ ਕਦੇ–ਕਦੇ ਅੱਠ ਪਹਿਰਾਂ ਵੀ ਕੱਤਿਆ ਜਾਂਦਾ ਸੀ। ਸੂਰਜ ਛਿਪਣ ਦੇ ਸਮੇਂ ਤ੍ਰਿੰਞਣ ਵਿੱਚ ਕੱਤਣਾ ਸ਼ੁਰੂ ਕਰਨ ਤੋਂ ਲੈ ਕੇ ਸਾਰੀ ਰਾਤ ਕੱਤਦਿਆਂ ਰਹਿਣ ਤੇ ਫਿਰ ਅਗਲੇ ਦਿਨ ਦੇ ਸੂਰਜ ਛਿਪਣ ਤੱਕ, ਅੱਠੇ ਪਹਿਰ ਤ੍ਰਿੰਞਣ ਵਿੱਚ ਕੱਤਣ ਦਾ ਸਿਲਸਿਲਾ ਚੱਲਦਾ ਰਹਿੰਦਾ ਸੀ।

ਬੇਸ਼ਕ ਇਹ ਬੀਤ ਗਏ ਸਮੇਂ ਦੀਆਂ ਗੱਲਾਂ ਹਨ, ਪਰ ਹੁਣ ਵੀ ਜਦੋਂ ਸੱਭਿਆਚਾਰਕ ਸਾਂਝ ਦਾ ਜ਼ਿਕਰ ਹੁੰਦਾ ਹੈ ਤਾਂ ਤ੍ਰਿੰਞਣ ਦੀ ਗੱਲ ਜ਼ਰੂਰ ਛਿੜਦੀ ਹੈ। ਤ੍ਰਿੰਞਣਾਂ ਨੂੰ ਯਾਦ ਕਰਕੇ ਬੀਤੇ ਸਮਿਆਂ ਦੇ ਸੁਖਾਵੇਂ ਅਨੁਭਵ ਦੀ ਕਲਪਨਾ ਸਹਿਜ ਹੀ ਕੀਤੀ ਜਾ ਸਕਦੀ ਹੈ। ਸਮਾਂ ਰੁਕਦਾ ਨਹੀਂ, ਇਤਿਹਾਸ ਵਿੱਚ ਸਾਂਭਿਆ ਜ਼ਰੂਰ ਜਾਂਦਾ ਹੈ:

ਪਾਣੀ ਜੋ ਅੱਜ ਪੱਤਣੋਂ ਲੰਘਦਾ
ਫੇਰ ਨਾ ਆਉਂਦਾ ਭਲਕੇ
ਬੇੜੀ ਦਾ ਪੂਰ, ਤ੍ਰਿੰਞਣ ਦੀਆਂ
ਕੁੜੀਆਂ ਫੇਰ ਨਾ ਬੈਠਣ ਰਲ ਕੇ।

ਹਰੇਕ ਸਮੇਂ ਦੀ ਅਟੱਲ ਸੱਚਾਈ ਕਹਿੰਦੀਆਂ ਉਪਰੋਕਤ ਤੁਕਾਂ ਤ੍ਰਿੰਞਣ ਦਾ ਮਹੱਤਵ ਵੀ ਦਰਸਾ ਜਾਂਦੀਆਂ ਹਨ ਤੇ ਬਹੁਤ ਕੁਝ ਸੋਚਣ ਲਈ ਵੀ ਮਜਬੂਰ ਕਰ ਦਿੰਦੀਆਂ ਹਨ। ਕਿਸੇ ਸਮੇਂ ਪੰਜਾਬ ਦੇ ਲੋਕ ਜੀਵਨ ਵਿੱਚ ਚਰਖਾ ਕੱਤਣ ਨੂੰ ਕੁੜੀਆਂ ਦਾ ਵੱਡਾ ਰੁਝੇਵਾਂ ਤੇ ਆਹਰ ਸਮਝਿਆ ਜਾਂਦਾ ਸੀ ਤੇ ਉਨ੍ਹਾਂ ਦੀ ਸ਼ਖ਼ਸੀਅਤ ਦਾ ਵਿਲੱਖਣ ਗੁਣ ਵੀ ਤਸੱਵਰ ਕੀਤਾ ਜਾਂਦਾ ਸੀ। ਹੁਣ ਇਹ ਗੱਲਾਂ ਭਾਵੇਂ ਬਹੁਤਾ ਮਹੱਤਵ ਨਹੀਂ ਰੱਖਦੀਆਂ, ਪਰ ਲੋਕਧਾਰਾ ਵਿੱਚ ਇਨ੍ਹਾਂ ਦਾ ਮਹੱਤਵ ਜਿਉਂ ਦਾ ਤਿਉਂ ਬਣਿਆ ਚਲਿਆ ਆ ਰਿਹਾ ਹੈ। ਕਿਸੇ ਦੇ ਕਹੇ ਪੁਰਾਣੇ ਬੋਲ ਅਜੇ ਵੀ ਯਾਦ ਆ ਜਾਂਦੇ ਹਨ:

ਜੋਗੀ ਉੱਤਰ ਪਹਾੜੋਂ ਆਇਆ
ਚਰਖੇ ਦੀ ਘੂਕ ਸੁਣ ਕੇ।

ਘਰਾਂ ਦੇ ਸਾਜ਼–ਸਾਮਾਨ ਵਿੱਚ ਚਰਖੇ ਦਾ ਮੌਜੂਦ ਹੋਣਾ ਬਹੁਤੀਆਂ ਹਾਲਤਾਂ ਵਿੱਚ ਮਾਣ ਮਹਿਸੂਸ ਕਰਨ ਵਾਲੀ ਗੱਲ ਸਮਝੀ ਜਾਂਦੀ ਸੀ। ਵਧੀਆ ਦਿੱਖ ਵਾਲਾ ਚਰਖਾ ਬਣਾਉਣ ਵਾਲੇ ਕਾਰੀਗਰ ਦੇ ਵੀ ਸੋਹਲੇ ਗਏ ਜਾਂਦੇ ਸਨ।

ਤ੍ਰਿੰਞਣ ਜੋੜਨ ਲਈ ਵਧੇਰੇ ਕਰਕੇ ਉਸ ਘਰ ਦੀ ਚੋਣ ਕੀਤੀ ਜਾਂਦੀ ਸੀ, ਜਿਸ ਘਰ ਵਿੱਚ ਦੋ–ਤਿੰਨ ਕੁੜੀਆਂ, ਜਿਨ੍ਹਾਂ ਨੇ ਤ੍ਰਿੰਞਣ ਵਿੱਚ ਕੱਤਣਾ ਹੁੰਦਾ ਸੀ, ਹੁੰਦੀਆਂ ਸਨ। ਸ਼ਾਮ ਹੋਣ ਤੋਂ ਪਹਿਲਾਂ ਹੀ ਤ੍ਰਿੰਞਣ ਦੀਆਂ ਤਿਆਰੀਆਂ ਆਰੰਭ ਕਰ ਦਿੱਤੀਆਂ ਜਾਂਦੀਆਂ ਸਨ।

ਇਹ ਲੋਕਧਾਰਾ ਵਿਗਿਆਨੀਆਂ ਦੇ ਸਿਦਕ, ਸਿਰੜ, ਮਿਹਨਤ ਅਤੇ ਖੇਤਰੀ ਖੋਜ ਕਾਰਜ ਦਾ ਹੀ ਪ੍ਰਤੀਫਲ ਹੈ ਕਿ ਲੋਕਧਾਰਾ ਨਾਲ ਸਬੰਧਤ ਅਮੀਰ ਵਿਰਾਸਤ ਦੀ ਅਮੋਲਵੀਂ ਸਮੱਗਰੀ ਸਾਡੇ ਤਕ ਪਹੁੰਚ ਸਕੀ ਹੈ। ਹੁਣ ਵੀ ਅਜਿਹੀ ਕੀਮਤੀ ਜਾਣਕਾਰੀ ਨੂੰ ਕਲਮਬੱਧ ਕਰਨ ਵਾਸਤੇ ਸੁਚੇਤ ਪੱਧਰ ’ਤੇ ਯਤਨ ਕਰਨ ਦੀ ਲੋੜ ਹੈ। ਲੋਕਧਾਰਾ ਨਾਲ ਸਬੰਧਤ ਦੁਰਲੱਭ ਖ਼ਜ਼ਾਨੇ ਨੂੰ ਆਉਣ ਵਾਲੇ ਸਮੇਂ ਤਕ ਸਾਂਭ ਕੇ ਰੱਖਣ ਲਈ ਸਰਕਾਰਾਂ ਨੂੰ ਵੀ ਪ੍ਰਾਜੈਕਟ ਉਲੀਕ ਕੇ ਉਨ੍ਹਾਂ ਉੱਪਰ ਕੰਮ ਕਰਵਾਉਣਾ ਚਾਹੀਦਾ ਹੈ। ਤ੍ਰਿੰਞਣ ਹੁਣ ਸੁਪਨੇ ਦੀ ਨਿਆਈਂ ਹੋ ਗਏ ਹਨ, ਜੋ ਬੀਤੇ ਸਮਿਆਂ ਦੀ ਮਿੱਠੀ ਤੇ ਸੁਹਾਵਣੀ ਯਾਦ ਬਣ ਕੇ ਰਹਿ ਗਏ ਹਨ।



# ਜਜ਼ਬਾਤੀ ਸੂਝ-ਬੂਝ: ਜੀਵਨ ਵਿੱਚ ਸਫਲਤਾ ਦਾ ਰਾਜ਼

ਡਾ. ਜਗਦੀਸ਼ ਕੌਰ ਵਾਡੀਆ

ਜੀਵਨ ਵਿੱਚ ਸਫਲਤਾ ਹਾਸਲ ਕਰਨ ਲਈ ਖ਼ੁਸ਼ੀ, ਉਤਸ਼ਾਹ, ਵਿਸ਼ਵਾਸ, ਸਾਕਾਰਾਤਮਕ ਸੋਚ ਤੇ ਰਵੱਈਆ, ਸਮਰੱਥਾ ਤੇ ਸਮਾਜਿਕ ਵਰਤੋਂ ਵਿਹਾਰ ਅਨੇਕਾਂ ਪਹਿਲੂ ਹਨ, ਪਰ ਸ਼ਖ਼ਸੀਅਤ ਨੂੰ ਹੋਰ ਉਚੇਰਾ ਚੁੱਕਣ ਤੇ ਨਿਖਾਰਨ ਲਈ ਕੁਝ ਹੋਰ ਪੱਖ ਵੀ ਹਨ ਜਿਨ੍ਹਾਂ ਵਿੱਚ ਮਹੱਤਵਪੂਰਨ ਹੈ ਭਾਵਨਾਤਮਕ ਸੂਝਬੂਝ ਤੇ ਦੂਰ–ਅੰਦੇਸ਼ੀ। ਪੁਰਾਤਨ ਕਾਲ ਵਿੱਚ ਗੁਰੂਕੁਲ ਵਿੱਚ ਸਰਬਪੱਖੀ ਵਿਦਿਆ ਦਿੱਤੀ ਜਾਂਦੀ ਸੀ ਜਿਸ ਨਾਲ ਬੱਚੇ ਦਾ ਸਮੁੱਚਾ ਸ਼ਖ਼ਸੀ ਵਿਕਾਸ ਹੁੰਦਾ ਸੀ। ਉਸ ਨੂੰ ਰਾਜਸੀ, ਸਮਾਜਿਕ, ਨੀਤੀਬਾਰੀ, ਵਿਦਿਅਕ ਗਿਆਨ ਆਦਿ ਦੇ ਕੇ ਪੂਰੀ ਤਰ੍ਹਾਂ ਸਿੱਖਿਅਤ ਕਰਕੇ ਖੇਤਰ ਵਿੱਚ ਵਿਚਾਰਨਯੋਗ ਬਣਾਇਆ ਜਾਂਦਾ ਸੀ। ਇਹੀ ਪ੍ਰਣਾਲੀ ਬਹੁਤ ਦੇਰ ਪ੍ਰਚਲਿੱਤ ਰਹੀ। ਉਸ ਦੇ ਮੁਕਾਬਲੇ ਜੇ ਅਜੋਕੀ ਸਿੱਖਿਆ ਪ੍ਰਣਾਲੀ ਵੱਲ ਝਾਤੀ ਮਾਰੀਏ ਤਾਂ ਬਸਤਿਆਂ ਤੇ ਪੁਸਤਕਾਂ ਦੇ ਭਾਰ ਹੇਠ ਬੱਚਿਆਂ ਦਾ ਬਚਪਨ ਦੱਬ ਕੇ ਰਹਿ ਗਿਆ ਹੈ, ਉਨ੍ਹਾਂ ਨੂੰ ਵਧੇਰੇ ਕਰਕੇ ਕਿਤਾਬੀ ਗਿਆਨ ਦੇਣ ਉੱਤੇ ਹੀ ਜ਼ੋਰ ਦਿੱਤਾ ਜਾਂਦਾ ਹੈ ਤੇ ਬਹੁਤ ਸਾਰੀਆਂ ਗੱਲਾਂ ਅਮਲੀ ਰੂਪ ਵਿੱਚ ਜੀਵਨ ਵਿੱਚ ਲਾਗੂ ਨਹੀਂ ਕੀਤੀਆਂ ਜਾਂਦੀਆਂ। ਅਮਲੀ ਰੂਪ ਵਿੱਚ ਗਿਆਨ ਹੀ ਮਨੁੱਖ ਦੀ ਸ਼ਖ਼ਸੀਅਤ ਵਿੱਚ ਨਿਖਾਰ ਲਿਆਉਂਦਾ ਹੈ।

ਅੱਜ ਲੋੜ ਹੈ ਬੱਚੇ ਦੇ ਸਰਬਪੱਖੀ ਵਿਕਾਸ ਵੱਲ ਧਿਆਨ ਦੇਣ ਦੀ, ਸ਼ਖ਼ਸੀਅਤ ਦਾ ਵਿਕਾਸ ਕਰਨ ਦੀ। ਸ਼ਖ਼ਸੀਅਤ ਤੋਂ ਭਾਵ ਉਸ ਦੀ ਬਾਹਰੀ ਦਿੱਖ, ਪਹਿਰਾਵਾ ਜਾਂ ਆਲੇ–ਦੁਆਲੇ ਲੋਕਾਂ ਜਾਂ ਦੋਸਤਾਂ ਨਾਲ ਮੇਲ ਜੋਲ ਜਾਂ ਵਰਤੋਂ ਵਿਹਾਰ ਨਹੀਂ; ਇਸ ਵਿੱਚ ਉਸ ਦੀ ਅੰਦਰੂਨੀ ਖ਼ੂਬਸੂਰਤੀ ਵੀ ਸ਼ਾਮਲ ਹੋਣੀ ਜ਼ਰੂਰੀ ਹੈ। ਇੱਕ ਵਿਅਕਤੀ ਦੀ ਸ਼ਖ਼ਸੀਅਤ ਦੇ ਦੋ ਪਹਿਲੂ ਹੁੰਦੇ ਹਨ– ਬਾਹਰੀ ਤੇ ਅੰਦਰੂਨੀ ਅਤੇ ਜੇ ਉਹ ਅੰਦਰੂਨੀ ਤੌਰ ’ਤੇ ਸੰਤੁਲਿਤ ਹੈ ਤੇ ਬਾਹਰੀ ਤੌਰ ’ਤੇ ਖ਼ੂਬਸੂਰਤ, ਸਭ ਨਾਲ ਰਚਿਆ– ਮਿਚਿਆ ਮਿਲਾਪੜਾ ਹੈ ਤਾਂ ਉਸ ਨੂੰ ਬਾਖ਼ੂਬੀ ਮੁਕੰਮਲ ਸ਼ਖ਼ਸੀਅਤ ਵਾਲਾ ਕਿਹਾ ਜਾਂਦਾ ਹੈ ਜਿਸ ਤੋਂ ਭਾਵ ਹੈ ਕਿ ਸਰੀਰਿਕ ਤੌਰ ’ਤੇ ਤੰਦਰੁਸਤ, ਮਾਨਸਿਕ ਤੌਰ ’ਤੇ ਸੁਚੇਤ, ਭਾਵੁਕਤਾ ਦੇ ਪੱਖਾਂ ਤੋਂ ਸੰਤੁਲਿਤ ਤੇ ਸਮਾਜਿਕ ਤੌਰ ’ਤੇ ਸਭ ਨਾਲ ਮਿਲ–ਜੁਲ ਕੇ ਰਹਿਣ ਵਾਲਾ।

ਸਾਡੀ ਅਜੋਕੀ ਵਿਦਿਅਕ ਪ੍ਰਣਾਲੀ ਅਨੁਸਾਰ ਬੱਚਿਆਂ ਨੂੰ ਜੋ ਸਿੱਖਿਆ ਦਿੱਤੀ ਜਾਂਦੀ ਹੈ, ਉਸ ਵਿੱਚ ਵਧੇਰੇ ਜ਼ੋਰ ਸਰੀਰਿਕ ਤੇ ਮਾਨਸਿਕ ਵਿਕਾਸ ਉੱਤੇ ਦਿੱਤਾ ਜਾਂਦਾ ਹੈ, ਭਾਵਨਾਤਮਕ ਤੇ ਸਮਾਜਿਕ ਤੌਰ ’ਤੇ ਵਿਕਸਿਤ ਕਰਨ ਉੱਤੇ ਨਹੀਂ। ਸਰੀਰਿਕ ਤੋਂ ਭਾਵ ਹੈ ਬੱਚੇ ਵਿੱਚ ਗਤੀਵਿਧੀ ਯੋਗਤਾ ਵਿਕਸਿਤ ਕਰਨੀ ਜਿਵੇਂ ਕਿ ਗਤੀ, ਤਾਕਤ ਬਲ, ਸਮਰੱਥਾ, ਲਚਕੀਲਾਪਣ, ਫੁਰਤੀਲਾਪਣ, ਗਤੀਸ਼ੀਲਤਾ ਤੇ ਸਹਿਣਸ਼ੀਲਤਾ ਆਦਿ। ਮਾਨਸਿਕ ਤੌਰ ’ਤੇ ਵਿਕਾਸ ਤੋਂ ਭਾਵ ਹੈ ਸਮੁੱਚੀ ਬੁੱਧੀਮਤਾ ਦਾ ਗਤੀਸ਼ੀਲ ਹੋਣਾ ਅਰਥਾਤ ਸਿੱਖਣਾ, ਬਲਸ਼ਕਤੀ, ਯਾਦ ਰੱਖਣਾ, ਸੋਚ ਵਿਚਾਰ ਕਰਨੀ, ਤਰਕਸ਼ੀਲਤਾ, ਫ਼ੈਸਲਾ ਲੈਣਾ ਤੇ ਸਮੱਸਿਆ ਦਾ ਸਮਾਧਾਨ ਕਰਨਾ ਆਦਿ। ਇਹ ਸਾਰੇ ਪਹਿਲੂ ਉਸ ਦਾ ਗਿਆਨ ਵਿਕਸਿਤ ਕਰਨ ਨਾਲ ਸਬੰਧਤ ਹਨ, ਭਾਵ ਉਸ ਦੀ ਬੁੱਧੀਮਤਾ, ਦੂਰਅੰਦੇਸ਼ੀ ਤੇ ਸੂਝ–ਬੂਝ ਆਦਿ।

ਇਸ ਬਾਰੇ ਇੱਕ ਹੋਰ ਵਿਚਾਰਧਾਰਾ ਉੱਭਰ ਕੇ ਸਾਹਮਣੇ ਆਈ ਹੈ ਕਿ ਜੀਵਨ ਵਿੱਚ ਸਫਲਤਾ ਹਾਸਲ ਕਰਨ ਲਈ ਕੇਵਲ ਬੁੱਧੀਮਤਾ ਜਾਂ ਦੂਰਅੰਦੇਸ਼ੀ ਹੀ ਨਹੀਂ, ਸਗੋਂ ਭਾਵਨਾਤਮਕ ਸੂਝਬੂਝ ਵੀ ਮਾਅਨੇ ਰੱਖਦੀ ਹੈ। ਅੱਜ ਦਾ ਯੁੱਗ ਕਾਰਪੋਰੇਟ ਦਾ ਯੁੱਗ ਹੈ। ਉਚੇਰੀ ਸਿੱਖਿਆ ਹਾਸਲ ਕਰਨ ਉਪਰੰਤ, ਮੁਕਾਬਲੇ ਵਿੱਚ ਸਫ਼ਲ ਹੋਣ ਤੇ ਭਿੰਨ–ਭਿੰਨ ਕੰਪਨੀਆਂ ਵਿੱਚ ਨੌਕਰੀਆਂ ਹਾਸਲ ਕਰਨੀਆਂ ਇੱਕ ਲੋੜ ਬਣ ਗਈ ਹੈ। ਹਰ ਵਿਅਕਤੀ ਪਦਾਰਥਕ ਦੌੜ ਵਿੱਚ ਇੱਕ ਦੂਸਰੇ ਤੋਂ ਅੱਗੇ ਨਿਕਲਣ ਦੀ ਕੋਸ਼ਿਸ਼ ਵਿੱਚ ਹੈ ਅਤੇ ਦੌੜ ਕੰਪਨੀਆਂ ਵਿੱਚ ਨੌਕਰੀ ਕਰਕੇ ਹੀ ਉਨ੍ਹਾਂ ਦੇ ਮਕਸਦ ਤਕ ਪਹੁੰਚਦੀ ਹੈ। ਪਰ ਚੰਗੀ ਨੌਕਰੀ ਲੈਣ ਲਈ ਉਚੇਰੀ ਬੁੱਧੀਮਤਾ, ਗਿਆਨ ਸੂਝਬੂਝ ਦੇ ਨਾਲ ਨਾਲ ਭਾਵਨਾਤਮਕ ਤੌਰ ’ਤੇ ਸੰਤੁਲਿਤ ਹੋਣਾ ਵੀ ਲਾਜ਼ਮੀ ਹੈ ਜਿਸ ਨਾਲ ਕੰਮਕਾਜ ਵਿੱਚ ਸਫਲਤਾ, ਸਦਗੁਣ, ਵਿਸ਼ੇਸ਼ਤਾ, ਖ਼ੁਸ਼ੀ ਤੇ ਨੌਕਰੀ ਵਿੱਚ ਸੰਤੁਸ਼ਟੀ ਮਿਲਦੀ ਹੈ। ਬਹੁਤ ਸਾਰੇ ਅਜਿਹੇ ਲੋਕ ਵੀ ਹਨ ਜੋ ਭਾਵਨਾਵਾਂ ਉੱਤੇ ਕਾਬੂ ਨਾ ਪਾ ਸਕਣ ਕਾਰਨ ਨੌਕਰੀ ਵਿੱਚ ਸਫਲਤਾ ਹਾਸਲ ਨਹੀਂ ਕਰ ਸਕਦੇ। ਜਜ਼ਬੇ ਤੇ ਜੋਸ਼ ਦਾ ਹੋਣਾ ਸ਼ਖ਼ਸੀਅਤ ਲਈ ਮਹੱਤਵਪੂਰਨ ਹੈ; ਹਰ ਇਨਸਾਨ ਦੇ ਸੁਭਾਅ ਵਿੱਚ ਪਿਆਰ, ਮੋਹ, ਗੁੱਸਾ, ਡਰ, ਈਰਖਾ, ਬਦਲਾ ਲੈਣ ਦੀ ਭਾਵਨਾ ਮੌਜੂਦ ਹੁੰਦੀ ਹੈ। ਪਰ ਵੇਖਣਾ ਇਹ ਹੈ ਕਿ ਸਾਰੀਆਂ ਗੱਲਾਂ ਦਾ ਉਹ ਸਾਹਮਣਾ ਕਿਵੇਂ ਕਰਦਾ ਹੈ। ਇਹ ਉਸ ਦੇ ਸ਼ਖ਼ਸੀ ਗੁਣਾਂ ਉੱਤੇ ਕਾਬੂ ਨਹੀਂ ਪਾ ਸਕਦਾ ਤਾਂ ਉਹ ਜੀਵਨ ਦੇ ਹੋਰ ਮਸਲੇ ਸਹਿਜ ਨਾਲ ਕਿਵੇਂ ਹੱਲ ਕਰ ਸਕਦਾ ਹੈ। ਭਾਵਨਾਤਮਕ ਸੂਝਬੂਝ ਲਈ ਕੁਝ ਵਿਸ਼ੇਸ਼ਤਾਵਾਂ ਦਾ ਹੋਣਾ ਜ਼ਰੂਰੀ ਹੈ। ਸਵੈ–ਚੇਤੰਨਤਾ ਦਾ ਹੋਣਾ ਮਨੁੱਖੀ ਸ਼ਖ਼ਸੀਅਤ ਦਾ ਉਸਾਰੂ ਪਹਿਲੂ ਹੈ ਕਿਉਂਕਿ ਜਿਹੜਾ ਮਨੁੱਖ ਆਪਣੀਆਂ ਕਮਜ਼ੋਰੀਆਂ ਤੇ ਚੰਗਿਆਈਆਂ ਪ੍ਰਤੀ ਜਾਗਰੂਕ ਹੈ। ਉਹ ਜੀਵਨ ਵਿੱਚ ਸੰਤੁਲਨ ਰੱਖਣ ਵਿੱਚ ਕਾਮਯਾਬ ਹੋ ਸਕਦਾ ਹੈ।

ਭਾਵਨਾਵਾਂ ਉੱਤੇ ਕਾਬੂ ਪਾਉਣਾ, ਆਪਣੀਆਂ ਤੇ ਦੂਸਰਿਆਂ ਦੀਆਂ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਕਦਰ ਕਰਨੀ ਅਤੇ ਸਵੈ–ਕਾਬੂ ਪਾਉਣ ਲਈ ਉਨ੍ਹਾਂ ਨੂੰ ਤੀਬਰਤਾ ਨਾਲ ਸਮਝਣ ਦੀ ਕੋਸ਼ਿਸ਼ ਕਰਨੀ ਵੀ ਸ਼ਖ਼ਸੀ ਗੁਣਾਂ ਨੂੰ ਮਹੱਤਤਾ ਪ੍ਰਦਾਨ ਕਰਦੀ ਹੈ। ਆਪਣੇ ਆਪ ਨੂੰ ਹਾਲਾਤ ਮੁਤਾਬਿਕ ਢਾਲਣਾ, ਸਵੈ–ਪ੍ਰੇਰਨਾ ਲੈਣੀ, ਅੰਤਰੀਵ ਪ੍ਰੇਰਨਾ ਜੋ ਕੰਮਾਂ ਵਿੱਚ ਦਿਲਚਸਪੀ ਲੈ ਕੇ ਪੈਦਾ ਹੁੰਦੀ ਹੈ ਤੇ ਵਿਕਸਤ ਹੁੰਦੀ ਹੈ, ਵੀ ਮਨੁੱਖ ਦੇ ਨਿੱਜੀ ਗੁਣਾਂ ਵਿੱਚ ਵਾਧਾ ਕਰਦੀ ਹੈ ਤੇ ਸਮਾਜ ਵਿੱਚ ਵਿਚਾਰਨਯੋਗ ਬਣਾਉਂਦੀ ਹੈ।

ਹਮਦਰਦੀ ਰੱਖਣੀ ਇੱਕ ਅਜਿਹਾ ਵਿਲੱਖਣ ਗੁਣ ਹੈ ਜੋ ਹਰ ਖੇਤਰ ਵਿੱਚ ਸਵੈ ਦੀ ਪਛਾਣ ਕਾਇਮ ਕਰਦਾ ਹੈ। ਆਪਣੇ ਆਪ ਨੂੰ ਦੂਸਰੇ ਵਿਅਕਤੀ ਦੀ ਮਾਨਸਿਕ ਸਥਿਤੀ ਵਿੱਚ ਰੱਖ ਕੇ ਵੇਖਣਾ, ਦੂਸਰਿਆਂ ਪ੍ਰਤੀ ਸਾਕਾਰਤਮਕ ਰਵੱਈਆ ਰੱਖਣਾ ਤੇ ਭਾਵਨਾਵਾਂ ਨੂੰ ਸਮਝਣਾ ਵੀ ਮਨੁੱਖੀ ਯੋਗਤਾ ਹੈ। ਸਮਾਜ ਵਿੱਚ ਸਫਲਤਾਪੂਰਵਕ ਵਿਚਰਨ ਲਈ ਰਿਸ਼ਤਿਆਂ ਨੂੰ ਸੰਭਾਲ ਕੇ ਰੱਖਣਾ ਅਦੁੱਤੀ ਗੁਣ ਹੈ। ਆਪਣੇ ਆਪ ਵਿੱਚ ਸਮਾਜਿਕ ਸਮਰੱਥਾ ਤੇ ਗੁਣ ਵਿਕਸਿਤ ਕਰਨੇ ਤਾਂ ਕਿ ਦੂਸਰਿਆਂ, ਸਾਥੀਆਂ, ਮਿੱਤਰਾਂ ਨਾਲ ਸੁਚੱਜੇ ਸਬੰਧ ਕਾਇਮ ਰੱਖੇ ਜਾ ਸਕਣ, ਸਾਂਝ ਕਾਇਮ ਰੱਖੀ ਜਾ ਸਕੇ, ਇੱਕ ਦੂਸਰੇ ਦੇ ਦੁੱਖ–ਸੁੱਖ ਵਿੱਚ ਸਾਥ ਦਿੱਤਾ ਜਾ ਸਕੇ।

ਭਾਵਨਾਤਮਕ ਸੂਝਬੂਝ ਕੰਮ–ਕਾਜ ਦੇ ਵਿਭਿੰਨ ਖੇਤਰਾਂ ਵਿੱਚ ਸਫਲਤਾ ਹਾਸਲ ਕਰਨ ਲਈ ਸੁਚੱਜਾ ਹਥਿਆਰ ਸਾਬਤ ਹੋ ਸਕਦੀ ਹੈ ਅਤੇ ਉਤਪਾਦਨ, ਪਰਿਵਰਤਨ, ਬਦਲਦੇ ਹਾਲਾਤ ਅਨੁਸਾਰ ਕੰਮ–ਕਾਰ ਵਿੱਚ ਤੇਜ਼ੀ ਲਿਆਉਣੀ, ਅਗਵਾਈ ਕਰਨ ਦੇ ਗੁਣ ਵਿਕਸਿਤ ਕਰਨੇ ਅਤੇ ਮੌਲਿਕਤਾ ਉਤਾਰਨ ਵਿੱਚ ਸਹਾਈ ਹੁੰਦੀ ਹੈ। ਅਜਿਹੇ ਸ਼ਖ਼ਸੀ ਗੁਣਾਂ ਦੇ ਮਾਲਕ ਵਿਅਕਤੀ ਸਮਾਜਿਕ ਰਿਸ਼ਤੇ ਕਾਇਮ ਕਰਨ, ਖ਼ੁਸ਼ ਰਹਿਣ, ਸਿਹਤਮੰਦ ਰਹਿਣ ਤੇ ਕੰਮਕਾਰ ਵਿੱਚ ਵਧੇਰੇ ਸਫ਼ਲ ਹੁੰਦੇ ਹਨ।

ਉਹ ਜਿੱਥੇ ਆਪਣੀਆਂ ਭਾਵਨਾਵਾਂ ਪ੍ਰਤੀ ਚੇਤੰਨ ਹੁੰਦੇ ਹਨ, ਉੱਥੇ ਦੂਸਰਿਆਂ ਪ੍ਰਤੀ ਹਮਦਰਦ ਤੇ ਰਹਿਮਦਿਲ ਹੁੰਦੇ ਤੇ ਸਵੈ–ਪ੍ਰਤੀ ਜੋਸ਼ ਭਰਪੂਰ ਹੁੰਦੇ ਹਨ। ਭਾਵਨਾਤਮਕ ਸੂਝਬੂਝ ਸਿੱਖੀ ਵੀ ਜਾਂਦੀ ਹੈ, ਗ੍ਰਹਿਣ ਵੀ ਕੀਤੀ ਜਾ ਸਕਦੀ ਹੈ ਤੇ ਜੀਵਨ ਭਰ ਵਿਕਸਿਤ ਵੀ ਹੁੰਦੀ ਰਹਿੰਦੀ ਹੈ। ਇਹ ਜੀਵਨ ਦੇ ਤਜਰਬਿਆਂ ਉੱਤੇ ਆਧਾਰਿਤ ਹੈ। ਬੁੱਧੀਮਤਾ, ਸੂਝਬੂਝ ਵਾਂਗ ਭਾਵਨਾਤਮਕ ਸੂਝਬੂਝ ਵਿੱਚ ਸਾਰੀ ਉਮਰ ਸੁਧਾਰ ਕੀਤਾ ਜਾ ਸਕਦਾ ਹੈ। ਕਿਸੇ ਵਿਅਕਤੀ ਦੀ ਭਾਵਨਾਤਮਕ ਸੂਝਬੂਝ ਦੀ ਪੱਧਰ ਜਾਂ ਗੁਣਵੱਤਾ ਭਾਵਨਾਤਮਕ ਸੂਝਬੂਝ ਦੇ ਨਤੀਜਿਆਂ ਦਾ ਪੈਮਾਨਾ ਹੈ। ਇਸ ਸੰਦਰਭ ਵਿੱਚ ਕਿਸੇ ਦੀ ਸੂਝਬੂਝ ਬਾਰੇ ਜਾਣਨਾ ਹੋਵੇ ਤਾਂ ਉਸ ਦੀਆਂ ਵਿਦਿਅਕ ਤੇ ਸਮਾਜਿਕ ਪ੍ਰਾਪਤੀਆਂ ਤੇ ਉਸ ਵੱਲੋਂ ਸਮਾਜਿਕ ਭਲਾਈ ਵਿੱਚ ਵੱਡੀ ਪੱਧਰ ’ਤੇ ਪਾਏ ਯੋਗਦਾਨ ਤੋਂ ਹੀ ਅਨੁਮਾਨ ਲਾਇਆ ਜਾ ਸਕਦਾ ਹੈ।

ਸੰਪਰਕ: 98555–84298

## ਤੁਸੀਂ ਵੀ ਰੱਖ ਸਕਦੇ ਹੋ ਘਰ ਨੂੰ ਅਪ ਟੂ ਡੇਟ

× ਬਿਜਲੀ ਦੀ ਵਾਇਰਿੰਗ ’ਤੇ ਉਚਿਤ ਧਿਆਨ ਦੇਣਾ ਚਾਹੀਦਾ ਹੈ। ਕਿਤਿਓਂ ਵੀ ਨੰਗੀ ਤਾਰ ਦਿਖਾਈ ਦੇਵੇ ਤਾਂ ਛੇਤੀ ਉਸ ਨੂੰ ਬਦਲਵਾ ਲਓ। ਬਿਜਲੀ ਦੇ ਮਾਮਲੇ ਵਿਚ ਥੋੜ੍ਹੀ ਜਿਹੀ ਲਾਪ੍ਰਵਾਹੀ ਵੱਡਾ ਬਖੇੜਾ ਖੜ੍ਹਾ ਕਰ ਸਕਦੀ ਹੈ। ਜਿਥੋਂ ਬਿਜਲੀ ਦੇ ਕੁਨੈਕਸ਼ਨ ਢਿੱਲੇ ਹੋਣ, ਉਨ੍ਹਾਂ ਨੂੰ ਨਾਲ–ਨਾਲ ਠੀਕ ਕਰਵਾ ਲਓ।
× ਸਿੱਲ੍ਹ ਆਦਿ ਹੋਣ ’ਤੇ ਉਸ ਨੂੰ ਤੁਰੰਤ ਠੀਕ ਸੁੱਕਣ ’ਤੇ ਠੀਕ ਕਰਵਾਓ, ਨਹੀਂ ਤਾਂ ਸਿੱਲ੍ਹ ਹੌਲੀ–ਹੌਲੀ ਪੂਰੇ ਘਰ ਵਿਚ ਫੈਲ ਜਾਵੇਗੀ ਅਤੇ ਕਈ ਬਿਮਾਰੀਆਂ ਨੂੰ ਜਨਮ ਦੇਣ ਵਿਚ ਸਿੱਲ੍ਹ ਸਹਾਇਕ ਹੁੰਦੀ ਹੈ।
× ਘਰ ਵਿਚ ਟੁੱਟ–ਫੁੱਟ ਹੁੰਦੀ ਰਹਿੰਦੀ ਹੈ, ਜਿਸ ਦੀ ਮੁਰੰਮਤ ਵਿਚ ਦੇਰੀ ਨਾ ਵਰਤ ਕੇ ਛੇਤੀ ਠੀਕ ਕਰਵਾ ਲੈਣੀ ਚਾਹੀਦੀ ਹੈ। ਜਿਥੋਂ ਕਿਤਿਓਂ ਵੀ ਸੀਮੇਂਟ ਡਿਗ ਰਿਹਾ ਹੋਵੇ ਜਾਂ ਭੁਰ ਰਿਹਾ ਹੋਵੇ, ਉਸ ਨੂੰ ਕਢਵਾ ਕੇ ਨਵਾਂ ਸੀਮੇਂਟ ਭਰਵਾ ਦਿਓ। ਸੀਮੇਂਟ ਭਰਵਾਉਣ ਤੋਂ ਪਹਿਲਾਂ ਧਿਆਨ ਰੱਖੋ ਕਿ ਉਸ ਜਗ੍ਹਾ ਨੂੰ ਚੰਗੀ ਤਰ੍ਹਾਂ ਨਾਲ ਖੁਰਚਵਾ ਕੇ ਸਾਫ਼ ਕਰਵਾ ਲੈਣਾ ਚਾਹੀਦਾ ਹੈ।
× ਸਮੇਂ–ਸਮੇਂ ’ਤੇ ਲੱਕੜੀ ਦੀਆਂ ਅਲਮਾਰੀਆਂ, ਪੁਰਾਣੇ ਪਲੰਘ ਅਤੇ ਲੱਕੜੀ ਦੇ ਫਰਨੀਚਰ ਨੂੰ ਐਂਟੀ–ਟਰਮਾਈਟ ਸਪਰੇਅ ਕਰਵਾਉਂਦੇ ਰਹਿਣਾ ਚਾਹੀਦਾ ਹੈ ਤਾਂ ਕਿ ਸਿਉਂਕ ਲੱਗਣ ਦਾ ਕੋਈ ਖ਼ਤਰਾ ਨਾ ਰਹੇ। ਜਦੋਂ ਕਿਤੇ ਸਿਉਂਕ ਦੀ ਸ਼ੁਰੂਆਤ ਹੋਵੇ ਤਾਂ ਉਸ ਹਿੱਸੇ ਦੀ ਲੱਕੜੀ ਬਦਲਵਾ ਕੇ ਨਵੀਂ ਲਗਵਾ ਲਓ, ਜਿਸ ਨਾਲ ਸਿਉਂਕ ਅੱਗੇ ਨਾ ਵਧ ਸਕੇ।
× ਦਾਗ਼–ਧੱਬੇ ਹੋ ਜਾਣ ’ਤੇ ਕੁਝ ਸਮੇਂ ਬਾਅਦ ਟਚ ਅਪ ਕਰਵਾਉਂਦੇ ਰਹੋ। ਜੇਕਰ ਅਜੇ ਸਫੈਦੀ ਕਰਵਾਉਣ ਵਿਚ ਕੁਝ ਸਮਾਂ ਹੋਵੇ ਜਾਂ ਆਰਥਿਕ ਸਥਿਤੀ ਅਜੇ ਆਗਿਆ ਨਾ ਦੇ ਰਹੀ ਹੋਵੇ ਤਾਂ ਅਜਿਹੇ ਵਿਚ ਉਸ ਸਥਾਨ ਨੂੰ ਛੁਪਾਉਣ ਲਈ ਵਾਲ ਹੈਂਗਿੰਗ, ਸੀਨਰੀ ਆਦਿ ਲਗਾ ਕੇ ਉਸ ਦਾਗ਼ ਨੂੰ ਛੁਪਾ ਸਕਦੇ ਹੋ।
× ਘਰ ਦੇ ਅੰਦਰ ਦੀ ਸਫ਼ਾਈ ਦੇ ਨਾਲ ਬਾਹਰ ਦੀ ਵੀ ਓਨੀ ਹੀ ਦੇਖ–ਰੇਖ ਕਰਨੀ ਚਾਹੀਦੀ ਹੈ। ਜੇ ਘਰ ਬਾਹਰੋਂ ਜ਼ਿਆਦਾ ਖ਼ਰਾਬ ਹੋ ਰਿਹਾ ਹੋਵੇ ਅਤੇ ਅੰਦਰੋਂ ਠੀਕ ਹੋਵੇ ਤਾਂ ਅਜਿਹੇ ਵਿਚ ਬਾਹਰੀ ਦਿੱਖ ਨੂੰ ਬਣਾਈ ਰੱਖਣ ਲਈ ਉਸ ’ਤੇ ਸਨੋਸਮ ਕਰਵਾ ਲੈਣਾ ਚਾਹੀਦਾ ਹੈ ਜਾਂ ਵਾਲ ਪੇਂਟ ਆਦਿ ਕਰਵਾ ਲੈਣਾ ਚਾਹੀਦਾ ਹੈ। ਆਪਣੇ ਆਸ਼ਿਆਨੇ ਦੀ ਥੋੜ੍ਹੀ ਜਿਹੀ ਦੇਖਭਾਲ ਕਰਕੇ ਤੁਸੀਂ ਵੀ ਉਸ ਨੂੰ ਸੰਵਾਰ ਸਕਦੇ ਹੋ।

-ਸੁਨੀਤਾ ਗਾਬਾ

# ਸੂਬੇ ਵਿਚ ਹੁਣ ਤਕ ਕੁੱਲ 26.82 ਕਰੋੜ ਰੁਪਏ ਦੀ ਅਵੈਧ ਸ਼ਰਾਬ, ਨਸ਼ੀਲੇ ਪਦਾਰਥ, ਨਗਦ ਰਕਮ ਤੇ ਕੀਮਤੀ ਵਸਤੂਆਂ ਕੀਤੀਆਂ ਗਈਆਂ ਜਬਤ - ਮੁੱਖ ਚੋਣ ਅਧਿਕਾਰੀ ਪੰਕਜ ਅਗਰਵਾਲ

**ਚੰਡੀਗੜ੍ਹ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਵਿਚ ਵਿਧਾਨਸਭਾ ਆਮ ਚੋਣ -2024 ਨੂੰ ਪੂਰੀ ਤਰ੍ਹਾ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਸਪੰਨ ਕਰਵਾਉਣ ਲਈ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਸਾਰੇ ਦਿਸ਼ਾ-ਨਿਰਦੇਸ਼ਾਂ ਦੇ ਨਾਲ -ਨਾਲ ਚੋਣ ਜਾਬਤਾ ਦੀ ਪਾਲਣਾ ਯਕੀਨੀ ਕੀਤੀ ਜਾ ਰਹੀ ਹੈ। ਵੋਟਰਾਂ ਨੂੰ ਕਿਸੇ ਵੀ ਤਰ੍ਹਾ ਦੇ ਲੋਭ-ਲਾਲਚ ਤੋਂ ਬਚਾਉਣ ਲਈ ਕਮਿਸ਼ਨ ਪੂਰੀ ਤਰ੍ਹਾ ਸਖਤ ਹੈ ਅਤੇ ਸੂਬੇ ਵਿਚ ਵੱਖ-ਵੱਖ ਏਜੰਸੀਆਂ ਵੱਲੋਂ ਅਵੈਧ ਸ਼ਰਾਬ, ਨਸ਼ੀਲੇ ਪਦਾਰਥ ਤੇ ਨਗਦ ਰਕਮ ਦੀ ਮੂਵਮੈਂਟ 'ਤੇ ਪੈਨੀ ਨਜਰ ਰੱਖੀ ਜਾ ਰਹੀ ਹੈ। 16 ਅਗਸਤ ਤੋਂ 16 ਸਤੰਬਰ, 2024 ਤਕ ਸੂਬੇ ਵਿਚ ਕੁੱਲ 26.82 ਕਰੋੜ ਰੁਪਏ ਦੀ ਅਵੈਧ ਸ਼ਰਾਬ, ਨਸ਼ੀਲੇ ਪਦਾਰਥ, ਨਗਦ ਰਕਮ ਤੇ ਕੀਮਤੀ ਵਸਤੂਆਂ ਜਬਤ ਕੀਤੀਆਂ ਗਈਆਂ ਹਨ।

ਮੁੱਖ ਚੋਣ ਅਧਿਕਾਰੀ ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਹਰਿਆਣਾ ਪੁਲਿਸ ਦੇ ਨਾਲ-ਨਾਲ ਹੋਰ ਏਜੰਸੀਆਂ ਵੱਲੋਂ ਵੀ ਲਗਾਤਾਰ ਸਖਤ ਨਿਗਰਾਨੀ ਰੱਖੀ ਜਾ ਰਹੀ ਹੈ।

ਉਨ੍ਹਾਂ ਨੇ ਕਿਹਾ ਕਿ ਚੋਣ ਜਾਬਤਾ ਲਾਗੂ ਹੋਣ ਦੇ ਬਾਅਦ ਸੂਬੇ ਵਿਚ ਪੁਲਿਸ, ਇੰਕਮ ਟੈਕਸ, ਆਬਾਕਾਰੀ ਅਤੇ ਕਰਾਧਾਨ ਵਿਭਾਗ, ਰਾਜ ਵਸਤੂ ਅਤੇ ਸੇਵਾ ਟੈਕਸ, ਰੇਲਵੇ ਸੁਰੱਖਿਆ ਫੋਰਸ ਤੇ ਨਾਰਕੋਟਿਕਸ ਕੰਟਰੋਲ ਬਿਊਰੋ ਵੱਲੋਂ ਉਪਰੋਕਤ ਕਾਰਵਾਈ ਕੀਤੀ ਗਈ ਹੈ।

**9.82 ਕਰੋੜ ਰੁਪਏ ਦੀ ਕੀਮਤ ਦੀ 326017 ਲੀਟਰ ਤੋਂ ਵੱਧ ਅਵੈਧ ਸ਼ਰਾਬ ਜਬਤ**

ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ 4 ਕਰੋੜ 73 ਲੱਖ ਰੁਪਏ ਤੋਂ ਵੱਧ ਦੀ ਨਗਦ ਰਕਮ ਪੁਲਿਸ, ਇੰਕਮ ਟੈਕਸ ਤੇ ਰਾਜ ਵਸਤੂ ਅਤੇ ਸੇਵਾ ਟੈਕ ਵਿਭਾਗਾਂ ਵੱਲੋਂ ਜਬਤ ਕੀਤੀ ਗਈ। ਇਸੀ ਤਰ੍ਹਾ, ਵੱਖ-ਵੱਖ ਏਜੰਸੀਆਂ ਵੱਲੋਂ ਕੁੱਲ 9.82 ਕਰੋੜ ਰੁਪਏ ਤੋਂ ਵੱਧ ਦੀ 326017 ਲੀਟਰ ਤੋਂ ਵੱਧ ਅਵੈਧ ਸ਼ਰਾਬ ਫੜੀ ਗਈ ਹੈ। ਇਸ ਵਿਚ, ਹਰਿਆਣਾ ਪੁਲਿਸ ਵੱਲੋਂ 7.80 ਕਰੋੜ ਰੁਪਏ ਤੋਂ ਵੱਧ ਦੀ 239170 ਲੀਟਰ ਅਤੇ ਆਬਕਾਰੀ ਅਤੇ ਕਰਾਧਾਨ ਵਿਭਾਗ ਵੱਲੋਂ 1.96 ਕਰੋੜ ਰੁਪਏ ਤੋਂ ਵੱਧ ਦੀ 86121 ਲੀਟਰ ਅਵੈਧ ਸ਼ਰਾਬ ਫੜੀ ਗਈ ਹੈ। ਇਸ ਤੋਂ ਇਲਾਵਾ, ਹੋਰ ਏਜੰਸੀਆਂ ਵੱਲੋਂ ਵੀ 4 ਲੱਖ ਤੋਂ ਵੱਧ ਰਕਮ ਦੀ 725 ਲੀਟਰ ਅਵੈਧ ਸ਼ਰਾਬ ਫੜੀ ਗਈ ਹੈ।

**ਵੱਖ-ਵੱਖ ਏਜੰਸੀਆਂ ਵੱਲੋਂ 6.76 ਕਰੋੜ ਰੁਪਏ ਦੀ ਕੀਮਤ ਦੇ ਨਸ਼ੀਲੇ ਪਦਾਰਥ ਕੀਤੇ ਜਬਤ**

ਉਨ੍ਹਾਂ ਨੇ ਦਸਿਆ ਕਿ ਏਜੰਸੀਆਂ ਵੱਲੋਂ ਕੁੱਲ 2339 ਕਿਲੋ ਤੋਂ ਵੱਧ ਨਸ਼ੀਲੇ ਪਦਾਰਥ ਜਬਤ ਕੀਤੇ ਗਏ ਹਨ, ਜਿਨ੍ਹਾਂ ਦੀ ਕੀਮਤ 6.76 ਕਰੋੜ ਰੁਪਏ ਤੋਂ ਵੱਧ ਹੈ। ਇਸ ਵਿਚ ਪੁਲਿਸ ਵੱਲੋਂ 5.92 ਕਰੋੜ ਰੁਪਏ ਤੋਂ ਵੱਧ ਦੀ ਕੀਮਤ ਦੇ ਨਸ਼ੀਲੇ ਪਦਾਰਥ ਜਬਤ ਕੀਤੇ ਗਏ ਹਨ। ਨਾਰਕੋਟਿਕਸ ਕੰਟਰੋਲ ਬਿਊਰੋ ਨੇ 59 ਲੱਖ ਰੁਪਏ ਅਤੇ ਰੇਲਵੇ ਸੁਰੱਖਿਆ ਫੋਰਸ ਨੇ 0.35 ਲੱਖ ਰੁਪਏ ਕੀਮਤ ਦੇ ਨਸ਼ੀਲੇ ਪਦਾਰਥ ਫੜੇ ਹਨ। ਇਸ ਤੋਂ ਇਲਾਵਾ, ਹੋਰ ਏਜੰਸੀਆਂ ਵੱਲੋਂ ਵੀ 23 ਲੱਖ ਰੁਪਏ ਤੋਂ ਵੱਧ ਦੇ ਨਸ਼ੀਲੇ ਪਦਾਰਥ ਫੜੇ ਗਏ ਹਨ।

ਸ੍ਰੀ ਪੰਕਜ ਅਗਰਵਾਲ ਨੇ ਦਸਿਆ ਕਿ ਰਾਜ ਪੁਲਿਸ ਤੇ ਹੋਰ ਏਜੰਸੀਆਂ ਨੇ 3.10 ਕਰੋੜ ਰੁਪਏ ਤੋਂ ਵੱਧ ਮੁੱਲ ਦੀ 48908 ਗ੍ਰਾਮ ਕੀਮਤੀ ਵਸਤੂਆਂ (ਸੋਨਾ, ਚਾਂਦੀ ਆਦਿ) ਫੜੀ ਹੈ। ਇਸ ਤੋਂ ਇਲਾਵਾ, ਰਾਜ ਪੁਲਿਸ ਤੇ ਹੋਰ ਏਜੰਸੀਆਂ ਨੇ 2.41 ਕਰੋੜ ਰੁਪਏ ਤੋਂ ਵੱਧ ਦਾ ਹੋਰ ਸਮਾਨ ਵੀ ਫੜਿਆ ਹੈ।

# ਪ੍ਰਾਈਸ ਐਂਡ ਰੈਂਟ ਫਿਕਸੇਸ਼ਨ ਕਮੇਟੀ ਦੀ ਮੀਟਿੰਗ ਹੋਈ



**ਹੁਸ਼ਿਆਰਪੁਰ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪ੍ਰਾਈਸ ਐਂਡ ਰੈਂਟ ਫਿਕਸੇਸ਼ਨ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕੋਮਲ ਮਿੱਤਲ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦਫ਼ਤਰ ਵਿੱਚ ਹੋਈ। ਮੀਟਿੰਗ ਵਿੱਚ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ, ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੇ ਚੇਅਰਮੈਨ ਹਰਮੀਤ ਸਿੰਘ ਔਲਖ, ਨਗਰ ਨਿਗਮ ਦੀ ਕਮਿਸ਼ਨਰ ਅਮਨਦੀਪ ਕੌਰ, ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਦੇ ਨੁਮਾਇੰਦੇ ਜਸਪਾਲ ਸਿੰਘ, ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੇ ਨੁਮਾਇੰਦੇ ਸਚਿਨ ਗੁਪਤਾ ਅਤੇ ਨਗਰ ਸੁਧਾਰ ਟਰੱਸਟ ਦੇ ਕਾਰਜਕਾਰੀ ਅਧਿਕਾਰੀ ਪਰਮਜੀਤ ਸਿੰਘ ਹਾਜ਼ਰ ਸਨ।

ਇਸ ਮੀਟਿੰਗ ਦੌਰਾਨ ਟਰੱਸਟ ਦੀਆਂ ਵੱਖ-ਵੱਖ ਸਕੀਮਾਂ ਵਿੱਚ ਰਿਹਾਇਸ਼ੀ ਅਤੇ ਵਪਾਰਕ ਵੇਚਣ ਯੋਗ ਜਾਇਦਾਦਾਂ ਦੀ ਰਾਖਵੀਂ ਕੀਮਤ ਨਿਰਧਾਰਤ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਹੁਸ਼ਿਆਰਪੁਰ ਦੇ ਕਲੈਕਟਰ ਰੇਟ, ਛਾਂਟ ਰੇਟ ਅਤੇ ਬੈਂਕਾਂ ਵਲੋਂ ਦਿੱਤੇ ਗਏ ਰੇਟਾਂ ਨੂੰ ਵਿਚਾਰਨ ਤੋਂ ਬਾਅਦ, ਲੋਕਾਂ ਦੇ ਹਿਤਾਂ ਨੂੰ ਮੁੱਖ ਰੱਖਦੇ ਹੋਏ, ਕੀਮਤਾਂ ਨਿਰਧਾਰਤ ਕੀਤੀਆਂ ਗਈਆਂ। ਇਨ੍ਹਾਂ ਵਿੱਚ ਸਕੀਮ ਨੰਬਰ 2 (ਰਾਜੀਵ ਗਾਂਧੀ ਐਵਨਿਊ), ਸਕੀਮ ਨੰਬਰ 10 (ਡਾ. ਅੰਬੇਦਕਰ ਨਗਰ) ਅਤੇ ਸਕੀਮ ਨੰਬਰ 11 (ਸੰਤ ਹਰਚੰਦ ਸਿੰਘ ਲੋਕਾਂਵਾਲ) ਦੀਆਂ ਜਾਇਦਾਦਾਂ ਸ਼ਾਮਲ ਹਨ। ਇਨ੍ਹਾਂ ਕੀਮਤਾਂ ਦੇ ਨਿਰਧਾਰਨ ਨਾਲ, ਨਗਰ ਸੁਧਾਰ ਟਰੱਸਟ ਹੁਸ਼ਿਆਰਪੁਰ ਦੀਆਂ ਵੇਚਣ ਯੋਗ ਜਾਇਦਾਦਾਂ ਦੀ ਈ-ਨੀਲਾਮੀ/ਲਾਟਰੀ ਰਾਹੀਂ ਡਰਾਅ ਕੱਢਣ ਦਾ ਸੁਨਹਿਰੀ ਮੌਕਾ ਪ੍ਰਾਪਤ ਹੋਇਆ ਹੈ।

ਜਲਦੀ ਹੀ ਨਗਰ ਸੁਧਾਰ ਟਰੱਸਟ ਦਫ਼ਤਰ ਦੀ ਨਵੀਂ ਸਕੀਮ ਨੰਬਰ 2 (ਰਾਜੀਵ ਗਾਂਧੀ ਵਿਹਾਰ) ਵਿੱਚ 134 ਪਲਾਟਾਂ ਵਿੱਚੋਂ 67 ਪਲਾਟ (100 ਅਤੇ 200 ਵਰਗ ਗਜ) ਦਾ ਡਰਾਅ ਕੱਢਿਆ ਜਾਵੇਗਾ। ਬਾਕੀ 67 ਪਲਾਟਾਂ ਅਤੇ ਵਪਾਰਕ ਜਾਇਦਾਦਾਂ ਨੂੰ ਈ-ਨੀਲਾਮੀ ਰਾਹੀਂ ਵੇਚਿਆ ਜਾਵੇਗਾ।

# ਸਰਕਾਰ, ਤੁਹਾਡੇ ਦੁਆਰ ਮੁਹਿੰਮ ਤਹਿਤ ਸਬ-ਡਵੀਜ਼ਨ ਪੱਟੀ ਦੇ ਪਿੰਡ ਬੋਪਾਰਾਏ ਵਿਖੇ ਲਗਾਇਆ ਗਿਆ ਸੁਵਿਧਾ ਕੈਂਪ



**ਤਰਨ ਤਾਰਨ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਸਰਕਾਰ, ਤੁਹਾਡੇ ਦੁਆਰ ਪ੍ਰੋਗਰਾਮ ਤਹਿਤ ਅੱਜ ਸਬ-ਡਵੀਜ਼ਨ ਪੱਟੀ ਦੇ ਪਿੰਡ ਬੋਪਾਰਾਏ ਵਿਖੇ ਵਿਸ਼ੇਸ ਸੁਵਿਧਾ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਵੱਲੋਂ ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ ਗਈਆਂ।

ਇਸ ਮੌਕੇ ਵੱਖ-ਵੱਖ ਵਿਭਾਗਾਂ ਵੱਲੋਂ ਆਪਣੇ ਸਟਾਲ ਲਗਾਕੇ ਸਰਕਾਰੀ ਸੇਵਾਵਾਂ ਵੀ ਮੌਕੇ 'ਤੇ ਪ੍ਰਦਾਨ ਕੀਤੀਆਂ ਗਈਆਂ।ਅੱਜ ਦੇ ਇਸ ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਨਾਲ ਸਬੰਧਿਤ 86 ਅਰਜ਼ੀਆਂ ਪ੍ਰਾਪਤ ਹੋਈਆਂ, ਜਿੰਨ੍ਹਾਂ ਵਿੱਚੋਂ 20 ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ।ਇਸ ਤੋਂ ਇਲਾਵਾ ਬਾਕੀ ਅਰਜ਼ੀਆਂ ਢੁਕਵੇਂ ਨਿਪਟਾਰੇ ਲਈ ਸਬੰਧਿਤ ਵਿਭਾਗਾਂ ਨੂੰ ਭੇਜੀਆਂ ਗਈਆ।

ਜਿਕਰਯੋਗ ਹੈ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਉਹਨਾਂ ਦੇ ਘਰਾਂ ਦੇ ਨੇੜੇ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਉਣ ਦੇ ਮੰਤਵ ਨਾਲ ਇਹਨਾਂ ਵਿਸ਼ੇਸ ਸੁਵਿਧਾ ਕੈਂਪਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ।ਜ਼ਿਲ੍ਹਾ ਪ੍ਰਸ਼ਾਸਨ ਤਰਨ ਤਾਰਨ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਕੁਮਾਰ ਦੀ ਅਗਵਾਈ ਹੇਠ ਇਸ ਤਰ੍ਹਾਂ ਦੇ ਕੈਂਪ ਹਰ ਮੰਗਲਵਾਰ ਤੇ ਵੀਰਵਾਰ ਨੂੰ ਵੱਖ-ਵੱਖ ਵਾਰਡਾਂ ਅਤੇ ਪਿੰਡਾਂ ਵਿੱਚ ਲਗਾਏ ਜਾ ਰਹੇ ਹਨ।ਇਹਨਾਂ ਕੈਂਪਾਂ ਦੌਰਾਨ ਮਾਲ ਵਿਭਾਗ ਨਾਲ ਸਬੰਧਤ ਇੰਤਕਾਲ, ਨਗਰ ਕੌਂਸਲ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਸਿਹਤ ਵਿਭਾਗ ਨਾਲ ਸਬੰਧਤ ਆਦਿ ਕੰਮਾਂ ਦੀਆਂ ਸੁਵਿਧਾਵਾਂ ਦਿੱਤੀਆਂ ਜਾਣਗੀਆਂ।

ਇਸ ਦੇ ਨਾਲ ਹੀ ਸੇਵਾ ਕੇਂਦਰ ਨਾਲ ਸੰਬਧਤ ਰੈਜ਼ੀਡੈਂਸ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਬੁਢਾਪਾ ਪੈਨਸ਼ਨ, ਜਨਮ ਸਰਟੀਫਿਕੇਟ, ਜਨਮ ਸਰਟੀਫਿਕੇਟ ਸਬੰਧੀ/ਜਨਮ ਸਰਟੀਫਿਕੇਟ ਵਿੱਚ ਨਾਮ ਦਾਖਲ ਕਰਵਾਉਣ ਸੰਬਧੀ, ਸ਼ਹਿਰੀ ਖੇਤਰ ਨਾਲ ਸੰਬੰਧਿਤ ਜਨਮ ਸਰਟੀਫਿਕੇਟ ਵਿੱਚ ਕੋਈ ਬਦਲਾਅ ਸਬੰਧੀ ਅਤੇ ਪੁਰਾਣੇ ਦਸਤਾਵੇਜ਼ਾਂ ਨੂੰ ਤਸਦੀਕ ਕਰਵਾਉਣ ਸਬੰਧੀ ਆਦਿ ਸੇਵਾਵਾਂ ਮੁਹੱਈਆ ਕਰਵਾਈਆਂ ਜਾਣਗੀਆਂ।ਇਸ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਵੱਲੋਂ ਆਪੋ-ਆਪਣੇ ਵਿਭਾਗ ਦੀਆਂ ਸਕੀਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ।

# ਸ਼ਰਧਾਲੂਆਂ ਦੀ ਭਾਰੀ ਆਮਦ ਮੌਕੇ ਸਵੱਛ ਰੱਖੀਆ ਜਾਵੇ ਗੁਰੂ ਨਗਰੀ ਦਾ ਚੋਗਿਰਦਾ



**ਸ੍ਰੀ ਅਨੰਦਪੁਰ ਸਾਹਿਬ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਾਜਪਾਲ ਸਿੰਘ ਸੇਖੋਂ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਨਗਰ ਕੌਂਸਲ ਸ੍ਰੀ ਅਨੰਦਪੁਰ ਸਾਹਿਬ ਤੇ ਨਗਰ ਪੰਚਾਇਤ ਕੀਰਤਪੁਰ ਸਾਹਿਬ ਨੂੰ ਨਿਰਦੇਸ਼ ਦਿੱਤੇ ਹਨ ਕਿ ਦੋਵੇਂ ਗੁਰੂ ਨਗਰੀਆਂ ਵਿੱਚ ਸਵੱਛਤਾ ਨੂੰ ਕਾਇਮ ਰੱਖਣ ਲਈ ਵਿਆਪਕ ਮੁਹਿੰਮ ਚਲਾਈ ਜਾਵੇ।

ਅਧਿਕਾਰੀਆਂ ਨਾਲ ਵਿਸੇਸ਼ ਮੀਟਿੰਗ ਦੌਰਾਨ ਐਸ.ਡੀ.ਐਮ ਨੇ ਕਿਹਾ ਕਿ ਲੱਖਾਂ ਸ਼ਰਧਾਲੂ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਆਉਦੇ ਹਨ, ਪ੍ਰੰਤੂ ਦੋਵੇਂ ਗੁਰੂ ਨਗਰੀਆਂ ਵਿੱਚ ਸਵੱਛਤਾ ਨੂੰ ਲੈ ਕੇ ਅਕਸਰ ਹੀ ਸ਼ਰਧਾਲੂਆਂ ਵੱਲੋਂ ਰੋਸ ਜ਼ਾਹਰ ਕੀਤਾ ਜਾਂਦਾ ਹੈ। ਇਸ ਸਬੰਧ ਵਿੱਚ ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਹਰਦੇਵ ਸਿੰਘ, ਜਸਵੀਰ ਸਿੰਘ, ਜਗਨੰਦਨ ਸਿੰਘ ਨੇ ਵੀ ਆ ਕੇ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਤੇ ਕੀਰਤਪੁਰ ਸਾਹਿਬ ਵਿੱਚ ਸਵੱਛਤਾ ਨੂੰ ਕਾਇਮ ਕਰਨ ਅਤੇ ਕੂੜਾ ਮੁਕਤ ਕਰਨ ਲਈ ਕਿਹਾ ਹੈ।

ਇਸ ਲਈ ਨਗਰ ਕੌਸਲ ਦੇ ਅਧਿਕਾਰੀਆਂ ਨੂੰ ਵਿਸੇਸ਼ ਨਿਰਦੇਸ਼ ਦਿੱਤੇ ਹਨ ਕਿ ਵਿਆਪਕ ਸਫਾਈ ਮੁਹਿੰਮ ਚਲਾ ਕੇ ਇਨ੍ਹਾਂ ਨਗਰਾਂ ਨੂੰ ਸਵੱਛ ਕੀਤਾ ਜਾਵੇ। ਉਨ੍ਹਾਂ ਨੇ ਕਿਹਾ ਕਿ ਜਦੋਂ ਵੀ ਸ਼ਰਧਾਲੂ ਇਨ੍ਹਾਂ ਨਗਰਾਂ ਵਿਚ ਆਉਦੇ ਹਨ ਅਤੇ ਸਮਾਗਮ ਕਰਵਾਏ ਜਾਂਦੇ ਹਨ, ਉਸ ਸਮੇਂ ਹੋਰ ਵਧੇਰੇ ਸਫਾਈ ਦੀ ਜਰੂਰਤ ਹੁੰਦੀ ਹੈ।

ਇਸ ਵਿਚ ਕੁਤਾਹੀ ਜਾਂ ਲਾਪਰਵਾਹੀ ਬਿਲਕੁਲ ਬਰਦਾਸ਼ਤ ਨਹੀ ਕੀਤੀ ਜਾਵੇਗੀ।ਇਸ ਮੌਕੇ ਮਦਨ ਲਾਲ ਸੈਨੇਟਰੀ ਇੰਸਪੈਕਟਰ, ਚਰਨ ਸਿੰਘ ਜੇ.ਈ, ਸੁਲੇਦਰ ਕੁਮਾਰ ਹਾਜ਼ਰ ਸਨ।

# ਅੱਤਵਾਦ ਪੀੜਤ ਵਿਦਿਆਰਥੀਆਂ ਲਈ ਐਮ.ਬੀ.ਬੀ.ਐਸ ਦੀਆਂ ਚਾਰ ਸੀਟਾਂ ਰਾਖਵੀਆਂ - ਡਿਪਟੀ ਕਮਿਸ਼ਨਰ



**ਪਠਾਨਕੋਟ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਠਾਨਕੋਟ ਸ੍ਰੀ ਆਦਿੱਤਿਆ ਉੱਪਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਵਿੱਦਿਅਕ ਸੈਸ਼ਨ 2024-25 ਦੌਰਾਨ ਵੱਖ-ਵੱਖ ਮੈਡੀਕਲ ਕਾਲਜਾਂ/ਸੰਸਥਾਵਾਂ ਵਿਚ ਕੇਂਦਰੀ ਪੂਲ ਰਾਹੀਂ ਐਮ.ਬੀ.ਬੀ.ਐਸ ਦੀਆਂ 4 ਸੀਟਾਂ ਅੱਤਵਾਦ ਪ੍ਰਭਾਵਿਤ ਆਮ ਨਾਗਰਿਕਾਂ ਦੀ ਸ਼੍ਰੇਣੀ ਵਿਚੋਂ ਭਰਨ ਲਈ ਨਿਰਧਾਰਿਤ ਕੀਤੀਆਂ ਗਈਆਂ ਹਨ, ਜੋ ਅੱਤਵਾਦ ਕਾਰਨ ਫ਼ੌਤ/ਦਿਵਿਆਂਗ ਹੋ ਚੁੱਕੇ ਨਾਗਰਿਕਾਂ ਦੇ ਜੀਵਨ ਸਾਥੀ ਜਾਂ ਬੱਚੇ ਹਨ।

ਉਨ੍ਹਾਂ ਦੱਸਿਆ ਕਿ ਏ.ਐਨ ਮਗਧ ਮੈਡੀਕਲ ਕਾਲਜ, ਗਯਾ (ਬਿਹਾਰ) ਅਤੇ ਗ੍ਰਾਂਟ ਮੈਡੀਕਲ ਕਾਲਜ, ਮੁੰਬਈ (ਮਹਾਰਾਸ਼ਟਰ) ਵਿਚ ਇਕ-ਇਕ ਸੀਟ ਜਦਕਿ ਪੰਡਿਤ ਜਵਾਹਰ ਲਾਲ ਨਹਿਰੂ ਮੈਡੀਕਲ ਕਾਲਜ, ਰਾਏਪੁਰ (ਛੱਤੀਸਗੜ੍ਹ) ਵਿਚ ਇਸ ਵਰਗ ਲਈ ਦੋ ਸੀਟਾਂ ਰਾਖਵੀਆਂ ਰੱਖੀਆਂ ਗਈਆਂ ਹਨ।

ਉਨ੍ਹਾਂ ਦੱਸਿਆ ਕਿ ਚਾਹਵਾਨ ਵਿਦਿਆਰਥੀ ਅੱਤਵਾਦ ਦਾ ਸ਼ਿਕਾਰ ਜਾਂ ਅੱਤਵਾਦ ਦੌਰਾਨ ਅਪੰਗ ਹੋਏ ਵਿਅਕਤੀ ਦਾ ਜੀਵਨ ਸਾਥੀ ਜਾਂ ਬੱਚੇ ਹੋਣੇ ਚਾਹੀਦੇ ਹਨ। ਪੰਜਾਬ ਦੇ ਯੋਗ ਵਿਦਿਆਰਥੀ ਵੀ ਇਨ੍ਹਾਂ ਸੀਟਾਂ ਲਈ ਅਪਲਾਈ ਕਰਕੇ ਲਾਭ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਸੀਟਾਂ ਲਈ ਯੋਗਤਾ ਦੇ ਮਾਪਦੰਡਾਂ ਤਹਿਤ ਉਮੀਦਵਾਰ ਭਾਰਤੀ ਨਾਗਰਿਕ ਹੋਣਾ ਚਾਹੀਦਾ ਹੈ ਅਤੇ ਉਸ ਦੀ ਉਮਰ ਦਾਖ਼ਲੇ ਸਮੇਂ 17 ਸਾਲ ਹੋਵੇ ਜਾਂ ਉਹ ਅੰਡਰਗਰੈਜੂਏਟ ਮੈਡੀਕਲ ਕੋਰਸ ਵਿਚ ਦਾਖ਼ਲੇ ਦੇ ਪਹਿਲੇ ਸਾਲ ਵਿਚ 31 ਦਸੰਬਰ ਨੂੰ ਜਾਂ ਇਸ ਤੋਂ ਪਹਿਲਾਂ ਇਹ ਉਮਰ ਪੂਰੀ ਕਰਦਾ ਹੋਵੇ।ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਨੋਟੀਫਿਕੇਸ਼ਨ ਅਤੇ ਫਾਰਮ ਮੰਤਰਾਲੇ ਦੀ ਵੈੱਬਸਾਈਟ (https://mha.gov.in) ਤੋਂ ਡਾਊਨਲੋਡ ਕਰਕੇ ਹੋਰ ਜਾਣਕਾਰੀ ਅਤੇ ਸ਼ਰਤਾਂ ਵੇਖੀਆਂ ਜਾ ਸਕਦੀਆਂ ਹਨ।

# ਹਰ ਲਾਭਪਾਤਰੀ ਨੂੰ 03 ਕਿਸ਼ਤਾਂ ਵਿੱਚ ਦਿੱਤੀ ਜਾਂਦੀ ਹੈ 1.20 ਲੱਖ ਰੁਪਏ ਦੀ ਰਾਸ਼ੀ



**ਬੱਸੀ ਪਠਾਣਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ (ਗ੍ਰਾਮੀਣ) ਤਹਿਤ ਹਲਕਾ ਬੱਸੀ ਪਠਾਣਾਂ ਦੇ 167 ਲਾਭਪਾਤਰੀਆਂ ਨੂੰ ਪਹਿਲੀ ਕਿਸ਼ਤ ਤਹਿਤ 50,10,000/- ਰੁਪਏ ਦੇ ਸੈਂਕਸ਼ਨ ਪੱਤਰ ਸੌਂਪੇ। ਲਾਭਪਾਤਰੀਆਂ ਵਿੱਚ ਬਲਾਕ ਖਮਾਣੋਂ ਦੇ 125 ਅਤੇ ਬਲਾਕ ਬੱਸੀ ਪਠਾਣਾਂ ਦੇ 42 ਲਾਭਪਾਤਰੀ ਸ਼ਾਮਲ ਹਨ। ਬਲਾਕ ਖਮਾਣੋਂ ਦੇ 230 ਅਤੇ ਬਲਾਕ ਬੱਸੀ ਪਠਾਣਾਂ ਦੇ 53 ਲਾਭਪਾਤਰੀਆਂ ਦੇ ਮਕਾਨ ਮੁਕੰਮਲ ਹੋਣ ਉਪਰੰਤ ਉਹਨਾਂ ਦਾ ਗ੍ਰਹਿ ਪਰਵੇਸ਼ ਵੀ ਕਰਵਾਇਆ ਗਿਆ। ਇਸ ਯੋਜਨਾ ਤਹਿਤ ਸਰਕਾਰ ਵੱਲੋਂ ਤੈਅ ਕੀਤੇ ਮਾਪਦੰਡ ਦੇ ਅਧਾਰ 'ਤੇ ਲਾਭਪਾਤਰੀਆਂ ਦੀ ਪੜਤਾਲ ਕਰ ਕੇ ਉਨਾਂ ਦੇ ਕੱਚੇ ਮਕਾਨਾਂ ਨੂੰ ਪੱਕਾ ਕਰਨ ਲਈ ਤਿੰਨ ਕਿਸ਼ਤਾਂ ਰਾਹੀਂ 01 ਲੱਖ 20 ਹਜਾਰ ਰੁਪਏ ਦੀ ਰਾਸ਼ੀ ਮੁਹੱਈਆ ਕਰਵਾਈ ਜਾਂਦੀ ਹੈ। ਬੱਸੀ ਪਠਾਣਾਂ ਵਿਖੇ ਆਪਣੇ ਦਫਤਰ ਅਤੇ ਬੀ.ਡੀ.ਪੀ.ਓ. ਦਫਤਰ ਖਮਾਣੋਂ ਵਿਖੇ ਲਾਭਪਾਤਰੀਆਂ ਨੂੰ ਸੈਂਕਸ਼ਨ ਪੱਤਰ ਸੌਂਪਣ ਮੌਕੇ ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਲਾਭਪਾਤਰੀਆਂ ਦੀ ਪੜਤਾਲ ਕਰਨ ਉਪਰੰਤ ਯੋਗ ਪਾਏ ਗਏ ਲੋਕਾਂ ਦੇ ਕੱਚੇ ਮਕਾਨਾਂ ਨੂੰ ਪੱਕਾ ਕਰਨ ਵਾਸਤੇ ਲੜੀਵਾਰ ਪਹਿਲੀ ਕਿਸ਼ਤ 30,000, ਦੂਜੀ ਕਿਸ਼ਤ 72,000 ਤੇ ਤੀਜ਼ੀ ਕਿਸ਼ਤ 18,000 ਰੁਪਏ ਦਿੱਤੀ ਜਾਂਦੀ ਹੈ। ਵਿਧਾਇਕ ਸ. ਹੈਪੀ ਨੇ ਕਿਹਾ ਕਿ ਮਕਾਨ ਹਰ ਇਕ ਇਨਸਾਨ ਦੀ ਬੁਨਿਆਦੀ ਲੋੜ ਹੈ, ਜਿਸ ਦੀ ਅਣਹੋਂਦ ਇਨਸਾਨ ਲਈ ਵੱਡੀ ਮੁਸ਼ਕਲ ਬਣਦੀ ਹੈ ਤੇ ਪੰਜਾਬ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦੇ ਹੱਲ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਿੱਖਿਆ, ਵਿਕਾਸ, ਸਿਹਤ ਹਰ ਪੱਖੋਂ ਸਰਕਾਰ ਲਗਾਤਾਰ ਯਤਨਸ਼ੀਲ ਹੈ ਤੇ ਸਾਰੇ ਹੀ ਵਿਕਾਸ ਦੇ ਕਾਰਜ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਕੀਤੇ ਜਾ ਰਹੇ ਹਨ।

# ਆਰਟੀਫਿਸ਼ੀਅਲ ਇੰਟੈਲੀਜੈਨਸ ਵਿਸ਼ੇ ਦਾ ਬਲਾਕ ਪੱਧਰੀ ਰਾਸ਼ਟਰੀ ਸਾਇੰਸ ਸੈਮੀਨਾਰ (ਭਾਸ਼ਣ ਮੁਕਾਬਲਾ) ਸਕੂਲ ਆਫ ਐਮੀਨੈਂਸ ਕਰਵਾਇਆ ਗਿਆ



**ਰੂਪਨਗਰ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਨੈਸ਼ਨਲ ਸਾਇੰਸ ਸੈਂਟਰ (ਮਨਿਸਟਰੀ ਆਫ ਕਲਚਰ ਤੇ ਮਿਊਜ਼ੀਅਮ) ਅਤੇ ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਜਸਵਿੰਦਰ ਕੌਰ ਅਤੇ ਡੀ.ਐਮ. ਸਤਨਾਮ ਸਿੰਘ ਦੀ ਦੇਖ-ਰੇਖ ਵਿੱਚ ਬਲਾਕ ਰੋਪੜ-2 ਅਤੇ ਮੀਆਂਪੁਰ ਦਾ ਆਰਟੀਫਿਸ਼ੀਅਲ ਇੰਟੈਲੀਜੈਨਸ ਵਿਸ਼ੇ ਦਾ ਬਲਾਕ ਪੱਧਰੀ ਰਾਸ਼ਟਰੀ ਸਾਇੰਸ ਸੈਮੀਨਾਰ (ਭਾਸ਼ਣ ਮੁਕਾਬਲਾ) ਸਕੂਲ ਆਫ ਐਮੀਨੈਂਸ ਰੂਪਨਗਰ ਵਿਖੇ ਕਰਵਾਇਆ ਗਿਆ।

ਇਸ ਸੈਮੀਨਾਰ ਵਿੱਚ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਸੰਜੀਵ ਕੁਮਾਰ ਗੌਤਮ, ਜ਼ਿਲ੍ਹਾ ਸਿੱਖਿਆ ਅਫਸਰ (ਪ੍ਰਾਇਮਰੀ ਸਿੱਖਿਆ) ਦਰਸ਼ਨਜੀਤ ਸਿੰਘ ਅਤੇ ਪ੍ਰਿੰਸੀਪਲ ਸਕੂਲ ਆਫ ਐਮੀਨੈਂਸ ਰੂਪਨਗਰ ਜਸਵਿੰਦਰ ਕੌਰ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਦੇ ਹੋਏ ਦੋਵੇਂ ਬਲਾਕਾਂ ਦੇ ਅਧਿਆਪਕ ਸਾਹਿਬਾਨ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਨ ਦੌਰਾਨ, ਅੱਜ ਦੇ ਯੁੱਗ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਫਾਇਦੇ, ਨੁਕਸਾਨ ਅਤੇ ਭਵਿੱਖ ਵਿੱਚ ਇਸ ਦੀਆਂ ਹੋਰ ਸੰਭਾਵਨਾਵਾਂ ਬਾਰੇ ਵਿਸਥਾਰ ਪੂਰਵਕ ਦੱਸਿਆ।

ਬਲਾਕ ਰੋਪੜ-2 ਅਤੇ ਮੀਆਂਪੁਰ ਦੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਇਸ ਸੈਮੀਨਾਰ ਵਿੱਚ ਭਾਗ ਲਿਆ ਗਿਆ, ਜਿਸ ਦੌਰਾਨ ਬਲਾਕ ਰੋਪੜ-2 ਵਿੱਚ ਵਿਦਿਆਰਥਣ ਉਮਾ ਸਰਕਾਰੀ ਕੰਨਿਆ ਸਕੂਲ ਰੂਪਨਗਰ ਨੇ ਪਹਿਲਾ, ਨਕਿਤਾ ਸ਼ਰਮਾ ਸਰਕਾਰੀ ਹਾਈ ਸਕੂਲ ਚੱਕ ਕਰਮਾਂ ਨੇ ਦੂਜਾ ਅਤੇ ਅਰਸ਼ਪ੍ਰੀਤ ਸਿੰਘ ਸਰਕਾਰੀ ਮਿਡਲ ਸਕੂਲ ਲੋਹਗੜ੍ਹ ਫਿੱਡੇ ਨੇ ਕਰਮਵਾਰ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਇਸੇ ਤਰ੍ਹਾਂ ਬਲਾਕ ਮੀਆਂਪੁਰ ਵਿੱਚ ਆਸ਼ੀਸ਼ ਕੁਮਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿੰਘ ਭਗਵੰਤਪੁਰ ਨੇ ਪਹਿਲਾ ਜੰਨਤਵੀਰ ਕੌਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੁਰਖਾਲੀ ਨੇ ਦੂਜਾ ਅਤੇ ਭਵਨੀਤ ਕੌਰ ਸਰਕਾਰੀ ਹਾਈ ਸਕੂਲ ਹਰੀਪੁਰ ਨੇ ਕਰਮਵਾਰ ਤੀਜਾ ਸਥਾਨ ਪ੍ਰਾਪਤ ਕੀਤਾ।

ਸੈਮੀਨਾਰ ਦੌਰਾਨ ਜੱਜਮੈਂਟ ਦੀ ਭੂਮਿਕਾ ਦਵਿੰਦਰ ਕੌਰ ਲੈਕ. ਫਿਜਿਕਸ, ਜੋਯਤੀ ਅਰੋੜਾ ਲੈਕ. ਬਾਇਲੋਜੀ ਅਤੇ ਸਤਨਾਮ ਕੌਰ ਕੰਪਿਊਟਰ ਫੈਕਲਟੀ ਵੱਲੋਂ ਬਾਖੂਬੀ ਨਿਭਾਈ ਗਈ।

ਇਸ ਦੌਰਾਨ ਸੰਜੀਵ ਕੁਮਾਰ, ਸੁਖਵਿੰਦਰ ਸਿੰਘ, ਓਂਕਾਰ ਸਿੰਘ, ਮੈਡਮ ਕਮਲੇਸ਼ ਕੌਰ, ਮੈਡਮ ਸੁਧਾ ਰਾਣੀ, ਅਮਿਤ ਸ਼ਰਮਾ, ਮੈਡਮ ਮਮਤਾ ਅਤੇ ਮੈਡਮ ਅੰਕਿਤਾ ਸ਼ਰਮਾ ਅਤੇ ਬਲਾਕ ਦੇ ਹੋਰ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਵੱਲੋਂ ਅੱਧੀ ਦਰਜਨ ਪਿੰਡਾਂ ਦਾ ਦੌਰਾ, ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਕੀਤਾ ਪ੍ਰੇਰਿਤ



**ਫਾਜ਼ਿਲਕਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਈ ਏ ਐਸ ਨੇ ਅੱਜ ਸ਼ਾਮ ਜਿਲੇ ਦੇ ਅੱਧੀ ਦਰਜਨ ਪਿੰਡਾਂ ਦਾ ਦੌਰਾ ਕਰਕੇ ਕਿਸਾਨਾਂ ਨਾਲ ਬੈਠਕਾਂ ਕੀਤੀਆਂ । ਇਸ ਦੌਰਾਨ ਉਹਨਾਂ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕਰਦਿਆਂ ਆਖਿਆ ਕਿ ਪਰਾਲੀ ਸਾੜਨ ਨਾਲ ਨਾ ਕੇਵਲ ਵਾਤਾਵਰਨ ਦਾ ਨੁਕਸਾਨ ਹੁੰਦਾ ਹੈ ਸਗੋਂ ਸਾਡੀ ਜਮੀਨ ਦੇ ਪੋਸ਼ਕ ਤੱਤ ਨਸ਼ਟ ਹੋ ਜਾਂਦੇ ਹਨ ਅਤੇ ਜਮੀਨ ਦੀ ਉਪਜਾਊ ਸ਼ਕਤੀ ਘਟ ਜਾਂਦੀ ਹੈ।

ਉਹਨਾਂ ਨੇ ਕਿਸਾਨਾਂ ਨੂੰ ਕਿਹਾ ਕਿ ਸਰਕਾਰ ਵੱਲੋਂ ਪਰਾਲੀ ਪ੍ਰਬੰਧਨ ਲਈ ਵੱਡੀ ਗਿਣਤੀ ਵਿੱਚ ਮਸ਼ੀਨਾਂ ਸਬਸਿਡੀ ਤੇ ਮੁਹਈਆ ਕਰਵਾਈਆਂ ਗਈਆਂ ਹਨ। ਹਾਲੇ ਵੀ ਕਿਸਾਨ ਇਹ ਮਸ਼ੀਨਾਂ ਸਬਸਿਡੀ ਤੇ ਲੈਣ ਲਈ 19 ਸਤੰਬਰ ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ । ਉਹਨਾਂ ਨੇ ਕਿਹਾ ਕਿ ਪਰਾਲੀ ਨੂੰ ਜੇਕਰ ਖੇਤ ਵਿੱਚ ਹੀ ਮਿਲਾ ਕੇ ਕਣਕ ਦੀ ਬਿਜਾਈ ਕੀਤੀ ਜਾਵੇ ਤਾਂ ਇਸ ਨਾਲ ਜਿੱਥੇ ਵਾਤਾਵਰਨ ਨੂੰ ਨੁਕਸਾਨ ਨਹੀਂ ਹੁੰਦਾ ਉਥੇ ਜਮੀਨ ਦੀ ਉਪਜਾਊ ਸ਼ਕਤੀ ਵੀ ਬਰਕਰਾਰ ਰਹਿੰਦੀ ਹੈ ਅਤੇ ਜਮੀਨ ਵਿੱਚ ਕਾਰਬਨਿਕ ਮਾਦਾ ਵਧਣ ਨਾਲ ਕਿਸਾਨਾਂ ਨੂੰ ਅਗਲੀਆਂ ਫਸਲਾਂ ਦਾ ਚੰਗਾ ਝਾੜ ਮਿਲਦਾ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲਾ ਧੂਆਂ ਸਭ ਤੋਂ ਪਹਿਲਾਂ ਸਾਡੇ ਕਿਸਾਨ ਅਤੇ ਉਹਨਾਂ ਦੇ ਪਰਿਵਾਰਾਂ ਨੂੰ ਹੀ ਨੁਕਸਾਨ ਪਹੁੰਚਾਉਂਦਾ ਹੈ। ਉਹਨਾਂ ਨੇ ਖੇਤੀਬਾੜੀ ਵਿਭਾਗ ਨੂੰ ਤਾਕੀਦ ਕੀਤੀ ਗਈ ਹੈ ਕਿ ਉਹ ਪਿੰਡ-ਪਿੰਡ ਜਾ ਕੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਤੇ ਤਕਨੀਕੀ ਨੁਕਤੇ ਸਮਝਾਏ । ਇਸ ਮੌਕੇ ਉਹਨਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਰਕੇਸ਼ ਕੁਮਾਰ ਪੋਪਲੀ, ਤਹਿਸੀਲਦਾਰ ਨਵਜੀਵਨ ਛਾਬੜਾ, ਖੇਤੀਬਾੜੀ ਬਲਾਕ ਅਫਸਰ ਬਲਦੇਵ ਸਿੰਘ, ਖੇਤੀਬਾੜੀ ਅਫਸਰ ਮਮਤਾ ਅਤੇ ਖੇਤੀਬਾੜੀ ਵਿਭਾਗ ਤੇ ਅਧਿਕਾਰੀ ਵੀ ਹਾਜ਼ਰ ਸਨ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਪਿੰਡ ਲਾਲੋਵਾਲੀ, ਸ਼ਾਮਾ ਖਾਨ ਕਾ ਆਦਿ ਪਿੰਡਾਂ ਦਾ ਦੌਰਾ ਕੀਤਾ।

# 15 ਦਿਨ ਚਲਣ ਵਾਲੇ ਜਾਗਰੁਕਤਾ ਪ੍ਰੋਗਰਾਮ ਅਧੀਨ ਹਰੇਕ ਵਿਅਕਤੀ ਨੂੰ ਸਹਿਯੋਗ ਦੇਣਾ ਚਾਹੀਦਾ ਹੈ-ਸ੍ਰੀ ਲਾਲ ਚੰਦ ਕਟਾਰੂਚੱਕ




**ਪਠਾਨਕੋਟ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜਲ ਸਪਲਾਈ ਅਤੇ ਸੈਨੀਟੇਸਟ ਵਿਭਾਗ ਪਠਾਨਕੋਟ ਵੱਲੋਂ ਸੁਭਾਅ ਸਵੱਛਤਾ ਸੰਸਕਾਰ ਸਵੱਛਤਾ ਅਧੀਨ ਸਵੱਛਤਾ ਹੀ ਸੇਵਾ-2024 ਪਖਵਾੜਾ ਮਨਾਇਆ ਜਾ ਰਿਹਾ ਹੈ ਜਿਸ ਦਾ ਸੁਭਅਰੰਭ ਅੱਜ ਪਿੰਡ ਕਟਾਰੂਚੱਕ ਵਿਖੇ ਕੀਤਾ ਗਿਆ। ਇਸ ਮੋਕੇ ਤੇ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਵਿਸੇਸ ਤੋਰ ਤੇ ਹਾਜਰ ਰਹੇ ਅਤੇ ਰਿਬਿਨ ਕੱਟ ਕੇ 17 ਸਤੰਬਰ ਤੋਂ 2 ਅਕਤੂਬਰ ਤੱਕ ਚਲਾਏ ਜਾਣ ਵਾਲੇ ਪਖਵਾੜੇ ਦਾ ਸੁਭਅਰੰਭ ਕੀਤਾ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਮਹੇਸ ਕੁਮਾਰ ਐਕਸੀਅਨ ਵਾਟਰ ਸਪਲਾਈ ਸੈਨੀਟੇਸਟ ਪਠਾਨਕੋਟ, ਧੀਰਜ ਡੋਗਰਾ ਐਸ.ਡੀ.ਓ. ਵਾਟਰ ਸਪਲਾਈ ਐਂਡ ਸੈਨੀਟੇਸਟ, ਮਨਿੰਦਰ ਕੌਰ ਸੀ.ਡੀ.ਐਸ., ਬਲਾਕ ਕੋਆਰਡੀਨੇਟਰ ਗੋਸਪਾਲ ਸਰਮਾ, ਬਲਾਕ ਕੋਆਰਡੀਨੇਟਰ ਮੋਨਿਕਾ, ਸਤੀਸ ਮਹਿੰਦਰੂ ਚੇਅਰਮੈਨ ਦ ਹਿੰਦੂ ਕੋਪਰੇਟਿਵ ਬੈਂਕ ਪਠਾਨਕੋਟ,ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ ਪਠਾਨਕੋਟ, ਐਡਵੋਕੇਟ ਰਮੇਸ ਚੰਦਰ , ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਸੰਦੀਪ ਕੁਮਾਰ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਦੇ ਕਾਰਜਕਰਤਾ ਵੀ ਹਾਜਰ ਸਨ।

ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਸੁਭਾਅ ਸਵੱਛਤਾ ਸੰਸਕਾਰ ਸਵੱਛਤਾ ਦੋਨੋ ਸਲੋਗਨ ਅਗਰ ਸਾਰਾ ਸਮਾਜ ਇਸ ਨੂੰ ਸਵੀਕਾਰ ਕਰ ਲਵੇ ਤਾਂ ਸਾਡਾ ਸਾਰਾ ਦੇਸ ਸਵੱਛ ਹੋ ਜਾਵੇਗਾ। ਅਗਰ ਮਨ ਤੋਂ ਹਰੇਕ ਵਿਅਕਤੀ ਇਹ ਸੰਕਲਪ ਲਵੇ ਕਿ ਬਾਹਰ ਕਿਤੇ ਵੀ ਗੰਦਗੀ ਨਹੀਂ ਫੈਲਾਉਂਣੀ ਤਾਂ ਵਾਤਾਵਰਣ ਅਪਣੇ ਆਪ ਹੀ ਸੁੱਧ ਹੋ ਜਾਵੇਗਾ।

ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦੀ ਯੋਗ ਅਗਵਾਈ ਵਿੱਚ ਉਹ ਸਾਰੇ ਸਮਾਜ ਨੂੰ , ਜਿਲ੍ਹਾ ਪਠਾਨਕੋਟ ਦੇ ਨਿਵਾਸੀਆਂ ਨੂੰ ਅਪੀਲ ਕਰਦੇ ਹਨ ਕਿ ਇੱਕ ਸੇਵਾ ਭਾਵਨਾ ਦੇ ਨਾਲ ਜੁੜ ਕੇ ਜਿੱਥੇ ਮਨੁੱਖ ਦੇ ਅੰਦਰ ਬਦਲਾਅ ਨਜਰ ਆਉਂਦੇ ਹਨ ਉਸ ਦਾ ਬਾਹਰਮੁੱਖੀ ਪ੍ਰਗਟਾਵਾ ਵੀ ਨਜਰ ਆਉਂਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਉਂਣ ਵਾਲੇ 15 ਦਿਨ੍ਹਾਂ ਵਿੱਚ ਪਿੰਡ ਪਿੰਡ ਅੰਦਰ ਰੈਲੀਆਂ ਕੱਢ ਕੇ ਲੋਕਾਂ ਨੂੰ ਜਾਗਰੁਕ ਕੀਤਾ ਜਾਵੇਗਾ, ਇੱਕ ਦਿਨ ਦਫਤਰਾਂ ਅੰਦਰ ਸਫਾਈ ਅਭਿਆਨ ਚਲਾਇਆ ਜਾਵੇਗਾ, ਸਕੂਲਾਂ ਅੰਦਰ ਬੱਚਿਆਂ ਨੂੰ ਜਾਗਰੁਕ ਕੀਤਾ ਜਾਵੇਗਾ, ਪਿੰਡਾਂ ਅੰਦਰ ਵੀ ਪਹੁੰਚ ਕਰਕੇ ਲੋਕਾਂ ਨੂੰ ਜਾਗਰੁਕ ਕਰਾਂਗੇ। ਉਨ੍ਹਾਂ ਕਿਹਾ ਕਿ ਮੇਰੀ ਸਭ ਨੂੰ ਅਪੀਲ ਹੈ ਕਿ ਇਸ ਪਖਵਾੜੇ ਅਧੀਨ ਅਪਣਾ ਸਹਿਯੋਗ ਦਿਓ ਅਤੇ ਇਸ ਸੁਭਾਅ ਸਵੱਛਤਾ ਸੰਸਕਾਰ ਸਵੱਛਤਾ ਮੁਹਿੰਮ ਨੂੰ ਅਪਣਾਓ।

# ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ 'ਚ ਖਿਡਾਰੀਆਂ ਦਾ ਸ਼ਾਨਦਾਰ ਪ੍ਰਦਰਸ਼ਨ



**ਲੁਧਿਆਣਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੇ ਖੇਡ ਵਿਭਾਗ ਅਤੇ ਜ਼ਿਲ੍ਹਾ ਪ੍ਰਸਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ ਸੀਜਨ-3 ਤਹਿਤ ਬਲਾਕ ਪੱਧਰੀ ਟੂਰਨਾਂਮੈਂਟ ਸਫਲਤਾਪੁਰਵਕ ਮੁਕੰਮਲ ਹੋਣ ਉਪਰੰਤ ਜ਼ਿਲ੍ਹਾ ਪੱਧਰੀ ਖੇਡ ਮੁਕਾਬਲਿਆਂ ਦੀ ਸ਼ਾਨਦਾਰ ਸ਼ੁਰੂਆਤ ਹੋ ਗਈ ਹੈ।ਖੇਡਾਂ ਦੀ ਸ਼ੁਰੂਆਤ ਤੋ ਪਹਿਲਾਂ ਵਧੀਕ ਡਿਪਟੀ ਕਮਿਸਨਰ (ਜ) ਮੇਜਰ ਅਮਿਤ ਸਰੀਨ ਵੱਲੋਂ ਖੇਡ ਪ੍ਰਬੰਧਾਂ ਦੀ ਸਮੀਖਿਆ ਕੀਤੀ ਗਈ ਅਤੇ ਖੇਡਾਂ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਯੋਗ ਹਦਾਇਤਾ ਵੀ ਜਾਰੀ ਕੀਤੀਆਂ ਗਈਆਂ ਸਨ।ਜ਼ਿਲ੍ਹਾ ਖੇਡ ਅਫ਼ਸਰ ਲੁਧਿਆਣਾ, ਕੁਲਦੀਪ ਚੁੱਘ ਵੱਲੋਂ ਇਸ ਸਬੰਧੀ ਵਿਸਥਾਰ ਨਾਲ ਦੱਸਿਆ ਕਿ ਜ਼ਿਲ੍ਹਾ ਪੱਧਰ 'ਤੇ ਵੱਖ-ਵੱਖ 24 ਖੇਡਾਂ ਦੇ ਮੁਕਾਬਲੇ ਹੋਣਗੇ ਜਿਨ੍ਹਾਂ ਵਿੱਚ ਐਥਲੈਟਿਕਸ, ਬਾਸਕਟਬਾਲ, ਬੈਡਮਿੰਟਨ, ਬਾਕਸਿੰਗ, ਚੈੱਸ, ਫੁੱਟਬਾਲ, ਗੱਤਕਾ, ਹਾਕੀ, ਹੈਂਡਬਾਲ, ਜੂਡੋ, ਕਿੱਕ ਬਾਕਸਿੰਗ, ਕਬੱਡੀ ਨੈਸਨਲ, ਕਬੱਡੀ ਸਰਕਲ, ਖੋ-ਖੋ, ਲਾਅਨ ਟੈਨਿਸ, ਨੈੱਟਬਾਲ, ਪਾਵਰ ਲਿਫਟਿੰਗ, ਸਾਫਟਬਾਲ, ਤੈਰਾਕੀ, ਟੇਬਲ ਟੈਨਿਸ, ਵਾਲੀਬਾਲ ਸੂਟਿੰਗ, ਵਾਲੀਬਾਲ ਸਮੈਸ਼ਿੰਗ, ਵੇਟਲਿਫਟਿੰਗ ਅਤੇ ਕੁਸਤੀ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰੀ ਖੇਡਾਂ ਦੇ ਨਿਰਧਾਰਿਤ ਸ਼ਡਿਊਲ ਅਨੁਸਾਰ 7 ਖੇਡਾਂ ਬਾਸਕਟਬਾਲ, ਸਾਫਟਬਾਲ, ਚੈੱਸ, ਕਿੱਕ ਬਾਕਸਿੰਗ, ਨੈੱਟਬਾਲ, ਲਾਅਨ ਟੈਨਿਸ ਅਤੇ ਬੈਡਮਿੰਟਨ ਦਾ ਟੂਰਨਾਂਮੈਂਟ ਸੁਰੂ ਹੋ ਚੁੱਕਾ ਹੈ।ਗੁਰੂ ਨਾਨਕ ਸਟੇਡੀਅਮ, ਲੁਧਿਆਣਾ ਵਿਖੇ ਬਾਸਕਟਬਾਲ ਲੜਕੀਆਂ ਦੇ ਮੁਕਾਬਲੇ ਸੁਰੂ ਕਰਵਾਏ ਗਏ। ਇਸ ਟੂਰਨਾਂਮੈਂਟ ਦੌਰਾਨ ਜ਼ਿਲ੍ਹਾ ਖੇਡ ਅਫਸਰ, ਲੁਧਿਆਣਾ ਕੁਲਦੀਪ ਚੁੱਘ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ ਅਤੇ ਖਿਡਾਰੀਆਂ ਨੂੰ ਮਿਲਕੇ ਉਹਨਾਂ ਦੀ ਹੌਸਲਾ ਅਫਜਾਈ ਕੀਤੀ।

ਇਸ ਮੌਕੇ ਪੰਜਾਬ ਬਾਸਕਟਬਾਲ ਸੰਸਥਾ ਦੇ ਸਕੱਤਰ ਤੇਜ਼ਾ ਸਿੰਘ ਧਾਲੀਵਾਲ, ਖੇਡ ਕਨਵੀਨਰ ਰਜਿੰਦਰ ਸਿੰਘ ਪੀ.ਆਈ.ਐਸ., ਬਾਸਕਟਬਾਲ ਕੋਚ, ਖੇਡ ਕੋ ਕਨਵੀਨਰ ਸਲੋਨੀ, ਬਾਸਕਟਬਾਲ ਕੋਚ, ਪ੍ਰਵੀਨ ਠਾਕੁਰ ਜੂਡੋ ਕੋਚ ਅਤੇ ਗੁਰਜੀਤ ਸਿੰਘ ਸੂਟਿੰਗ ਕੋਚ ਸਾਮਿਲ ਸਨ।ਮੁਕਾਬਲਿਆਂ ਦਾ ਨਤੀਜਾ ਸਾਂਝਾ ਕਰਦਿਆਂ ਜ਼ਿਲ੍ਹਾ ਖੇਡ ਅਫ਼ਸਰ ਕੁਲਦੀਪ ਚੁੱਘ ਨੇ ਦੱਸਿਆ ਕਿ ਬਾਸਕਟਬਾਲ ਅੰ14 ਲੜਕੀਆਂ ਦੇ ਮੁਕਾਬਲਿਆਂ ਵਿੱਚ ਦੋਰਾਹਾ ਪਬਲਿਕ ਸਕੂਲ ਦੋਰਾਹਾ ਦੀ ਟੀਮ ਨੇ ਲੁਧਿਆਣਾ ਕੇਅਰ ਦੀ ਟੀਮ ਨੂੰ 12-0 ਦੇ ਫਰਕ ਨਾਲ, ਸੈਕਡਰਕ ਹਾਰਟ ਕਾਨਵੈਂਟ ਸਕੂਲ ਬੀ ?ਆਰ ?ਐਸ਼ਨਗਰ ਦੀ ਟੀਮ ਨੇ ਪੀ ?ਐਸ਼ ਖਾਲਸਾ ਸਕੂਲ ਟੀਮ ਨੂੰ 11-1 ਦੇ ਫਰਕ ਨਾਲ ਹਰਾਇਆ। ਅੰ17 ਲੜਕੀਆਂ ਦੇ ਮੈਚਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਥਰੀਕੇ ਦੀ ਟੀਮ ਨੇ ਸਰਕਾਰੀ ਹਾਈ ਸਕੂਲ ਜਵੱਦੀ ਦੀ ਟੀਮ ਨੂੰ 6-0 ਦੇ ਫਰਕ ਨਾਲ, ਲੁਧਿਆਣਾ ਕੇਅਰ ਦੀ ਟੀਮ ਨੇ ਗੁਰੂ ਨਾਨਕ ਸਟੇਡੀਅਮ ਦੀ ਟੀਮ ਨੂੰ 15-4 ਦੇ ਫਰਕ ਨਾਲ, ਦੋਰਾਹਾ ਪਬਲਿਕ ਸਕੂਲ ਦੀ ਟੀਮ ਨੇ ਪੀ ?ਐਸ਼ ਖਾਲਸਾ ਸਕੂਲ ਦੀ ਟੀਮ ਨੂੰ 16-0 ਦੇ ਫਰਕ ਨਾਲ ਅਤੇ ਖਾਲਸਾ ਕਲੱਬ ਦੀ ਟੀਮ ਨੇ ਸਰਸਵਤੀ ਮਾਡਲ ਹਾਈ ਸਕੂਲ ਦੀ ਟੀਮ ਨੂੰ 14-1 ਦੇ ਫਰਕ ਨਾਲ ਹਰਾਇਆ।ਸਾਫਟਬਾਲ ਅੰ 14 ਲੜਕੀਆਂ ਦੇ ਸਰਕਾਰੀ ਕਾਲਜ ਲੜਕਿਆਂ ਵਿਖੇ ਹੋਏ ਮੁਕਾਬਲਿਆਂ ਵਿੱਚ ਤੇਜਾ ਸਿੰਘ ਸੁਤੰਤਰ ਮੈਮੋਰੀਅਲ ਸਕੂਲ ਸਿਮਲਾਪੁਰੀ ਦੀ ਟੀਮ ਨੇ ਸਰਕਾਰੀ ਸੀਨੀਯ ਸੈਕੰਡਰੀ ਸਕੂਲ ਕਾਸਾਬਾਦ ਦੀ ਟੀਮ ਨੂੰ 3-13 ਦੇ ਫਰਕ ਨਾਲ ਹਰਾਇਆ।

# ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ 2024 ਮੁਹਿੰਮ ਦੀ ਸ਼ੁਰੂਆਤ



**ਫਾਜ਼ਿਲਕਾ, 21 ਸਤੰਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ 2024 ਮੁਹਿੰਮ ਦੀ ਸ਼ੁਰੂਆਤ ਡਵੀਜ਼ਨ ਫਾਜ਼ਿਲਕਾ ਕੀਤੀ ਗਈ। ਇਸ ਮੁਹਿੰਮ ਦੇ ਤਹਿਤ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ 17 ਸਤੰਬਰ ਤੋਂ 2 ਅਕਤੂਬਰ ਤੱਕ ਸਵੱਛਤਾ ਹੀ ਸੇਵਾ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਉਲੀਕ ਕੇ ਆਲਾ ਦੁਆਲਾ ਸਾਫ ਸੁਥਰਾ ਅਤੇ ਬਿਮਾਰੀਆਂ ਮੁਕਤ ਬਣਾਉਣ ਦਾ ਪ੍ਰਣ ਲਿਆ ਜਾਵੇਗਾ ਉਹਨਾਂ ਕਿਹਾ ਕਿ ਇਸ ਮੁਹਿੰਮ ਦੇ ਨਾਲ ਨਾਲ ਇੱਕ ਰੁੱਖ ਮਾਂ ਦੇ ਨਾਮ ਤਹਿਤ ਪੌਦਿਆਂ ਨੂੰ ਵੀ ਲਗਾਇਆ ਜਾ ਰਿਹਾ ਹੈ।

ਉਹਨਾਂ ਕਿਹਾ ਕਿ ਵਾਤਾਵਰਨ ਦੀ ਸਾਂਭ ਸੰਭਾਲ ਲਈ ਰੁੱਖ ਅਹਿਮ ਰੋਲ ਅਦਾ ਕਰਦੇ ਹਨ । ਉਹਨਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਇੱਕ ਪੌਦਾ ਜਰੂਰ ਲਗਾਣਾ ਚਾਹੀਦਾ ਹੈ ਤੇ ਇਸ ਦੀ ਸੰਭਾਲ ਵੀ ਲਾਜ਼ਮੀ ਕਰਨੀ ਚਾਹੀਦੀ ਹੈ ।ਇਸ ਮੌਕੇ ਕਾਰਜਕਾਰੀ ਇੰਜੀਨੀਅਰ ਧਰਮਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਭਾਗ ਵੱਲੋਂ ਸਵੱਛਤਾ ਹੀ ਸੇਵਾ ਮੁਹਿੰਮ ਤਹਿਤ ਸਾਫ ਸਫਾਈ ਨੂੰ ਲੈ ਕੇ 2 ਅਕਤੂਬਰ ਤੱਕ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾਣਗੀਆਂ ਤਾਂ ਜੋ ਹਰੇਕ ਨਾਗਰਿਕ ਸਫਾਈ ਦਾ ਮਹੱਤਵ ਸਮਝੇ ਅਤੇ ਇਸ ਮੁਹਿੰਮ ਵਿੱਚ ਵੱਧ ਚੜ ਕੇ ਯੋਗਦਾਨ ਪਾਵੇ ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਅਸ਼ੋਕ ਕੁਮਾਰ (ਲੱਖਾ) ਸਿੰਗਲਾ, ਪੰਜਾਬ ਗਊ ਸੇਵਾ ਕਮਿਸ਼ਨ ਦੇ ਮੈਂਬਰ ਸ੍ਰੀ ਅਰੁਣ ਵਧਵਾ, ਸੀਈਓ ਆਸ਼ੀਸ਼ ਕੁਮਾਰ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਜਨਰਲ ਸ੍ਰੀ ਰਕੇਸ਼ ਕੁਮਾਰ ਪੋਪਲੀ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਅਮਰਿੰਦਰ ਸਿੰਘ ਮੱਲੀ, ਡੀਡੀਪੀਓ ਗੁਰਦਰਸ਼ਨ ਸਿੰਘ, ਐਸ ਵੀ ਓ ਡਾਕਟਰ ਮਨਦੀਪ ਸਿੰਘ , ਐਸਡੀਓ ਅਭੀਜੀਤ ਸਿੰਘ ਰੰਧਾਵਾ, ਆਈ. ਈ. ਸੀ ਇਨਚਾਰਜ ਪੂਨਮ ਖੁੰਗਰ, ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਫਾਜਿਲਕਾ ਦੇ ਬੀ.ਆਰ.ਸੀ ਸਲਵਿੰਦਰ ਸਿੰਘ,ਸ਼ਿਮਲਾ ਰਾਣੀ ਅਤੇ ਸੋਹਨ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡਾਂ ਦੇ ਸਰਪੰਚ ਹਾਜ਼ਰ ਸਨ।

# ਮੰਦਰ ਕੋਲ ਬਣੀ ਮਜਾਰ ਨੂੰ ਤੋੜ ਕੇ ਸ਼ਿਵਲਿੰਗ ਸਥਾਪਤ ਕੀਤਾ, ਪੁਲਸ ਫੋਰਸ ਤਾਇਨਾਤ

**ਏਜੰਸੀਆਂ**

ਸ਼ਾਹਜਹਾਂਪੁਰ 21 ਸਤੰਬਰ। ਉੱਤਰ ਪ੍ਰਦੇਸ਼ ਦੇ ਸ਼ਾਹਜਹਾਂਪੁਰ ਜ਼ਿ?ਲ੍ਹੇ ਦੇ ਇਕ ਪਿੰਡ ਵਿਚ ਸ਼ਰਾਰਤੀ ਅਨਸਰਾਂ ਨੇ ਮੰਦਰ ਕੋਲ ਬਣੀ ਮਜਾਰ ਨੂੰ ਤੋੜ ਕੇ ਉੱਥੇ ਸ਼ਿਵਲਿੰਗ ਸਥਾਪਤ ਕਰ ਦਿੱਤਾ, ਜਿਸ ਨੂੰ




ਬਾਅਦ ਵਿਚ ਪੁਲਸ ਨੇ ਹਟਵਾਇਆ ਅਤੇ ਸਥਿਤੀ ਨੂੰ ਆਮ ਕੀਤਾ। ਇਸ ਮਾਮਲੇ 'ਚ ਪੁਲਸ ਨੇ ਮੰਦਰ ਦੇ ਪੁਜਾਰੀ ਅਤੇ ਕੁਝ ਅਣਪਛਾਤੇ ਲੋਕਾਂ 'ਤੇ ਮਾਮਲਾ ਦਰਜ ਕਰ ਲਿਆ ਹੈ। ਪਿੰਡ ਵਿਚ ਵੱਡੀ ਗਿਣਤੀ ਵਿਚ ਪੁਲਸ ਫੋਰਸ ਤਾਇਨਾਤ ਕੀਤੀ ਗਈ ਹੈ। ਵਧੀਕ ਐਸ.ਪੀ ਮਨੋਜ ਅਵਸਥੀ ਨੇ ਵੀਰਵਾਰ ਨੂੰ ਦੱਸਿਆ ਕਿ ਥਾਣਾ ਸਿਧੌਲੀ ਅਧੀਨ ਸਹੋਰਾ ਪਿੰਡ ਵਿਚ ਇਕ ਮੰਦਰ ਕੋਲ ਦੋ ਮਜਾਰਾਂ ਹਨ। ਮਜਾਰਾਂ 'ਤੇ ਇਕ ਭਾਈਚਾਰੇ ਦੇ ਲੋਕਾਂ ਨੇ ਝਾਲਰ ਲਾ ਕੇ ਸਜਾਵਟ ਕੀਤੀ ਸੀ ਅਤੇ ਪੁਲਸ ਨੇ ਇਹ ਸੂਚਨਾ ਮਿਲਣ 'ਤੇ ਝਾਲਰ ਆਦਿ ਹਟਵਾ ਦਿੱਤੀ ਸੀ। ਉਨ੍ਹਾਂ ਨੇ ਕਿਹਾ ਕਿ ਪੁਲਸ ਇਸ ਮਾਮਲੇ ਵਿਚ ਜਾਂਚ ਕਰ ਰਹੀ ਸੀ ਕਿ ਝਾਲਰ ਕਿਸ ਨੇ ਲਾਈ ਪਰ ਇਸ ਦਰਮਿਆਨ ਮੰਗਲਵਾਰ ਨੂੰ ਕਿਸੇ ਸਮੇਂ ਸ਼ਰਾਰਤੀ ਅਨਸਰਾਂ ਨੇ ਇਕ ਮਜਾਰ ਦੇ ਉੱਪਰੀ ਹਿੱਸੇ ਨੂੰ ਤੋੜ ਦਿੱਤਾ। ਅਵਸਥੀ ਨੇ ਦੱਸਿਆ ਕਿ ਇਸ ਤੋਂ ਬਾਅਦ ਮਜਾਰ 'ਤੇ ਸ਼ਿਵਲਿੰਗ ਸਥਾਪਤ ਕਰ ਦਿੱਤਾ ਗਿਆ, ਜਿਸ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚ ਗਈ। ਉਨ੍ਹਾਂ ਨੇ ਕਿਹਾ ਕਿ ਉਦੋਂ ਤੱਕ ਦੋਹਾਂ ਭਾਈਚਾਰਿਆਂ ਦੀ ਵੱਡੀ ਭੀੜ ਇਕੱਠੀ ਹੋ ਗਈ ਸੀ ਅਤੇ ਸਥਾਨਕ ਪੁਲਸ ਨੇ ਇਸ ਬਾਰੇ ਉੱਚ ਅਧਿਕਾਰੀਆਂ ਨੂੰ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪੁਲਸ ਨੇ ਮਜਾਰ 'ਤੇ ਸਥਾਪਤ ਕੀਤੇ ਗਏ ਸ਼ਿਵਲਿੰਗ ਨੂੰ ਹਟਵਾ ਦਿੱਤਾ ਅਤੇ ਪਿੰਡ ਵਿਚ ਤਣਾਅ ਨੂੰ ਵੇਖਦੇ ਹੋਏ ਵੱਡੀ ਗਿਣਤੀ ਵਿਚ ਪੁਲਸ ਫੋਰਸ ਤੋਂ ਇਲਾਵਾ ਪੀ. ਏ. ਸੀ. ਨੂੰ ਤਾਇਨਾਤ ਕੀਤਾ ਗਿਆ ਹੈ। ਪੁਲਸ ਨੇ ਰਿਆਜੁਦੀਨ ਨਾਮੀ ਵਿਅਕਤੀ ਦੀ ਸ਼ਿਕਾਇਤ 'ਤੇ ਮੰਦਰ ਦੇ ਪੁਜਾਰੀ ਨੇਵਾਰਾਮ ਸਮੇਤ ਅਣਪਛਾਤੇ ਲੋਕਾਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ। ਪੁਲਸ ਨੇ ਮਜਾਰ ਨੂੰ ਠੀਕ ਕਰਵਾ ਦਿੱਤਾ। ਅਧਿਕਾਰੀਆਂ ਮੁਤਾਬਕ ਫਿਲਹਾਲ ਪਿੰਡ ਵਿਚ ਸਥਿਤੀ ਆਮ ਹੈ। ਧਾਰਮਿਕ ਸਥਾਨਾਂ ਦੀ ਜਮੀਨ ਗ੍ਰਾਮ ਸਮਾਜ ਦੀ ਹੈ ਅਤੇ ਦੋਵੇਂ ਪੱਖ ਉਸ 'ਤੇ ਕਬਜਾ ਕਰਨਾ ਚਾਹੁੰਦੇ ਹਨ, ਇਸ ਲਈ ਵਿਵਾਦ ਹੁੰਦਾ ਰਹਿੰਦਾ ਹੈ।

# ਅਨਿਲ ਅੰਬਾਨੀ ਦੀ ਇਸ ਕੰਪਨੀ 'ਤੇ ਹੈ ਗੌਤਮ ਅਡਾਨੀ ਦੀ ਨਜਰ, ਕਿਵੇਂ ਫਾਇਦੇਮੰਦ ਹੋ ਸਕਦੈ ਇਹ ਸੌਦਾ

**ਸਰਦੂਲ ਸਿੰਘ**

ਨਵੀਂ ਦਿੱਲੀ 21 ਸਤੰਬਰ। ਕਰਜੇ 'ਚ ਡੁੱਬੇ ਉਦਯੋਗਪਤੀ ਅਨਿਲ ਅੰਬਾਨੀ ਦੀ ਕੰਪਨੀ ਰਿਲਾਇੰਸ ਪਾਵਰ ਦੇ ਸੇਅਰਾਂ 'ਚ ਲਗਾਤਾਰ ਤੀਜੇ ਦਿਨ ਅੱਪਰ ਸਰਕਟ ਲੱਗਾ ਹੈ। ਕੰਪਨੀ ਨੇ ਬੁੱਧਵਾਰ ਨੂੰ ਕਿਹਾ ਕਿ ਉਸਨੇ ਆਪਣੀ ਸਹਾਇਕ ਕੰਪਨੀ ਵਿਦਰਭ ਇੰਡਸਟਰੀਜ ਪਾਵਰ ਲਈ ਗਾਰੰਟਰ ਵਜੋਂ 3,872 ਕਰੋੜ ਰੁਪਏ ਦੀ ਸਾਰੀ ਦੇਣਦਾਰੀ ਦਾ ਭੁਗਤਾਨ ਕੀਤਾ ਹੈ। ਵਿਦਰਭ ਇੰਡਸਟਰੀਜ ਪਾਵਰ ਦਾ ਬੁਟੀਬੋਰੀ, ਨਾਗਪੁਰ ਵਿਖੇ 600 ਮੈਗਾਵਾਟ ਪਾਵਰ ਪਲਾਂਟ ਹੈ। ਅਡਾਨੀ ਗਰੁੱਪ ਦੀ ਨਜਰ ਇਸ ਪਾਵਰ ਪਲਾਂਟ 'ਤੇ ਹੈ। ਇਹ ਪਲਾਂਟ ਮੁੰਬਈ ਨੂੰ ਬਿਜਲੀ ਸਪਲਾਈ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦਾ ਹੈ। ਹੁਣ ਰਿਲਾਇੰਸ ਪਾਵਰ ਵੱਲੋਂ ਕਰਜੇ ਦੀ ਮੁੜ ਅਦਾਇਗੀ ਨਾਲ ਇਸ ਸੌਦੇ ਵਿੱਚ ਵੱਡੀ ਰੁਕਾਵਟ ਦੂਰ ਹੋ ਗਈ ਹੈ। ਇਸ ਤੋਂ ਪਹਿਲਾਂ ਖਬਰ ਆਈ ਸੀ ਕਿ ਅਡਾਨੀ ਗਰੁੱਪ ਦੀ ਕੰਪਨੀ ਅਡਾਨੀ ਪਾਵਰ ਨੇ ਬੁਟੀਬੋਰੀ ਪਲਾਂਟ ਖਰੀਦਣ ਲਈ ਐਸੇਟ ਰੀਕੰਸਟ੍ਰਕਸਨ ਕੰਪਨੀ ਨਾਲ ਗੱਲਬਾਤ ਸੁਰੂ ਕਰ ਦਿੱਤੀ ਹੈ। ਨੇ 1,265 ਕਰੋੜ ਰੁਪਏ ਵਿੱਚ ਬੁਟੀਬੋਰੀ ਪ੍ਰੋਜੈਕਟ ਦਾ ਸਾਰਾ ਕਰਜਾ ਖਰੀਦਿਆ ਸੀ। ਅਡਾਨੀ ਗਰੁੱਪ ਦੇਸ ਦਾ ਸਭ ਤੋਂ ਵੱਡਾ ਪ੍ਰਾਈਵੇਟ ਥਰਮਲ ਪਾਵਰ ਉਤਪਾਦਕ ਹੈ। ਉਸ ਦੀ ਨਜਰ ਬੂਟੀਬੋਰੀ ਦੇ ਪਲਾਂਟ 'ਤੇ ਹੈ। ਮੰਨਿਆ ਜਾ ਰਿਹਾ ਹੈ ਕਿ ਇਹ ਡੀਲ 2,400 ਤੋਂ 3,000 ਕਰੋੜ ਰੁਪਏ 'ਚ ਹੋ ਸਕਦੀ ਹੈ। ਦੇਸ 'ਚ ਬਿਜਲੀ ਦੀ ਮੰਗ ਲਗਾਤਾਰ ਵਧ ਰਹੀ ਹੈ ਅਤੇ ਅਡਾਨੀ ਗਰੁੱਪ ਇਸ ਮੌਕੇ




ਦਾ ਪੂਰਾ ਫਾਇਦਾ ਉਠਾਉਣਾ ਚਾਹੁੰਦਾ ਹੈ। ਇਸ ਸੌਦੇ ਦੇ ਪੂਰਾ ਹੋਣ ਤੋਂ ਬਾਅਦ ਗੌਤਮ ਅਡਾਨੀ ਪਾਵਰ ਸੈਕਟਰ 'ਚ ਆਪਣੀ ਪਕੜ ਹੋਰ ਮਜਬੂਤ ਕਰੇਗਾ। ਬੂਟੀਬੋਰੀ ਪਲਾਂਟ ਵਿੱਚ 300-300 ਮੈਗਾਵਾਟ ਦੇ ਦੋ ਯੂਨਿਟ ਹਨ ਪਰ ਕੋਲੇ ਦੀ ਸਪਲਾਈ ਨਾ ਹੋਣ ਕਾਰਨ ਦੋਵੇਂ ਯੂਨਿਟ ਬੰਦ ਪਏ ਹਨ। ਜੇਕਰ ਇਹ ਪਲਾਂਟ ਅਡਾਨੀ ਕੋਲ ਜਾਂਦਾ ਹੈ ਤਾਂ ਇਸ ਤੋਂ ਉਤਪਾਦਨ ਸੁਰੂ ਹੋ ਸਕਦਾ ਹੈ। ਅਡਾਨੀ ਗਰੁੱਪ ਦਾ ਨਾਗਪੁਰ ਤੋਂ ਲਗਭਗ 125 ਕਿਲੋਮੀਟਰ ਦੂਰ ਤਿਰੋਦਾ ਵਿਖੇ 3.3 ਗੀਗਾਵਾਟ ਦਾ ਕੋਲਾ ਆਧਾਰਿਤ ਸੁਪਰਕ੍ਰਿਟੀਕਲ ਥਰਮਲ ਪਾਵਰ ਪਲਾਂਟ ਹੈ। ਗਰੁੱਪ ਦੀ ਯੋਜਨਾ ਤਿਰੋਧਾ ਪਲਾਂਟ ਨੂੰ ਬੂਟੀਬੋਰੀ ਪ੍ਰਾਜੈਕਟ ਨਾਲ ਜੋੜਨ ਦੀ ਹੈ। 2019 ਤੱਕ, ਬੁਟੀਬੋਰੀ ਪ੍ਰੋਜੈਕਟ ਮੁੰਬਈ ਵਿੱਚ ਬਿਜਲੀ ਸਪਲਾਈ ਦਾ ਇੱਕ ਮਹੱਤਵਪੂਰਨ ਸਪਲਾਇਰ ਸੀ। ਸੱਜਣ ਜਿੰਦਲ ਦੀ ਅਗਵਾਈ ਵਾਲੀ ਐਨਰਜੀ ਲਿਮਿਟੇਡ ਨੇ ਸੁਰੂ ਵਿੱਚ ਇਸ ਪ੍ਰੋਜੈਕਟ ਵਿੱਚ ਦਿਲਚਸਪੀ ਦਿਖਾਈ ਸੀ। ਪਰ ਮੁਲਾਂਕਣ ਅਤੇ ਸੰਚਾਲਨ ਸੰਬੰਧੀ ਮੁੱਦਿਆਂ ਕਾਰਨ ਇਹ ਪਿੱਛੇ ਹਟ ਗਿਆ।

## ਪਿਓ ਕਰਜਾ ਨਾ ਮੋੜ ਸਕਿਆ ਤਾਂ ਵਿਅਕਤੀ ਨੇ ਉਸ ਦੀ ਮੰਦਬੁੱਧੀ ਨਾਬਾਲਗ ਧੀ ਨੂੰ ਬਣਾਇਆ ਹਵਸ ਦਾ ਸ਼ਿਕਾਰ !

ਜਲੰਧਰ 21 ਸਤੰਬਰ। ਥਾਣਾ ਮਕਸੂਦਾਂ ਅਧੀਨ ਪੈਂਦੇ ਇਕ ਪਿੰਡ 'ਚ 2 ਵਿਆਹ ਕਰਵਾਉਣ ਦੇ ਬਾਅਦ ਇਕ ਮੰਦਬੁੱਧੀ ਨਾਬਾਲਗ ਲੜਕੀ ਨਾਲ ਜਬਰ-ਜਨਾਹ ਦੇ ਦੋਸ ਹੇਠ ਪੁਲਸ ਨੇ ਇਕ ਵਿਅਕਤੀ ਨੂੰ ਪੁੱਛਗਿਛ ਲਈ ਹਿਰਾਸਤ 'ਚ ਲਿਆ ਹੈ। ਜਾਣਕਾਰੀ ਅਨੁਸਾਰ ਮੰਦਬੁੱਧੀ ਨਾਬਾਲਗਾ ਦੇ ਪਿਤਾ ਨੇ ਪੁਲਸ ਨੂੰ ਸ਼ਿ?ਕਾਇਤ ਦਿੰਦਿਆਂ ਦੋਸ ਲਾਏ ਕਿ ਸੁਮਨ ਵਾਸੀ ਯੂ.ਪੀ. ਹਾਲ ਵਾਸੀ ਭਤੀਜਾ ਨੇ ਉਨ੍ਹਾਂ ਦੀ ਲੜਕੀ ਨਾਲ ਜਬਰ-ਜਨਾਹ ਕੀਤਾ ਹੈ। ਇਸ ਕਰ ਕੇ ਪੁੱਛਗਿੱਛ ਲਈ ਸੁਮਨ ਨੂੰ ਪੁਲਸ ਨੇ ਹਿਰਾਸਤ 'ਚ ਲਿਆ ਹੈ। ਪੁਲਸ ਦਾ ਕਹਿਣਾ ਹੈ ਕਿ ਲੜਕੀ ਦਾ ਮੈਡੀਕਲ ਕਰਵਾ ਕੇ ਅਗਲੀ ਕਾਰਵਾਈ ਕੀਤੀ ਜਾਵੇਗੀ। ਦੂਜੇ ਪਾਸੇ ਹਿਰਾਸਤ 'ਚ ਲਏ ਗਏ ਸੁਮਨ ਦੀਆਂ ਦੋਵੇਂ ਪਤਨੀਆਂ ਦਾ ਕਹਿਣਾ ਹੈ ਕਿ ਪਹਿਲਾਂ ਲੜਕੀ ਦਾ ਪਰਿਵਾਰ ਤੇ ਉਸ ਦਾ ਪਰਿਵਾਰ ਪਿੰਡ ਨੁੱਸੀ 'ਚ ਇਕੋ ਵਿਹੜੇ 'ਚ ਰਹਿੰਦੇ ਸਨ।

## ਭਾਰਤ ਦਾ ਡਾਇਮੰਡ ਸੈਕਟਰ ਸੰਕਟ 'ਚ, ਕਾਰਖਾਨੇ ਹੋ ਰਹੇ ਬੰਦ, ਦਰਾਮਦ ਅਤੇ ਬਰਾਮਦ 'ਚ ਭਾਰੀ ਗਿਰਾਵਟ

ਨਵੀਂ ਦਿੱਲੀ 21 ਸਤੰਬਰ। ਭਾਰਤ ਦਾ ਡਾਇਮੰਡ ਸੈਕਟਰ (ਹੀਰਾ ਖੇਤਰ) ਗੰਭੀਰ ਸੰਕਟ ਦਾ ਸਾਹਮਣਾ ਕਰ ਰਿਹਾ ਹੈ। ਪਿਛਲੇ 3 ਸਾਲਾਂ 'ਚ ਦਰਾਮਦ ਅਤੇ ਬਰਾਮਦ ਦੋਵਾਂ 'ਚ ਭਾਰੀ ਗਿਰਾਵਟ ਆਈ ਹੈ, ਜਿਸ ਕਾਰਨ ਕਾਰਖਾਨੇ ਬੰਦ ਹੋ ਰਹੇ ਹਨ ਅਤੇ ਵੱਡੇ ਪੱਧਰ 'ਤੇ ਨੌਕਰੀਆਂ ਜਾ ਰਹੀਆਂ ਹਨ, ਇਹ ਗੱਲ ਬੁੱਧਵਾਰ ਨੂੰ ਥਿੰਕ ਟੈਂਕ ਜੀ. ਟੀ. ਆਰ. ਆਈ. ਨੇ ਕਹੀ। ਇਸ ਨੇ ਕਿਹਾ ਕਿ ਬਰਾਮਦ ਰਿਟਰਨ 'ਚ ਵਾਧਾ ਹੋਇਆ ਹੈ ਪਰ ਘੱਟ ਆਰਡਰ ਅਤੇ ਲੈਬ ਗ੍ਰੋਨ ਡਾਇਮੰਡ (ਪ੍ਰਯੋਗਸ਼ਾਲਾ 'ਚ ਉਗਾਏ ਗਏ ਹੀਰੇ) ਨਾਲ ਵਧਦੇ ਮੁਕਾਬਲੇ ਕਾਰਨ ਅਨਪ੍ਰੋਸੈਸਡ ਕੱਚੇ ਹੀਰਿਆਂ ਦਾ ਇਕ ਵੱਡਾ ਭੰਡਾਰ ਜਮ੍ਹਾ ਹੋ ਰਿਹਾ ਹੈ। ਗਲੋਬਲ ਟ੍ਰੇਡ ਰਿਸਰਚ ਇਨੀਸ਼ੀਏਟਿਵ (ਜੀ. ਟੀ. ਆਰ. ਆਈ.) ਦੇ ਸੰਸਥਾਪਕ ਅਜੈ ਸ਼੍ਰੀਵਾਸਤਵ ਨੇ ਕਿਹਾ ਕਿ ਦੁੱਖ ਦੀ ਗੱਲ ਇਹ ਹੈ ਕਿ ਗੁਜਰਾਤ ਦੇ ਹੀਰਾ ਖੇਤਰ 'ਚ 60 ਤੋਂ ਵੱਧ ਲੋਕਾਂ ਨੇ ਆਤਮਹੱਤਿਆ ਕਰ ਲਈ ਹੈ, ਜੋ ਭਾਰਤ ਦੇ ਹੀਰਾ ਖੇਤਰ ਦੇ ਗੰਭੀਰ ਵਿੱਤੀ ਅਤੇ ਭਾਵਨਾਤਮਕ ਤਣਾਅ ਨੂੰ ਦਰਸਾਉਂਦਾ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਨੂੰ ਦੂਰ ਕਰਨ ਅਤੇ ਖੇਤਰ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਫੌਰੀ ਕਾਰਵਾਈ ਕਰ ਕੇ ਤੁਰੰਤ ਲੋੜੀਂਦੀ ਕਾਰਵਾਈ ਜਰੂਰੀ ਹੈ। ਥਿੰਕ ਟੈਂਕ ਦੇ ਅੰਕੜਿਆਂ



ਅਨੁਸਾਰ 2021-22 'ਚ 18.5 ਬਿਲੀਅਨ ਅਮਰੀਕੀ ਡਾਲਰ ਨਾਲ 2023-24 'ਚ 14 ਬਿਲੀਅਨ ਅਮਰੀਕੀ ਡਾਲਕ ਤੱਕ ਕੱਚੇ ਹੀਰਿਆਂ ਦੀ ਦਰਾਮਦ 'ਚ 24.5 ਫੀਸਦੀ ਦੀ ਗਿਰਾਵਟ ਆਈ ਹੈ, ਜੋ ਕਮਜੋਰ ਗਲੋਬਲ ਬਾਜਾਰਾਂ ਅਤੇ ਘੱਟ ਪ੍ਰੋਸੈਸਿੰਗ ਆਰਡਰਾਂ ਨੂੰ ਦਰਸਾਉਂਦਾ ਹੈ। ਮੁੜ ਬਰਾਮਦ ਕੀਤੇ ਗਏ ਕੱਚੇ ਹੀਰਿਆਂ ਦੇ ਤਾਲਮੇਲ ਤੋਂ ਬਾਅਦ ਸ਼ੁੱਧ ਦਰਾਮਦ 25.3 ਫੀਸਦੀ ਘਟ ਕੇ 17.5 ਬਿਲੀਅਨ ਅਮਰੀਕੀ ਡਾਲਰ ਤੋਂ 13.1 ਬਿਲੀਅਨ ਅਮਰੀਕੀ ਡਾਲਰ ਰਹਿ ਗਈ, ਜੋ ਭਾਰਤ 'ਚ ਪ੍ਰੋਸੈਸਿੰਗ ਦੀ ਘੱਟ ਮੰਗ ਨੂੰ ਦਰਸਾਉਂਦਾ ਹੈ। ਕੱਟੇ ਅਤੇ ਪਾਲਿਸ਼ ਕੀਤੇ ਗਏ ਹੀਰਿਆਂ ਦੀ ਬਰਾਮਦ 34.6 ਫੀਸਦੀ ਦੀ ਉੱਚ ਹੱਦ ਤੋਂ ਡਿੱਗ ਕੇ ਮਾਲੀ ਸਾਲ 2022 'ਚ 24.4 ਬਿਲੀਅਨ ਅਮਰੀਕੀ ਡਾਲਰ ਤੋਂ ਮਾਲੀ ਸਾਲ 2024 'ਚ 13.1 ਬਿਲੀਅਨ ਅਮਰੀਕੀ ਡਾਲਰ ਰਹਿ ਗਈ। ਰਿਪੋਰਟ 'ਚ ਕਿਹਾ ਗਿਆ ਹੈ ਕਿ ਇਸ ਤੋਂ ਇਲਾਵਾ ਇਸ ਮਿਆਦ ਦੌਰਾਨ ਭਾਰਤ 'ਚ ਵਾਪਸ ਆਏ ਬਿਨਾ ਵਿਕੇ ਹੀਰਿਆਂ ਦੀ ਹਿੱਸੇਦਾਰੀ 35 ਤੋਂ ਵਧ ਕੇ 45.6 ਫੀਸਦੀ ਹੋ ਗਈ। ਕੱਟੇ ਅਤੇ ਪਾਲਿਸ਼ ਕੀਤੇ ਗਏ ਹੀਰਿਆਂ ਦੀ ਸ਼ੁੱਧ ਬਰਾਮਦ 45.3 ਫੀਸਦੀ ਘੱਟ ਕੇ 15.9 ਬਿਲੀਅਨ ਅਮਰੀਕੀ ਡਾਲਰ ਤੋਂ 8.7 ਬਿਲੀਅਨ ਅਮਰੀਕੀ ਡਾਲਰ ਰਹਿ ਗਈ, ਜੋ ਕਮਜੋਰ ਬਾਜਾਰ ਅਤੇ ਵਧਦੇ ਬਿਨਾ ਵਿਕੇ ਸਟਾਕ ਨੂੰ ਦਰਸਾਉਂਦਾ ਹੈ।

## ਕੁੜੀ ਦਾ ਅਮਰੀਕਾ ਦਾ ਵੀਜ਼ਾ ਹੋਇਆ ਰੀਫਿਊਜ

ਜਲੰਧਰ 21 ਸਤੰਬਰ। ਗੜ੍ਹਾ ਰੋਡ 'ਤੇ ਸਥਿਤ ਇਕ ਟ੍ਰੈਵਲ ਏਜੰਟ ਦੇ ਆਫਿਸ ਵਿਚ ਜੰਮ ਕੇ ਹੰਗਾਮਾ ਹੋਇਆ। ਵੀਜਾ ਅਪਲਾਈ ਕਰਨ ਵਾਲੀ ਕਲਾਇੰਟ ਨੇ ਆਪਣੇ ਸਮਰਥਕਾਂ ਨੂੰ ਬੁਲਾ ਕੇ ਦਫਤਰ ਵਿਚ ਸਟਾਫ ਨਾਲ ਕੁੱਟਮਾਰ ਕੀਤੀ। ਥਾਣਾ ਨੰਬਰ 7 ਦੀ ਪੁਲਸ ਨੂੰ ਇਸ ਸਬੰਧੀ ਸ਼ਿਕਾਇਤ ਦਿੱਤੀ ਗਈ ਹੈ। ਜਾਣਕਾਰੀ ਅਨੁਸਾਰ ਇਕ ਕੁੜੀ ਨੇ ਵਿਦੇਸ਼ ਅਮਰੀਕਾ ਜਾਣ ਲਈ ਇਕ ਅਕੈਡਮੀ (ਟਰੈਵਲ ਏਜੰਟ) ਵਿਚ ਅਪਲਾਈ ਕੀਤਾ ਸੀ। ਦੋਸ਼ ਹੈ ਕਿ ਵੀਜਾ ਰੀਫ?ਊਜ ਹੋ ਗਿਆ ਸੀ, ਜਿਸ ਕਾਰਨ ਕੁੜੀ ਏਜੰਟ ਨੂੰ ਪੈਸੇ ਮੋੜਨ ਲਈ ਕਹਿ ਰਹੀ ਹੈ ਪਰ ਉਹ ਟਾਲ-ਮਟੋਲ ਕਰ ਰਿਹਾ ਸੀ। ਕਾਫੀ ਸਮਾਂ ਬੀਤ ਜਾਣ ਦੇ ਬਾਅਦ ਵੀ ਜਦੋਂ ਏਜੰਟ ਨੇ ਪੈਸੇ ਨਾ ਮੋੜੇ ਤਾਂ ਕੁੜੀ ਆਪਣੇ ਪਰਿਵਾਰਕ ਮੈਂਬਰਾਂ ਅਤੇ ਸਮਰਥਕਾਂ ਨਾਲ ਏਜੰਟ ਦੇ ਆਫ਼ਿ?ਸ ਵਿਚ ਪਹੁੰਚ ਗਏ, ਜਿੱਥੇ ਪਹਿਲਾਂ ਤਾਂ ਸਟਾਫ ਨਾਲ ਬਹਿਸਬਾਜੀ ਹੋਈ ਅਤੇ ਬਾਅਦ ਵਿਚ ਮਾਮਲਾ ਇੰਨਾ ਵਧ ਗਿਆ ਕਿ ਗੱਲ ਹੱਥੋਪਾਈ ਤਕ ਪਹੁੰਚ ਗਈ। ਸੀ. ਸੀ. ਟੀ. ਵੀ. ਵਿਚ ਸਾਫ ਵਿਖਾਈ ਦੇ ਰਿਹਾ ਹੈ ਕਿ ਸਮਰਥਕਾਂ ਨੇ ਸਟਾਫ 'ਤੇ ਕੁਰਸੀਆਂ ਚੁੱਕ ਕੇ ਸੁੱਟੀਆਂ। ਸ਼ਿਕਾਇਤ ਮਿਲਣ ਤੋਂ ਬਾਅਦ ਪੁਲਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

# ਜ਼ਿਲ੍ਹੇ ਭਰ 'ਚ ਕੰਬਾਈਨਾਂ ਸ਼ਾਮ 7 ਤੋਂ ਸਵੇਰੇ 10 ਵਜੇ ਤੱਕ ਚਲਾਉਣ 'ਤੇ ਪਾਬੰਦੀ

**ਕਿਸ਼ਨ ਪਾਲ**

ਬਠਿੰਡਾ 21 ਸਤੰਬਰ। ਜ਼ਿਲ੍ਹਾ ਮੈਜਿਸਟ੍ਰੇਟ ਸ਼ੌਕਤ ਅਹਿਮਦ ਪਰੇ ਵੱਲੋਂ ਜ਼ਿਲ੍ਹਾ ਬਠਿੰਡਾ ਦੀ ਹਦੂਦ ਅੰਦਰ ਸ਼ਾਮ 7 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਮੁਕੰਮਲ ਪਾਬੰਦੀ ਲਗਾਈ ਗਈ ਹੈ। ਜੇਕਰ ਇਸ ਸਮੇਂ ਦੌਰਾਨ ਕੋਈ ਕੰਬਾਈਨ ਝੋਨੇ ਦੀ ਫਸਲ ਕੱਟਦੀ ਫੜੀ ਗਈ ਤਾਂ ਉਸ ਨੂੰ ਤੁਰੰਤ ਜਬਤ ਕੀਤਾ ਜਾਵੇਗਾ। ਹੁਕਮ ਅਨੁਸਾਰ ਉਨ੍ਹਾਂ ਕਿਹਾ ਕਿ ਝੋਨੇ ਦੀ ਕਟਾਈ ਦਾ ਸੀਜਨ ਸ਼ੁਰੂ ਹੋ ਗਿਆ ਹੈ ਅਤੇ ਆਮ ਤੌਰ 'ਤੇ ਦੇਖਿਆ ਗਿਆ ਹੈ ਕਿ ਝੋਨੇ ਦੀ ਕਟਾਈ ਲਈ ਕੰਬਾਈਨਾਂ 24 ਘੰਟੇ ਕੰਮ ਕਰਦੀਆਂ ਹਨ। ਰਾਤ ਸਮੇਂ ਕੰਬਾਈਨਾਂ ਚੱਲਣ ਨਾਲ ਜਾਨੀ-ਮਾਲੀ ਨੁਕਸਾਨ ਹੋਣ ਅਤੇ ਦੁਰਘਟਨਾ ਵਾਪਰਨ ਦਾ ਡਰ ਰਹਿੰਦਾ ਹੈ। ਇਸ ਤੋਂ ਇਲਾਵਾ ਕੰਬਾਈਨਾਂ ਰਾਤ ਵੇਲੇ ਹਰਾ ਝੋਨਾ ਜੋ ਕਿ ਚੰਗੀ ਤਰ੍ਹਾਂ ਪੱਕਿਆ ਨਹੀਂ ਹੁੰਦਾ, ਕੱਚਾ ਦਾਣਾ ਹੀ ਕੱਟ ਦਿੰਦੀਆਂ ਹਨ, ਜਿਸ ਨਾਲ ਝੋਨੇ ਦੀ ਕੁਆਲਿਟੀ ਪ੍ਰਭਾਵਿਤ ਹੁੰਦੀ ਹੈ ਅਤੇ ਖਰੀਦ ਏਜੰਸੀਆਂ ਵੀ ਝੋਨੇ ਦੀ ਖਰੀਦ ਕਰਨ ਤੋਂ ਝਿਜਕਦੀਆਂ ਹਨ। ਇਸੇ



ਤਰ੍ਹਾਂ ਹੀ ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਜ਼ਿਲ੍ਹਾ ਬਠਿੰਡਾ ਅੰਦਰ ਝੋਨੇ ਦੀ ਫਸਲ ਕੱਟਣ ਤੋਂ ਬਾਅਦ ਖੇਤਾਂ ਵਿਚ ਪਏ ਝੋਨੇ ਦੀ ਪਰਾਲੀ ਆਦਿ ਨੂੰ ਅੱਗ ਲਗਾਉਣ 'ਤੇ ਪੂਰਨ ਪਾਬੰਦੀ ਲਗਾਈ ਹੈ। ਉਨ੍ਹਾਂ ਕਿਹਾ ਕਿ ਦੇਖਣ 'ਚ ਆਇਆ ਹੈ ਕਿ ਝੋਨਾ ਕੱਟਣ ਉਪਰੰਤ ਪਰਾਲੀ ਨੂੰ ਕਿਸਾਨਾਂ ਵੱਲੋਂ ਅੱਗ ਲਗਾ ਦਿੱਤੀ ਜਾਂਦੀ ਹੈ, ਜਿਸ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਘੱਟਦੀ ਹੈ। ਜ਼ਮੀਨ ਦੀ ਉਪਰਲੀ ਸਤ੍ਹਾ ਅੱਗ ਨਾਲ ਜਲਣ ਕਾਰਨ ਇਸ ਵਿਚ ਮੌਜੂਦ ਕਈ ਲਾਭਦਾਇਕ ਜੀਵਾਣੂ ਮਰ ਜਾਂਦੇ ਹਨ ਤੇ ਆਲੇ-ਦੁਆਲੇ ਖੜ੍ਹੀ ਫਸਲ, ਗੋਦਾਮਾਂ ਵਿਚ ਸਟੋਰ ਕੀਤੀ ਗਈ ਫਸਲ, ਗੋਲਾ ਬਰੂਦ ਦੇ ਡਿਪੂ ਵਿਚ ਅੱਗ ਲੱਗ ਕੇ ਲੋਕਾਂ ਦਾ ਭਾਰੀ ਜਾਨੀ ਤੇ ਮਾਲੀ ਨੁਕਸਾਨ ਹੋ ਸਕਦਾ ਹੈ ਅਤੇ ਵਾਤਾਵਰਣ ਵੀ ਕਾਫੀ ਪ੍ਰਭਾਵਿਤ ਹੁੰਦਾ ਹੈ। ਹਵਾ ਵਿਚ ਧੂੰਏਂ ਨਾਲ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆਂ ਬੀਮਾਰੀਆਂ ਹੋ ਸਕਦੀਆਂ ਹਨ। ਇਸ ਲਈ ਇਸ ਦੀ ਰੋਕਥਾਮ ਕਰਨ ਦੀ ਲੋੜ ਨੂੰ ਦੇਖਦਿਆਂ ਇਹ ਪਾਬੰਦੀ ਲਗਾਈ ਗਈ ਹੈ।

# ਅੰਤਰਰਾਸ਼ਟਰੀ ਦੁਸਹਿਰਾ ਤਿਉਹਾਰ ਮਨਾਇਆ ਜਾਵੇਗਾ

ਕੁੱਲੂ 21 ਸਤੰਬਰ। ਅੰਤਰਰਾਸਟਰੀ ਕੁੱਲੂ ਦੁਸਹਿਰਾ ਤਿਉਹਾਰ ਤੋਂ ਬਾਅਦ ਇਸ ਵਾਰ ਰਾਜਦੂਤਾਂ ਦੀ ਇੱਕ ਕਾਨਫਰੰਸ ਆਯੋਜਿਤ ਕੀਤੀ ਜਾਵੇਗੀ, ਜਿਸ ਵਿੱਚ ਸੱਭਿਆਚਾਰਕ ਅਤੇ ਵਪਾਰਕ ਅਦਾਨ-ਪ੍ਰਦਾਨ ਬਾਰੇ ਸਮਝੌਤਿਆਂ 'ਤੇ ਵੀ ਦਸਤਖਤ ਕੀਤੇ ਜਾਣਗੇ। ਕੁੱਲੂ ਤੋਂ ਵਧੀਆ ਸੱਭਿਆਚਾਰਕ ਗਰੁੱਪਾਂ ਨੂੰ ਵਿਦੇਸ ਭਜਿਆ ਜਾਵੇਗਾ। ਇਸ ਸਾਲ ਇਸ ਤਿਉਹਾਰ ਦੇ ਆਯੋਜਨ ਲਈ ਇੱਕ ਸਹਿਯੋਗੀ ਦੇਸ ਅਤੇ ਸਹਿਯੋਗੀ ਰਾਜ ਵੀ ਸਾਂਝੇਦਾਰੀ ਵਜੋਂ ਰੱਖੇ ਜਾਣਗੇ। ਇਹ ਗੱਲ ਸੀਪੀਐੱਸ ਸੁੰਦਰ ਸਿੰਘ ਠਾਕੁਰ ਨੇ ਕੁੱਲੂ ਦੁਸਹਿਰਾ ਉਤਸਵ ਕਮੇਟੀ ਦੀ ਮੀਟਿੰਗ ਦੌਰਾਨ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਸੰਬੋਧਨ ਕਰਦਿਆਂ ਕਹੀ। ਉਨ੍ਹਾਂ ਦੱਸਿਆ ਕਿ ਇਸ ਵਾਰ ਅੰਤਰਰਾਸਟਰੀ ਕੁੱਲੂ ਦੁਸਹਿਰਾ 13 ਤੋਂ 19 ਅਕਤੂਬਰ ਤੱਕ ਕਰਵਾਇਆ ਜਾਵੇਗਾ। ਉਹਨਾਂ ਨੇ ਕਿਹਾ ਕਿ ਇਸ ਵਾਰ ਕੋਸ਼ਿ?ਸ ਕੀਤੀ ਜਾ ਰਹੀ ਹੈ ਕਿ ਵੱਧ ਤੋਂ ਵੱਧ ਦੇਸ ਇਸ ਵਿੱਚ ਹਿੱਸਾ ਲੈਣ। ਇਸ ਵਾਰ ਇੱਕ ਵਿਸੇਸ ਸੱਭਿਆਚਾਰਕ ਪ੍ਰੋਗਰਾਮ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਭਾਰਤੀ ਅਤੇ ਵਿਦੇਸੀ ਸੱਭਿਆਚਾਰ ਦਾ ਮਿਸਰਣ ਪੇਸ ਕੀਤਾ ਜਾਵੇਗਾ। ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਅੰਤਰਰਾਸਟਰੀ ਡਾਂਸ ਫੈਸਟੀਵਲ ਸਮਾਗਮ ਦਾ ਮੁੱਖ ਆਕਰਸਣ ਹੈ, ਜਿਸ ਵਿੱਚ ਹਿਮਾਚਲ ਪ੍ਰਦੇਸ ਦੇ ਰੰਗੀਨ ਲੋਕ ਨਾਚਾਂ ਦੇ ਨਾਲ-ਨਾਲ ਵੱਖ-ਵੱਖ ਦੇਸਾਂ ਦੇ ਸੱਭਿਆਚਾਰ ਨੂੰ ਵੀ ਪ੍ਰਦਰਸ਼ਿ?ਤ ਕੀਤਾ ਜਾਵੇਗਾ। ਸੁੰਦਰ ਸਿੰਘ ਠਾਕੁਰ ਨੇ ਦੱਸਿਆ ਕਿ ਕੁੱਲੂ ਵਿੱਚ ਕਰੀਬ 365 ਸਥਾਨਕ ਦੇਵੀ-ਦੇਵਤੇ ਨਿਵਾਸ ਕਰਦੇ ਹਨ, ਇਸ ਲਈ ਇਸ ਧਰਤੀ ਨੂੰ ਦੇਵਭੂਮੀ ਵਜੋਂ ਜਾਣਿਆ ਜਾਂਦਾ ਹੈ। ਇਸ ਲਈ ਇਸ ਵਾਰ ਸਮਾਗਮ ਲਈ ਹੁਣ ਤੱਕ 332 ਸਥਾਨਕ ਦੇਵੀ-ਦੇਵਤਿਆਂ ਨੂੰ ਸੱਦਾ ਪੱਤਰ ਭੇਜੇ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਸੱਤ ਰੋਜਾ ਸਮਾਗਮ ਪਿਛਲੇ ਸਾਲਾਂ ਦੀ ਰਵਾਇਤ ਅਨੁਸਾਰ ਮਨਾਇਆ ਜਾਵੇਗਾ, ਹਾਲਾਂਕਿ ਵਪਾਰਕ ਮੇਲੇ ਦੀਵਾਲੀ ਦੇ ਤਿਉਹਾਰ ਤੱਕ ਜਾਰੀ ਰਹਿਣਗੇ। ਇਸ ਵਿੱਚ ਆਟੋ ਮੇਲਾ, ਸਰਸ ਮੇਲਾ, ਪੇਂਡੂ ਵਿਕਾਸ ਮੰਤਰਾਲਾ, ਕੱਪੜਾ ਮੰਤਰਾਲਾ ਅਤੇ ਹੋਰ ਕਈ ਸੰਸਥਾਵਾਂ ਦੁਆਰਾ ਲਗਾਈਆਂ ਪ੍ਰਦਰਸਨੀਆਂ ਅਤੇ ਸਟਾਲ ਸਾਮਲ ਹਨ। ਦੁਸਹਿਰੇ ਦੇ ਤਿਉਹਾਰ 'ਤੇ ਲੱਗਣ ਵਾਲੇ ਮੇਲੇ ਲਈ ਪਲਾਟ ਅਲਾਟ ਕਰਨ ਦਾ ਕੰਮ ਸੁਰੂ ਹੋ ਗਿਆ ਹੈ। ਵੱਡੇ ਪਲਾਟਾਂ ਦੀ ਅਲਾਟਮੈਂਟ ਲਈ ਟੈਂਡਰ ਹੋ ਚੁੱਕੇ ਹਨ ਅਤੇ ਜਲਦੀ ਹੀ ਛੋਟੇ ਪਲਾਟਾਂ ਦੀ ਅਲਾਟਮੈਂਟ ਦੀ ਪ੍ਰਕਿਰਿਆ ਸੁਰੂ ਹੋਣ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਤੰਬੋਲਾ ਦੇ ਟੈਂਡਰ ਤੋਂ 2 ਕਰੋੜ 12 ਲੱਖ ਰੁਪਏ ਦੀ ਆਮਦਨ ਹੋਵੇਗੀ।

# ਪਾਰਕ 'ਚ ਖੇਡ ਰਹੀ 6 ਸਾਲਾ ਮਾਸੂਮ ਬੱਚੀ ਨਾਲ ਕੀਤਾ ਜਬਰ-ਜਨਾਹ

ਲੁਧਿਆਣਾ 21 ਸਤੰਬਰ। ਮਾਸੂਮ ਬੱਚੀ ਨਾਲ ਜਬਰ-ਜਨਾਹ ਕਰਨ ਦੇ ਦੋਸ਼ 'ਚ ਸਥਾਨਕ ਐਡੀਸ਼ਨਲ ਸੈਸ਼ਨ ਜੱਜ ਅਮਰਜੀਤ ਸਿੰਘ ਦੀ ਅਦਾਲਤ ਨੇ ਦੋਸ਼ੀ ਸੁਖਦੇਵ ਸਿੰਘ ਉਰਫ਼ ਸੋਨੂ ਵਾਸੀ ਭਾਈ ਹਿੰਮਤ ਸਿੰਘ ਨਗਰ, ਲੁਧਿਆਣਾ ਨੂੰ 20 ਸਾਲ ਦੀ ਕੈਦ ਅਤੇ 1,20,000 ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਮੁਜਰਿਮ ਖਿਲਾਫ ਥਾਣਾ ਦੁੱਗਰੀ ਵੱਲੋਂ 16 ਦਸੰਬਰ 2022 ਨੂੰ ਮਾਸੂਮ ਲੜਕੀ ਦੀ ਮਾਂ ਦੀ ਸ਼ਿਕਾਇਤ 'ਤੇ ਪੋਕਸੋ ਐਕਟ ਦੀਆਂ ਹੋਰ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਮੁਤਾਬਕ ਉਹ ਲੋਕਾਂ ਦੇ ਘਰਾਂ 'ਚ ਸਫਾਈ ਦਾ ਕੰਮ ਕਰਦੀ ਹੈ। 15 ਦਸੰਬਰ 2022 ਨੂੰ ਜਦੋਂ ਉਹ ਘਰ ਪਰਤੀ ਤਾਂ ਉਸ ਦੀ ਸਭ ਤੋਂ ਛੋਟੀ 6 ਸਾਲ ਦੀ ਲੜਕੀ ਘਰੋਂ ਗਾਇਬ ਸੀ। ਪੁੱਛਣ 'ਤੇ ਉਸ ਦੀ ਵੱਡੀ ਲੜਕੀ ਨੇ ਦੱਸਿਆ ਕਿ ਉਹ ਖੇਡਣ ਗਈ ਸੀ ਪਰ ਵਾਪਸ ਨਹੀਂ ਆਈ ਪਰ ਰਾਤ 11:30 ਵਜੇ ਉਹ ਅਚਾਨਕ ਘਰ ਆ ਗਈ ਉਸ ਨੇ ਰੋਂਦੀ ਹੋਈ ਨੇ ਦੱਸਿਆ ਕਿ ਜਦੋਂ ਉਹ ਜੈਨ ਮੰਦਰ ਦੇ ਸਾਹਮਣੇ ਪਾਰਕ 'ਚ ਖੇਡ ਰਹੀ ਸੀ ਤਾਂ ਇਕ ਆਟੋ ਰਿਕਸ਼ਾ ਚਾਲਕ ਨੇ ਉਸ ਨੂੰ 10 ਰੁਪਏ ਦੇ ਕੇ ਬਿਠਾ ਲਿਆ ਤੇ ਸੁੰਨਸਾਨ ਜਗ੍ਹਾ 'ਤੇ ਲੈ ਗਿਆ, ਜਿਥੇ ਉਸ ਨਾਲ ਕੁਕਰਮ ਕੀਤਾ। ਪੁਲਸ ਜਾਂਚ ਤੋਂ ਬਾਅਦ ਪਤਾ ਲੱਗਾ ਕਿ ਉਕਤ ਦੋਸ਼ੀ ਨੇ ਹੀ ਨਾਬਾਲਗਾ ਨਾਲ ਜਬਰ-ਜ਼ਨਾਹ ਕੀਤਾ ਹੈ।

## 2 ਮੋਟਰਸਾਈਕਲਾਂ ਦੀ ਹੋਈ ਭਿਆਨਕ ਟੱਕਰ, ਭਰਾ ਦੀਆਂ ਅੱਖਾਂ ਸਾਹਮਣੇ ਭਰਾ ਦੀ ਤੜਫ-ਤੜਫ ਕੇ ਮੌਤ

ਜਲੰਧਰ 21 ਸਤੰਬਰ। ਗਦਾਈਪੁਰ ਵਿਚ 2 ਮੋਟਰਸਾਈਕਲਾਂ ਦੀ ਆਹਮੋ-ਸਾਹਮਣੇ ਜਬਰਦਸਤ ਟੱਕਰ ਹੋਣ ਕਾਰਨ ਭਿਆਨਕ ਹਾਦਸਾ ਵਾਪਰ ਗਿਆ। ਇਸ ਹਾਦਸੇ ਵਿਚ ਆਪਣੇ ਭਰਾ ਦੇ ਨਾਲ ਜਾ ਰਹੇ ਵਿਅਕਤੀ ਦੀ ਮੌਤ ਹੋ ਗਈ। ਥਾਣਾ ਨੰਬਰ 8 ਦੀ ਪੁਲਸ ਨੇ ਰੈਸ਼ ਡਰਾਈਵਿੰਗ ਕਰਨ ਵਾਲੇ ਸਪਲੈਂਡਰ ਬਾਈਕ ਚਾਲਕ ਖ਼ਿ?ਲਾਫ ਕੇਸ ਦਰਜ ਕਰ ਲਿਆ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਨਿਖਿਲ ਪੁੱਤਰ ਪਵਨ ਕੁਮਾਰ ਨਿਵਾਸੀ ਸਲੇਮਪੁਰ ਨੇ ਦੱਸਿਆ ਕਿ ਉਹ ਆਪਣੇ ਭਰਾ ਹਨੀ ਨਾਲ ਪਲਸਰ ਬਾਈਕ 'ਤੇ ਸਵਾਰ ਹੋ ਕੇ ਕੰਮ ਤੋਂ ਛੁੱਟੀ ਕਰਕੇ ਘਰ ਮੁੜ ਰਿਹਾ ਸੀ। ਜਿਉਂ ਹੀ ਉਹ ਗਦਾਈਪੁਰ ਮਾਰਕੀਟ ਵਿਚ ਪਹੁੰਚੇ ਤਾਂ ਸਾਹਮਣਿਓਂ ਕਾਫੀ ਤੇਜ ਰਫਤਾਰ ਨਾਲ ਆਏ ਸਪਲੈਂਡਰ ਬਾਈਕ ਦੇ ਚਾਲਕ ਨੇ ਉਨ੍ਹਾਂ ਦੀ ਬਾਈਕ ਵਿਚ ਟੱਕਰ ਮਾਰ ਦਿੱਤੀ। ਟੱਕਰ ਇੰਨੀ ਭਿਆਨਕ ਸੀ ਕਿ ਹਨੀ ਨੂੰ ਗੰਭੀਰ ਸੱਟਾਂ ਲੱਗੀਆਂ ਪਰ ਕੁਝ ਸਮੇਂ ਬਾਅਦ ਹੀ ਉਸ ਨੇ ਦਮ ਤੋੜ ਦਿੱਤਾ। ਪੁਲਸ ਨੇ ਨਿਖਿਲ ਦੇ ਬਿਆਨਾਂ ਦੇ ਸਪਲੈਂਡਰ ਬਾਈਕ ਦੇ ਚਾਲਕ ਮੁਨੀਸ਼ ਪੁੱਤਰ ਜਲੇਸ਼ ਨਿਵਾਸੀ ਸਵਰਨ ਪਾਰਕ ਖ਼ਿ?ਲਾਫ ਕੇਸ ਦਰਜ ਕਰ ਲਿਆ ਹੈ। ਪੁਲਸ ਨੇ ਹਨੀ ਦੀ ਲਾਸ਼ ਪੋਸਟਮਾਰਟਮ ਕਰਵਾ ਕੇ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਹੈ।

# ਸੰਦੀਪ ਨੰਗਲ ਅੰਬੀਆਂ ਕਤਲ ਕਾਂਡ 'ਚ ਸ਼ਾਮਲ ਇਨ੍ਹਾਂ ਮਸ਼ਹੂਰ ਗੈਂਗਸਟਰਾਂ ਬਾਰੇ ਖੁੱਲ੍ਹੀਆਂ ਹੈਰਾਨੀਜਨਕ ਪਰਤਾਂ

**ਏਜੰਸੀਆਂ**

ਲੁਧਿਆਣਾ/ਜਲੰਧਰ 21 ਸਤੰਬਰ। ਜਲੰਧਰ ਵਿਖੇ ਕਬੱਡੀ ਟੂਰਨਾਮੈਂਟ ਦੌਰਾਨ ਪ੍ਰਸਿੱਧ ਕਬੱਡੀ ਖਿਡਾਰੀ ਸੰਦੀਪ ਨੰਗਲ ਅੰਬੀਆਂ ਨੂੰ ਕਈ ਗੋਲੀਆਂ ਮਾਰ ਕੇ ਕਤਲ ਕਰਨ ਵਾਲੇ ਗਿਰੋਹ ਦੇ ਮੁੱਖ ਨਿਸ਼ਾਨੇਬਾਜ਼ ਪੁਨੀਤ ਜਲੰਧਰ ਅਤੇ ਨਰਿੰਦਰ ਲੱਲੀ ਰਾਜਸਥਾਨ ਦੇ ਜੈਪੁਰ 'ਚ ਸਥਿਤ ਇਕ ਹੋਟਲ ਮਾਲਕ ਤੋਂ ਕਰੋੜਾਂ ਰੁਪਏ ਦੀ ਫਿਰੌਤੀ ਦੀ ਮੰਗ ਦੌਰਾਨ ਪਿਛਲੇ ਹਫਤੇ ਗੋਲੀਆਂ ਚਲਾਉਂਦੇ ਨਜ਼ਰ ਆਏ, ਜਿਸ ਤੋਂ ਬਾਅਦ ਪੰਜਾਬ ਪੁਲਸ ਅਤੇ ਹੋਰ ਸੁਰੱਖਿਆ ਏਜੰਸੀਆਂ ਨੇ ਉਨ੍ਹਾਂ ਦੀ ਭਾਲ ਸ਼ੁਰੂ ਕਰ ਦਿੱਤੀ ਸੀ। ਦੱਸਿਆ ਜਾ ਰਿਹਾ ਹੈ ਕਿ ਵਿਦੇਸ਼ ਤੋਂ ਬੰਬੀਹਾ ਗੈਂਗ ਚਲਾਉਣ ਵਾਲੇ ਲੱਕੀ ਪਟਿਆਲ ਦੇ ਇਸ਼ਾਰੇ 'ਤੇ ਸੰਦੀਪ ਨੰਗਲ ਅੰਬੀਆਂ ਦਾ ਮਾਰਚ 2022 'ਚ ਉਸ ਸਮੇਂ ਕਤਲ ਕਰ ਦਿੱਤਾ ਗਿਆ ਸੀ, ਜਦੋਂ ਉਹ ਜਲੰਧਰ ਦੇ ਇਕ ਪਿੰਡ 'ਚ ਚੱਲ ਰਹੇ ਕਬੱਡੀ ਟੂਰਨਾਮੈਂਟ 'ਚ ਹਿੱਸਾ ਲੈਣ ਗਿਆ ਸੀ। ਇਸ ਕਤਲੇਆਮ 'ਚ ਕਬੱਡੀ ਜਗਤ ਦੇ ਕਈ ਵੱਡੇ ਪ੍ਰਮੋਟਰਾਂ ਦੇ ਨਾਂ ਵੀ ਸਾਹਮਣੇ ਆਏ ਹਨ ਪਰ ਇਸ ਕਤਲੇਆਮ ਨੂੰ ਅੰਜਾਮ ਦੇਣ ਵਾਲੇ ਮੁੱਖ ਨਿਸ਼ਾਨੇਬਾਜ਼ ਹੈਰੀ ਮੋਡ ਅਤੇ ਹੈਰੀ ਰਾਜਪੁਰਾ ਨੂੰ ਪਿਛਲੇ ਸਾਲ ਜਲੰਧਰ ਪੁਲਸ ਨੇ ਗ੍ਰਿਫਤਾਰ ਕਰ ਲਿਆ ਸੀ। ਇਸ ਮਾਮਲੇ 'ਚ ਨਾਮਜ਼ਦ ਕੀਤੇ ਵਿਅਕਤੀ ਘਟਨਾ ਤੋਂ ਬਾਅਦ ਲਗਾਤਾਰ ਫਰਾਰ ਸਨ ਅਤੇ ਪੰਜਾਬ ਪੁਲਸ ਦੀਆਂ ਟੀਮਾਂ ਉਨ੍ਹਾਂ ਦੀ ਭਾਲ 'ਚ ਰੁੱਝੀਆਂ ਹੋਈਆਂ ਸਨ, ਜੋਕਿ ਨਾ ਸਿਰਫ ਪੰਜਾਬ 'ਚ ਸਗੋਂ ਹਰਿਆਣਾ, ਦਿੱਲੀ ਅਤੇ ਰਾਜਸਥਾਨ 'ਚ ਵੀ ਅਪਰਾਧਿਕ ਵਾਰਦਾਤਾਂ ਨੂੰ



ਅੰਜਾਮ ਦੇ ਚੁੱਕੇ ਸਨ। ਪੁਲਸ ਉਨ੍ਹਾਂ ਤੱਕ ਨਹੀਂ ਪਹੁੰਚ ਸਕੀ। ਇਸੇ ਦੌਰਾਨ 8 ਸਤੰਬਰ 2024 ਨੂੰ ਰਾਜਸਥਾਨ ਦੇ ਜੈਪੁਰ ਸ਼ਹਿਰ 'ਚ ਸਥਿਤ ਇਕ ਹੋਟਲ 'ਚ ਇਕ ਘਟਨਾ ਵਾਪਰੀ, ਜਿਸ 'ਚ ਇਕ ਮੋਟਰਸਾਈਕਲ ਸਵਾਰ 2 ਸ਼ੂਟਰਾਂ ਨੇ ਕਈ ਰੌਂਦ ਫਾਇਰ ਕੀਤੇ ਅਤੇ ਹੋਟਲ ਮਾਲਕ ਤੋਂ ਕਰੋੜਾਂ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਤਾਂ ਸਥਾਨਕ ਪੁਲਸ ਨੇ ਜਾਂਚ ਸ਼ੁਰੂ ਕੀਤੀ। ਹੋਟਲ 'ਚ ਲੱਗੇ ਸੀ. ਸੀ. ਟੀ. ਵੀ. ਦੀ ਫੁਟੇਜ ਨੂੰ ਖੰਗਾਲ ਕੇ ਜਨਤਕ ਕੀਤਾ ਤਾਂ ਇਹ ਸਪੱਸ਼ਟ ਹੋ ਗਿਆ ਹੈ ਕਿ ਅੰਬੀਆਂ ਕਤਲ ਕਾਂਡ 'ਚ 2 ਮੁੱਖ ਸ਼ੂਟਰ ਲਾਲੀ ਸ਼ਰਮਾ ਅਤੇ ਪੁਨੀਤ ਜਲੰਧਰ, ਜਿਨ੍ਹਾਂ ਦੀ ਜਲੰਧਰ ਪੁਲਸ ਸਾਲਾਂ ਤੋਂ ਭਾਲ ਕਰ ਰਹੀ ਸੀ, ਉਸ 'ਚ ਵੀ ਸ਼ਾਮਲ ਸਨ। ਹੋਟਲ 'ਚ ਗੋਲੀਬਾਰੀ ਦੀਆਂ ਦਰਜਨਾਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ ਸੀ ਅਤੇ ਨਾਮੀ ਗੈਂਗਸਟਰ ਕੌਸ਼ਲ ਚੌਧਰੀ ਅਤੇ ਅਮਰ ਡਾਗਰ ਗੈਂਗ ਵੱਲੋਂ ਉਕਤ ਹੋਟਲ ਸੰਚਾਲਕ ਤੋਂ ਕਰੋੜਾਂ ਰੁਪਏ ਦੀ ਫਿਰੌਤੀ ਮੰਗੀ ਗਈ ਸੀ, ਜਿਸ ਤੋਂ ਬਾਅਦ ਹੁਣ ਪੰਜਾਬ ਪੁਲਸ ਖਾਸ ਕਰਕੇ ਜਲੰਧਰ ਪੁਲਸ ਉਨ੍ਹਾਂ ਨੂੰ ਲੱਭ ਰਹੀ ਹੈ। ਸੀ. ਸੀ. ਟੀ. ਵੀ. ਫੁਟੇਜ 'ਚ ਸਾਫ ਵੇਖਿਆ ਜਾ ਸਕਦਾ ਹੈ ਕਿ 6 ਫੁੱਟ ਲੰਬੇ ਪੁਨੀਤ ਜਲੰਧਰੀ ਨੇ ਬੇਖੌਫ ਹੋ ਕੇ ਇਕ ਹੋਰ ਗੈਂਗਸਟਰ ਲਾਲੀ ਵੱਲੋਂ ਹੱਥ 'ਚ ਫੜੀ ਪਿਸਤੌਲ ਨਾਲ ਹੋਟਲ 'ਚ ਕਈ ਦਰਜਨ ਗੋਲੀਆਂ ਚਲਾਈਆਂ। ਘਟਨਾ ਦੌਰਾਨ ਦੋਵੇਂ ਆਰਾਮ ਨਾਲ ਮੋਟਰਸਾਈਕਲ 'ਤੇ ਭੱਜ ਗਏ, ਦੋਵੇਂ ਨਾ ਸਿਰਫ ਬੇਖੌਫ ਦਿਖਾਈ ਦੇ ਰਹੇ ਸਨ, ਸਗੋਂ ਹੋਟਲ ਦੇ ਆਲੇ-ਦੁਆਲੇ ਘੁੰਮ ਰਹੇ ਸਨ ਅਤੇ ਗੋਲੀਆਂ ਚਲਾ ਰਹੇ ਸਨ।

# ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਲਗਾਇਆ ਗਿਆ ਜਾਗਰੂਕਤਾ ਕੈਂਪ

**ਏਜੰਸੀਆਂ**

ਦੀਨਾਨਗਰ 21 ਸਤੰਬਰ। ਆਈ.ਈ.ਸੀ. ਅਧੀਨ ਮਾਨਯੋਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਾਨਯੋਗ ਐੱਸ.ਡੀ.ਐੱਮ. ਦੀਨਾਨਗਰ ਅਤੇ ਮੁੱਖ ਖੇਤੀਬਾੜੀ ਅਫਸਰ ਗੁਰਦਾਸਪੁਰ ਡਾਕਟਰ ਸੁਰਿੰਦਰ ਪਾਲ ਸਿੰਘ ਦੀ ਰਹਿਨੁਮਾਈ ਹੇਠ ਅਤੇ ਡਾਕਟਰ ਬਲਜਿੰਦਰ ਸਿੰਘ ਬੈਂਸ ਬਲਾਕ ਖੇਤੀਬਾੜੀ ਅਫਸਰ ਦੀਨਾਨਗਰ, ਮੋਹਣ ਸਿੰਘ ਵਾਹਲਾ ਖੇਤੀਬਾੜੀ ਵਿਸਥਾਰ ਅਫਸਰ ਗਾਹਲੜੀ ਦੀ ਦੇਖ ਰੇਖ ਹੇਠ ਪਿੰਡ ਭਾਗੋਕਾਵਾਂ ਵਿੱਚ ਸਟੱਬਲ ਬਰਨਿੰਗ ਸਬੰਧੀ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ 125 ਕਿਸਾਨਾਂ ਨੇ ਹਿੱਸਾ ਲਿਆ। ਕੈਂਪ ਨੂੰ ਸੰਬੋਧਨ ਕਰਦੇ ਹੋਏ ਮਾਨਯੋਗ ਐੱਸ.ਡੀ.ਐੱਮ. ਦੀਨਾਨਗਰ ਗੁਰਦੇਵ ਸਿੰਘ ਧਮ ਨੇ ਸਟੱਬਲ ਬਰਨਿੰਗ ਰੋਕਣ ਲਈ ਖੇਤੀਬਾੜੀ ਵਿਭਾਗ ਅਤੇ ਹੋਰ ਮਹਿਕਮਿਆਂ ਦੇ ਅਧਿਕਾਰੀਆਂ ਨੂੰ ਪਿੰਡਾਂ ਵਿੱਚ ਜਾਗਰੂਕਤਾ ਕੈਂਪ ਲਗਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਅਧਿਕਾਰੀ ਕਰਮਚਾਰੀ ਸਟੱਬਲ ਬਰਨਿੰਗ ਦੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਇਸ ਮੌਕੇ ਡਾ. ਦਿਲਰਾਜ ਸਿੰਘ ਖੇਤੀਬਾੜੀ ਵਿਕਾਸ ਅਫਸਰ ਟ੍ਰੇਨਿੰਗ ਗੁਰਦਾਸਪੁਰ ਨੇ ਝੋਨੇ ਦੀ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਲਈ ਪ੍ਰੇਰਿਤ ਕੀਤਾ ਅਤੇ ਪੀ.ਐੱਮ. ਕਿਸਾਨ ਸਨਮਾਨ ਨਿਧੀ ਯੋਜਨਾ ਬਾਰੇ ਜਾਣਕਾਰੀ ਦਿੱਤੀ। ਡਾ. ਬਲਜਿੰਦਰ ਸਿੰਘ ਬੈਂਸ ਖੇਤੀਬਾੜੀ ਅਫ਼ਸਰ ਦੀਨਾਨਗਰ ਨੇ ਕਿਸਾਨਾਂ ਨੂੰ ਸਬਸਿਡੀ 'ਤੇ ਮੁਹੱਈਆ ਕਰਵਾਈ ਗਈ ਮਸ਼ੀਨਰੀ ਨੂੰ ਸੁਚੱਜੇ ਢੰਗ ਨਾਲ ਵਰਤਣ ਦੀ ਅਪੀਲ ਕੀਤੀ ਉਨ੍ਹਾਂ ਬਲਾਕ ਵਿਚ ਵੱਖ-ਵੱਖ ਚਲਦੀਆਂ ਸਕੀਮਾਂ, ਵੱਖ-ਵੱਖ ਫ਼ਸਲਾਂ ਦੇ ਨਿਰੀਖਣ ਸਬੰਧੀ ਕਿਸਾਨਾਂ ਨਾਲ ਵਿਚਾਰ ਵਟਾਂਦਰਾ ਕੀਤਾ। ਪਰਗਟ ਸਿੰਘ ਜੂਨੀਅਰ ਟੈਕਨੀਸ਼ੀਅਨ ਨੇ ਕਿਹਾ ਕਿ ਜੇਕਰ ਕੋਈ ਕਿਸਾਨ ਜਾ ਕਿਸਾਨ ਗਰੁੱਪ ਅਜੇ ਵੀ ਪਰਾਲੀ ਪ੍ਰਬੰਧਨ ਨਾਲ ਸੰਬੰਧਤ ਕੋਈ ਮਸ਼ੀਨਰੀ ਲੈਣੀ ਚਾਹੁੰਦਾ ਹੋਵੇ ਤਾਂ ਉਹ ਪੰਜਾਬ ਸਰਕਾਰ ਵੱਲੋਂ ਖੋਲ੍ਹੇ ਗਏ ਪੋਰਟਲ 'ਤੇ ਰਜਿਸਟਰ ਕਰਵਾ ਸਕਦਾ ਹੈ, ਜਿਸ ਵਿਚ ਕਿਸਾਨ ਆਪਣੀ ਅਰਜੀ ਦੇ ਕੇ ਮਸ਼ੀਨਰੀ ਪ੍ਰਾਪਤ ਕਰ ਸਕਦਾ ਹੈ। ਕੈਂਪ ਨੂੰ ਸੰਬੋਧਨ ਕਰਦਿਆਂ ਡਾ. ਮੋਹਣ ਸਿੰਘ ਵਾਹਲਾ ਖੇਤੀਬਾੜੀ ਵਿਸਥਾਰ ਅਫਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਵਾਤਾਵਰਣ ਨੂੰ ਬਚਾਉਣ ਲਈ ਪਰਾਲੀ ਨੂੰ ਅੱਗ ਨਾ ਲਾਉਣ ਕਿਉਂਕਿ ਅੱਗ ਲਾਉਣ ਨਾਲ ਮਿੱਤਰ ਕੀੜੇ ਮਰ ਜਾਂਦੇ ਹਨ। ਜਮੀਨ ਦੀ ਉਪਜਾਊ ਸ਼ਕਤੀ ਵਧਾਉਣ ਲਈ ਹੁਣ ਕਿਸਾਨਾਂ ਕੋਲ ਰਸਾਇਣਕ ਖਾਦਾਂ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਹੈ ਕਿਉਂਕਿ ਪਿੰਡਾਂ ਵਿਚ ਪਸ਼ੂਆਂ ਦੀ ਘਾਟ ਹੋਣ ਕਾਰਨ ਰੂੜੀ ਖਾਦ ਉਪਲੱਬਧ ਨਹੀਂ ਹੈ ਸੋ ਉਨ੍ਹਾਂ ਰਸਾਇਣਕ ਖਾਦਾਂ ਮਾਤਰਾ ਘਟਾਉਣ ਲਈ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਮਿਲਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇੱਕ ਏਕੜ ਖੇਤ ਦੀ ਪਰਾਲੀ ਸਾੜਨ ਨਾਲ ਕਿਸਾਨ ਨੂੰ 5,200




ਰੁਪਏ ਦਾ ਨੁਕਸਾਨ ਹੁੰਦਾ ਹੈ। ਪਰਾਲੀ ਸਾੜਨ ਨਾਲ ਜਮੀਨ ਵਿੱਚ ਨਾਈਟ੍ਰੋਜਨ, ਫਾਸਫੋਰਸ, ਪੋਟਾਸ਼, ਗੰਧਕ ਅਤੇ ਜੈਵਿਕ ਪਦਾਰਥ ਨਸ਼ਟ ਹੋ ਜਾਂਦੇ ਹਨ। ਖੇਤਾਂ ਨੂੰ ਬੰਜਰ ਹੋਣ ਤੋਂ ਬਚਾਉਣ ਲਈ ਪਰਾਲੀ ਨੂੰ ਖੇਤਾਂ ਵਿੱਚ ਵਾਹੁਣ ਦੀ ਅਪੀਲ ਕੀਤੀ। ਇਸ ਮੌਕੇ ਸ਼ੋਭਾ ਸਿੰਘ ਉੱਨਤ ਕਿਸਾਨਾਂ ਨੇ ਵਿਸ਼ਵਾਸ਼ ਦਿਵਾਇਆ ਕਿ ਸਾਡੇ ਇਲਾਕੇ ਵਿਚ ਕੋਈ ਵੀ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਏਗਾ। ਕੈਂਪ ਵਿਚ ਡਾ. ਨਵਦੀਪ ਸਿੰਘ ਬਾਗਬਾਨੀ ਵਿਭਾਗ ਗੁਰਦਾਸਪੁਰ ਨੇ ਕਿਸਾਨਾਂ ਨੂੰ ਸਬਜੀਆਂ ਅਤੇ ਬਾਗਾਂ ਸੰਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਤੇ ਮਾਨਯੋਗ ਐੱਸ.ਡੀ.ਐੱਮ. ਦੀਨਾਨਗਰ ਅਤੇ ਹੋਰ ਅਧਿਕਾਰੀਆਂ ਦੀ ਹਾਜਰੀ ਵਿਚ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਸਹੁੰ ਚੁਕਾਈ ਗਈ। ਇਸ ਕੈਂਪ ਵਿੱਚ ਬੀ.ਟੀ.ਐੱਮ. ਰਵਿੰਦਰ ਠਾਕੁਰ, ਖੇਤੀਬਾੜੀ ਵਿਸਥਾਰ ਅਫਸਰ ਸੁਦੇਸ਼ ਕੁਮਾਰ, ਰਾਜੇਸ਼ ਕੁਮਾਰ ਖੇਤੀਬਾੜੀ ਵਿਸਥਾਰ ਅਫਸਰ, ਖੇਤੀਬਾੜੀ ਉਪ ਨਿਰੀਖਕ ਅਸ਼ੋਕ ਕੁਮਾਰ ਬਲਵਿੰਦਰ ਸਿੰਘ ਖੇਤੀਬਾੜੀ ਉਪ ਨਿਰੀਖਕ, ਮੁਨੀਸ਼ ਕੁਮਾਰ ਖੇਤੀਬਾੜੀ ਉਪ ਨਿਰੀਖਕ, ਅਜਮੇਰ ਸਿੰਘ ਬੇਲਦਾਰ, ਵੱਖ-ਵੱਖ ਪਿੰਡਾਂ ਦੇ ਨੋਡਲ ਅਫਸਰ, ਰਣਜੀਤ ਸਿੰਘ, ਬਲਬੀਰ ਸਿੰਘ, ਸੁਰਿੰਦਰ ਸਿੰਘ ਉੱਚਾ ਧਕਾਲਾ ਆਦਿ ਹਾਜ਼ਰ ਸਨ।

## 1 ਹਫਤੇ 'ਚ 3 ਤਲਾਕ ਦੇ ਦੋ ਮਾਮਲਿਆਂ 'ਚ 16 ਲੋਕਾਂ ਖਿਲਾਫ ਕੇਸ ਦਰਜ

ਗੋਂਡਾ 21 ਸਤੰਬਰ। ਗੋਂਡਾ ਜ਼ਿ?ਲ੍ਹੇ ਦੀ ਪੁਲਸ ਨੇ ਇਕ ਹਫਤੇ 'ਚ ਤਿੰਨ ਤਲਾਕ ਦੇ ਦੋ ਵੱਖ-ਵੱਖ ਮਾਮਲਿਆਂ 'ਚ 16 ਵਿਅਕਤੀਆਂ ਖ਼ਿ?ਲਾਫ ਕੇਸ ਦਰਜ ਕੀਤਾ ਹੈ। ਅਧਿਕਾਰੀਆਂ ਨੇ ਇਸ ਗੱਲ ਦੀ ਜਾਣਕਾਰੀ ਦਿੱਤੀ ਹੈ। ਪੁਲਸ ਸੁਪਰਡੈਂਟ (ਐੱਸਪੀ) ਵਿਨੀਤ ਜੈਸਵਾਲ ਨੇ ਸਨੀਵਾਰ ਨੂੰ ਦੱਸਿਆ ਕਿ ਹਿਨਾ ਬਾਨੋ (22) ਨੇ ਆਪਣੇ ਪਤੀ ਲਾਸ ਮੁਹੰਮਦ ਅਤੇ ਮੌਜਾ ਖਾਨਪੁਰ (ਰੁਸਤਮ ਨਗਰ) ਦੇ ਅੱਠ ਹੋਰ ਪਰਿਵਾਰਕ ਮੈਂਬਰਾਂ ਦੇ ਖ਼ਿ?ਲਾਫ ਕਟੜਾ ਬਾਜਾਰ ਥਾਣੇ ਵਿੱਚ ਐਫਆਈਆਰ ਦਰਜ ਕਰਵਾਈ ਹੈ। ਅਧਿਕਾਰੀ ਅਨੁਸਾਰ ਬਾਨੋ ਦਾ ਦੋਸ ਹੈ ਕਿ ਲਾਸ ਮੁਹੰਮਦ ਨੇ ਉਸ ਦਾ ਸਰੀਰਕ ਅਤੇ ਮਾਨਸਿਕ ਸੋਸਣ ਕਰਨ ਦੇ ਨਾਲ-ਨਾਲ ਦਾਜ ਦੀ ਮੰਗ ਵੀ ਕੀਤੀ ਹੈ। ਉਸਨੇ ਦੋਸ ਲਗਾਇਆ ਕਿ ਉਸਨੇ ਆਪਸੀ ਸਹਿਮਤੀ ਨਾਲ ਤਲਾਕ ਦੇਣ ਤੋਂ ਇਨਕਾਰ ਕਰ ਦਿੱਤਾ, ਜਿਸ ਤੋਂ ਬਾਅਦ ਉਸਦੇ ਪਤੀ ਨੇ ਅਕਤੂਬਰ 2023 ਵਿੱਚ ਉਸਨੂੰ ਤਿੰਨ ਤਲਾਕ ਦੇ ਦਿੱਤਾ। ਤੀਹਰੇ ਤਲਾਕ ਦਾ ਦੂਜਾ ਮਾਮਲਾ ਕੋਤਵਾਲੀ ਨਗਰ ਥਾਣੇ ਦਾ ਹੈ, ਜਿੱਥੇ ਮਾਨੀਪੁਰ ਦੀ ਰਹਿਣ ਵਾਲੀ ਸੋਬੀ (24) ਨੇ ਆਪਣੇ ਪਤੀ ਸਮੇਤ ਸੱਤ ਲੋਕਾਂ ਖ਼ਿ?ਲਾਫ ਤਿੰਨ ਤਲਾਕ ਦਾ ਕੇਸ ਦਰਜ ਕਰਵਾਇਆ ਹੈ। ਸੋਬੀ ਦਾ ਦੋਸ ਹੈ ਕਿ ਉਸ ਦਾ ਪਤੀ ਦਿਲਨਵਾਜ ਅਤੇ ਉਸ ਦੇ ਸਹੁਰੇ ਵਾਲੇ ਛੇ ਹੋਰ ਲੋਕ ਉਸ ਨੂੰ ਦਾਜ ਲਈ ਤੰਗ-ਪ੍ਰੇਸਾਨ ਕਰਦੇ ਸਨ। ਉਸ ਦਾ ਦੋਸ ਹੈ ਕਿ 27 ਅਗਸਤ 2024 ਨੂੰ ਦਿਲਨਵਾਜ ਨੇ ਉਸ ਨੂੰ ਤਿੰਨ ਤਲਾਕ ਦਿੱਤਾ ਸੀ। ਐਸਪੀ ਨੇ ਕਿਹਾ ਕਿ ਦੋਵਾਂ ਮਾਮਲਿਆਂ ਵਿੱਚ ਸਬੂਤ ਇਕੱਠੇ ਕਰਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।